@Qpatrika
@qaumipatrika punjabi
instagram.com/ qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Punjabi National Daily

Qaumi Patrika NO.1

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Sunday, 28 September 2025

VISIT:
www.qaumipatrika.org
Email: qpatrika@gmail.com

ਨਵੀਂ ਦਿੱਲੀ: ਐਤਵਾਰ 28 ਸਤੰਬਰ 2025, 14 ਅੱਸੂ ਨਾਨਕਸ਼ਾਹੀ ਸੰਮਤ 555 (ਸਫ਼ੇ–12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 43, ਅੰਕ 319, qpatrika@gmail.com ਫੋਨ : 9971359517 www.qaumipatrika.org

GOVT. OF PUNJAB

ਸ਼ਹੀਦ-ਏ-ਆਜ਼ਮ

# ਸਰਦਾਰ ਭਗਤ ਸਿੰਘ

ਦੇ ਅਧੂਰੇ ਸੁਪਨਿਆਂ ਨੂੰ ਪੂਰਾ ਕਰਦੇ ਹੋਏ



## 118ਵੇਂ ਜਨਮ ਦਿਵਸ ਮੌਕੇ ਕੋਟਿ-ਕੋਟਿ ਨਮਨ

### ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੇ ਕ੍ਰਾਂਤੀਕਾਰੀ ਕਦਮ

- 90% ਘਰਾਂ ਵਿੱਚ **0 ਬਿਜਲੀ ਬਿੱਲ**
- **55,201 ਨੌਜਵਾਨਾਂ** ਨੂੰ ਸਰਕਾਰੀ ਨੌਕਰੀਆਂ
- **2.77 ਲੱਖ** ਤੋਂ ਜ਼ਿਆਦਾ ਪ੍ਰਾਈਵੇਟ ਸੈਕਟਰ ਵਿੱਚ ਨੌਕਰੀਆਂ
- ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ **17,904 ਐੱਫ.ਆਈ.ਆਰ. ਦਰਜ ਅਤੇ 27,719 ਨਸ਼ਾ ਤਸਕਰ ਗ੍ਰਿਫ਼ਤਾਰ**
- ਪੰਜਾਬ ਦੇ ਹਰ ਪਰਿਵਾਰ ਨੂੰ **₹10 ਲੱਖ ਦਾ ਸਿਹਤ ਬੀਮਾ**
- ਪੇਂਡੂ ਖੇਤਰਾਂ ਵਿੱਚ **3,000 ਨਵੇਂ ਵਿਸ਼ਵ-ਪੱਧਰੀ ਖੇਡ ਮੈਦਾਨ**
- 881 ਆਮ ਆਦਮੀ ਕਲੀਨਿਕ, **ਕੁੱਲ 4.04 ਕਰੋੜ ਮਰੀਜ਼ਾਂ ਨੇ ਇਲਾਜ ਕਰਵਾਇਆ**
- **118 ਨਵੇਂ ਸਕੂਲ** ਆਫ਼ ਐਮੀਨੈਂਸ



ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ ਪੰਜਾਬ

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

# ਨਸ਼ਿਆਂ ਦੀ ਰੋਕਥਾਮ ਸਬੰਧੀ ਸੈਮੀਨਾਰ ਦਾ ਆਯੋਜਨ

**ਕੌਮੀ ਪਤ੍ਰਿਕਾ**

ਸੰਗਰੂਰ, 27 ਸਤੰਬਰ। ਸਮਾਜਿਕ ਸੁਰੱਖਿਆ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਸੰਗਰੂਰ ਵੱਲੋਂ ਨਸ਼ਾ ਮੁਕਤ ਭਾਰਤ ਅਭਿਆਨ ਮੁਹਿੰਮ ਤਹਿਤ ਅੱਜ ਸਰਕਾਰੀ ਐਡਿਟੋਰੀਅਮ ਵਿੱਚ ਡਿਪਟੀ ਕਮਿਸ਼ਨਰ ਸੰਗਰੂਰ ਜੀ ਦੀ ਅਗਵਾਈ ਹੇਠ ਨਸ਼ਿਆਂ ਦੀ ਰੋਕਥਾਮ ਸਬੰਧੀ ਸੈਮੀਨਾਰ ਦਾ ਆਯੋਜਨ ਕੀਤਾ ਗਿਆ, ਇਸ ਵਿੱਚ ਵੱਖ-ਵੱਖ ਸਕੂਲਾਂ ਕਾਲਜਾਂ ਅਤੇ ਇੰਸਟੀਚਿਊਸ਼ਨ ਦੇ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ, ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਸ ਅਮਰੀਕ ਸਿੰਘ ਨੇ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਕਰਵਾਏ ਗਏ ਇਹਨਾਂ ਸੈਮੀਨਾਰਾਂ ਬਾਰੇ ਜਾਣਕਾਰੀ ਦਿੱਤੀ, ਉਸ ਉਪਰੰਤ ਸਾਬਕਾ ਏਡੀਸੀ ਸੰਗਰੂਰ ਪ੍ਰੀਤਮ ਸਿੰਘ ਜੌਹਲ ਨੇ ਆਪਣੇ ਭਾਸ਼ਣ ਵਿੱਚ ਬੋਲਦੇ ਹੋਏ ਕਿਹਾ ਕਿ ਅੱਜ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਸਾਰੀਆਂ ਸਮਾਜਿਕ ਜਥੇਬੰਦੀਆਂ ਨੂੰ ਵੀ ਸਰਕਾਰ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਨਾ ਚਾਹੀਦਾ ਹੈ, ਇਸ ਉਪਰੰਤ ਸਾਬਕਾ ਏਡੀਸੀ ਸ੍ਰੀ ਵਿਜੇ ਸਿਆਲ ਨੇ ਆਪਣੇ ਨਸ਼ਾ ਮੁਕਤੀ ਸਬੰਧੀ ਵਿਚਾਰ ਪੇਸ਼ ਕਰਦੇ ਹੋਏ ਦੱਸਿਆ ਕਿ ਬਾਰਡਰ ਬੈਲਟ ਬਹੁਤ ਜਿਆਦਾ ਨਸ਼ਿਆਂ ਦੀ ਗ੍ਰਿਫਤ ਵਿੱਚ ਹੈ, ਇਸ ਉਪਰੰਤ ਸਮਾਜ ਸੇਵੀ ਮੋਹਨ ਸ਼ਰਮਾ ਨੇ ਆਪਣੇ ਭਾਸ਼ਣ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਣ ਦੇ ਲਈ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਸਾਨੂੰ ਸਾਰਿਆਂ ਨੂੰ ਇਸ ਤਰ੍ਹਾਂ ਦੀ ਮੁਹਿੰਮ ਚਲਾ ਕੇ ਆਉਣ ਵਾਲੀ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਯਤਨ ਕਰਨੇ ਚਾਹੀਦੇ ਹਨ, ਇਸ ਉਪਰੰਤ ਉਡਾਨ ਆਰਟ ਸੈਂਟਰ ਵੱਲੋਂ ਨਾਟਕ ਸੁਲਗਦੀ ਧਰਤੀ ਪੇਸ਼ ਕੀਤਾ ਗਿਆ, ਗੁਰਪਿਆਰ ਸਿੰਘ ਦੁਆਰਾ ਨਿਰਦੇਸ਼ਿਤ ਨਾਟਕ ਸਾਰੇ ਦਰਸ਼ਕਾਂ ਨੂੰ ਸੋਚਣ ਲਈ ਮਜਬੂਰ ਕਰ ਗਿਆ, ਜਿੰਨੀ ਦੇਰ ਨਾਟਕ ਚੱਲਦਾ ਰਿਹਾ ਤਾਂ ਦਰਸ਼ਕਾਂ ਦੀ ਅੱਖ ਨਮ ਰਹੀ, ਇਸ ਤੋਂ ਉਪਰੰਤ ਬਠਿੰਡਾ ਦੇ ਮੀਤ ਹਰਮੀਤ ਵੱਲੋਂ ਬਹੁਤ ਸੁੰਦਰ ਗੀਤ ਪੇਸ਼ ਕੀਤਾ ਗਿਆ, ਡਾ ਅਵਿਨਾਸ਼ ਰਾਣਾ (ਪ੍ਰੋਜੈਕਟ ਡਾਇਰੈਕਟਰ ਐਚਆਈਵੀ ਏਡਸ ਟੀ ਆਈ) ਨੇ ਬੋਲਦੇ ਹੋਏ ਕਿਹਾ ਕਿ ਜੇਕਰ ਸਮਾਜ ਸਰਕਾਰਾਂ ਅਤੇ ਆਵਾਮ ਕਿਸੇ ਕੁਰੀਤੀ ਨੂੰ ਖਤਮ ਕਰਨ ਤੇ ਲੱਗਦਾ ਹੈ ਤਾਂ ਉਹ ਕਰੀਤੀ ਹੌਲੀ ਹੌਲੀ ਖਤਮ ਹੋ ਜਾਂਦੀ ਹੈ, ਅੱਜ ਸਾਨੂੰ ਸਾਰਿਆਂ ਨੂੰ ਨਸ਼ਿਆਂ ਦੀ ਇਸ ਕੁਰੀਤੀ ਨੂੰ ਖਤਮ ਕਰਨ ਲਈ ਇੱਕ ਜੁੱਟ ਹੋ ਕੇ ਯਤਨ ਕਰਨੇ ਚਾਹੀਦੇ ਹਨ, ਇਸ ਮੌਕੇ ਆਪਣੇ ਭਾਸ਼ਣ ਦੌਰਾਨ ਬੋਲਦੇ ਹੋਏ ਡਾ. ਲਵਲੀਨ ਕੌਰ (ਡੀਐਸਐਸ ਓ ਸੰਗਰੂਰ) ਨੇ ਕਿਹਾ ਕਿ ਇਸਤਰੀ ਅਤੇ ਵਾਲ ਵਿਕਾਸ ਵਿਭਾਗ ਵੱਲੋਂ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇਹ ਸਮਾਗਮ ਕਰਵਾਏ ਜਾ ਰਹੇ ਹਨ ਉਹਨਾਂ ਦੱਸਿਆ ਕਿ ਇੱਕ ਐਲਈਡੀ ਸਕਰੀਨ ਵਾਲੀ ਵੈਨ ਜਿਲਾ ਸੰਗਰੂਰ ਦੇ ਵੱਖ-ਵੱਖ ਹਿੱਸਿਆਂ ਵਿੱਚ ਨਸ਼ਾ ਮੁਕਤੀ ਲਈ ਪ੍ਰਚਾਰ ਕਰੇਗੀ, ਇਸ ਵੈਨ ਦੀ ਸਕਰੀਨ ਉੱਪਰ ਨਸ਼ਿਆਂ ਨਾਲ ਸੰਬੰਧਿਤ ਸ਼ਾਰਟ ਵੀਡੀਓਜ ਚਲਾਈਆਂ ਜਾਣਗੀਆਂ। ਸਮਾਗਮ ਦੇ ਮੁੱਖ ਮਹਿਮਾਨ ਲਵਪ੍ਰੀਤ ਸਿੰਘ ਪੀਸੀਐਸ (ਅਸਿਸਟੈਂਟ ਕਮਿਸ਼ਨਰ) ਸੰਗਰੂਰ ਨੇ ਨੌਜਵਾਨਾਂ ਨੂੰ ਨਸ਼ੇ ਦੀ ਅਲਾਮਤ ਤੋਂ ਬਚਣ ਦੇ ਲਈ ਪ੍ਰੇਰਤ ਕੀਤਾ ਉਹਨਾਂ ਨੇ ਆਏ ਹੋਏ ਸਾਰੇ ਨੌਜਵਾਨਾਂ ਨੂੰ ਅਤੇ ਸਰੋਤਿਆਂ ਨੂੰ ਨਸ਼ਾ ਮੁਕਤੀ ਲਈ ਸੌਂਹ ਚੁਕਾਈ , ਅਤੇ ਉਨਾਂ ਵੱਲੋਂ ਐਲਈਡੀ ਵੈਨ ਨੂੰ ਝੰਡੀ ਵੀ ਦਿੱਤੀ ਗਈ।

## 200 ਤੋਂ ਵਧੇਰੇ ਦੇਸ਼ਾਂ 'ਚ ਜਾਂਦੀਆਂ ਨੇ ਇਹ ਭਾਰਤੀ ਦਵਾਈਆਂ

ਵੈੱਬ ਡੈਸਕ 27 ਸਤੰਬਰ। ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਅਤੇ ਆਉਣ ਵਾਲੀਆਂ ਚੋਣਾਂ ਲਈ ਰਿਪਬਲਿਕਨ ਉਮੀਦਵਾਰ, ਡੋਨਾਲਡ ਟਰੰਪ ਨੇ ਫਾਰਮਾਸਿਊਟੀਕਲ ਸੈਕਟਰ ਦੇ ਸੰਬੰਧ ਵਿੱਚ ਇੱਕ ਵੱਡਾ ਫੈਸਲਾ ਲਿਆ ਹੈ। ਵੀਰਵਾਰ ਨੂੰ, ਟਰੰਪ ਨੇ ਆਪਣੇ ਸੋਸ਼ਲ ਮੀਡੀਆ ਪਲੇਟਫਾਰਮ, ਟਰੂਥ ਸੋਸ਼ਲ 'ਤੇ ਪੋਸਟ ਕੀਤਾ, ਜਿਸ ਵਿੱਚ ਅਮਰੀਕਾ ਵਿੱਚ ਬ੍ਰਾਂਡੇਡ ਅਤੇ ਪੇਟੈਂਟ ਕੀਤੀਆਂ ਦਵਾਈਆਂ ਦੇ ਆਯਾਤ 'ਤੇ 100 ਫੀਸਦੀ ਟੈਰਿਫ ਲਗਾਉਣ ਦਾ ਐਲਾਨ ਕੀਤਾ ਗਿਆ। ਇਹ ਟੈਰਿਫ 1 ਅਕਤੂਬਰ, 2025 ਤੋਂ ਲਾਗੂ ਹੋਵੇਗਾ। ਟਰੰਪ ਦੇ ਫੈਸਲੇ ਤੋਂ ਬਾਅਦ, ਭਾਰਤ ਦਾ ਫਾਰਮਾਸਿਊਟੀਕਲ ਸੈਕਟਰ ਇੱਕ ਵਾਰ ਫਿਰ ਸੁਰਖੀਆਂ ਵਿੱਚ ਆ ਗਿਆ ਹੈ, ਕਿਉਂਕਿ ਭਾਰਤ ਅਮਰੀਕਾ ਨੂੰ ਸਭ ਤੋਂ ਵੱਧ ਦਵਾਈਆਂ ਨਿਰਯਾਤ ਕਰਦਾ ਹੈ। ਇਹ ਧਿਆਨ ਦੇਣ ਯੋਗ ਹੈ ਕਿ ਭਾਰਤੀ ਦਵਾਈਆਂ 200 ਤੋਂ ਵੱਧ ਦੇਸ਼ਾਂ ਨੂੰ ਨਿਰਯਾਤ ਕੀਤੀਆਂ ਜਾਂਦੀਆਂ ਹਨ। ਆਓ ਇਸ ਫੈਸਲੇ ਦੇ ਭਾਰਤ 'ਤੇ ਪ੍ਰਭਾਵ ਦੀ ਪੜਚੋਲ ਕਰੀਏ ਅਤੇ ਭਾਰਤ ਤੋਂ ਅਮਰੀਕਾ ਨੂੰ ਕਿਹੜੀਆਂ ਦਵਾਈਆਂ ਨਿਰਯਾਤ ਕੀਤੀਆਂ ਜਾਂਦੀਆਂ ਹਨ। ਭਾਰਤ ਦੁਨੀਆ ਦੇ ਸਭ ਤੋਂ ਵੱਡੇ ਫਾਰਮਾਸਿਊਟੀਕਲ ਨਿਰਯਾਤਕ ਦੇਸ਼ਾਂ ਵਿੱਚੋਂ ਇੱਕ ਹੈ। ਇੱਥੋਂ ਅਮਰੀਕਾ ਨੂੰ ਜੈਨਰਿਕ ਅਤੇ ਬ੍ਰਾਂਡੇਡ ਦੋਵੇਂ ਤਰ੍ਹਾਂ ਦੀਆਂ ਦਵਾਈਆਂ ਨਿਰਯਾਤ ਕੀਤੀਆਂ ਜਾਂਦੀਆਂ ਹਨ। ਹਾਲਾਂਕਿ, ਟਰੰਪ ਦੁਆਰਾ ਲਗਾਇਆ ਗਿਆ ਨਵਾਂ ਟੈਰਿਫ ਸਿਰਫ਼ ਬ੍ਰਾਂਡੇਡ ਅਤੇ ਪੇਟੈਂਟ ਕੀਤੀਆਂ ਦਵਾਈਆਂ 'ਤੇ ਲਾਗੂ ਹੋਵੇਗਾ, ਅਤੇ ਜੈਨੇਰਿਕ ਦਵਾਈਆਂ ਪ੍ਰਭਾਵਿਤ ਨਹੀਂ ਹੋਣਗੀਆਂ।

## ਸੜਕ ਹਾਦਸੇ 'ਚ ਨੌਜਵਾਨ ਦੀ ਮੌਤ

ਸਾਦਿਕ, 27 ਸਤੰਬਰ। ਬੀਤੀ ਰਾਤ ਸਾਦਿਕ-ਫਿਰੋਜ਼ਪੁਰ ਸੜਕ 'ਤੇ ਇਕ ਦਰਦਨਾਕ ਹਾਦਸੇ ਵਿੱਚ ਨੌਜਵਾਨ ਦੀ ਮੌਤ ਹੋ ਜਾਣ ਦਾ ਦੁਖਦਾਈ ਸਮਾਚਾਰ ਪ੍ਰਾਪਤ ਹੋਇਆ ਹੈ। ਮੌਕੇ 'ਤੇ ਜਾ ਕੇ ਇਕੱਤਰ ਕੀਤੀ ਜਾਣਕਾਰੀ ਅਨੁਸਾਰ ਪਿੰਡ ਢਿਲਵਾਂ ਖੁਰਦ ਵਾਲੇ ਪਾਸਿਓ ਇਕ ਟ?ਰੈਕਟਰ ਟਰਾਲੀ ਸਾਦਿਕ ਵੱਲ ਨੂੰ ਆ ਰਿਹਾ ਤੇ ਪਿੱਛੇ ਤੋਂ ਹੀ ਇਕ ਮੋਟਰਸਾਈਕਲ ਚਾਲਕ ਆ ਰਿਹਾ ਸੀ। ਹਨੇਰਾ ਹੋਣ ਕਰ ਕੇ ਮੋਟਰ ਸਾਈਕਲ ਸਵਾਰ ਨੂੰ ਟ?ਰੈਕਟਰ ਮਗਰ ਪਾਈ ਟਰਾਲੀ ਦਿਖਾਈ ਨਹੀ ਦਿੱਤੀ ਜਿਸ ਕਰ ਕੇ ਇਹ ਹਾਦਸਾ ਵਾਪਰ ਗਿਆ ਤੇ ਮੋਟਰਸਾਈਕਲ ਚਾਲਕ ਦਾ ਟਰਾਲੀ ਨਾਲ ਸਿਰ ਵੱਜਣ ਕਰਕੇ ਮੌਕੇ ਤੇ ਹੀ ਮੌਤ ਹੋ ਗਈ।ਸਥਾਨਕ ਲੋਕਾਂ ਨੇ ਥਾਣਾ ਸਾਦਿਕ ਤੇ ਐਬੂਲੈਂਸ ਨੂੰ ਸੂਚਿਤ ਕੀਤਾ।

## ਸ਼ਰਮਸਾਰ ਪੰਜਾਬ ! ਨਸ਼ੇ 'ਚ ਧੁੱਤ ਠੇਕੇਦਾਰ ਨੇ ਰਸੋਈਏ ਨੂੰ ਬਣਾਇਆ ਹਵਸ ਦਾ ਸ਼ਿਕਾਰ

ਸਿੱਧਵਾਂ ਬੇਟ 27 ਸਤੰਬਰ। ਥਾਣਾ ਸਿੱਧਵਾਂ ਬੇਟ ਇਲਾਕੇ ਵਿਚ ਇਕ ਔਰਤ ਨਾਲ ਜਬਰ-ਜ਼ਿਨਾਹ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਪੀੜਤਾ ਆਪਣੇ ਪਰਿਵਾਰ ਦਾ ਗੁਜ਼ਾਰਾ ਕਰਨ ਲਈ ਰਸੋਈਏ ਦਾ ਕੰਮ ਕਰਦੀ ਹੈ। ਇਹ ਘਟਨਾ ਉਸ ਸਮੇਂ ਵਾਪਰੀ, ਜਦੋਂ ਉਹ ਰਸੋਈ ਵਿਚ ਰੋਟੀਆਂ ਪਕਾ ਰਹੀ ਸੀ। ਮੁਲਜ਼ਮ ਦੀ ਪਛਾਣ ਮਨਦੀਪ ਸਿੰਘ ਵਾਸੀ ਆਂਡਲੂ ਵਜੋਂ ਹੋਈ ਹੈ। ਉਹ ਉਸਾਰੀ ਠੇਕੇਦਾਰ ਹੈ। ਘਟਨਾ ਵਾਲੇ ਦਿਨ ਮਨਦੀਪ ਸ਼ਰਾਬ ਦੇ ਨਸ਼ੇ ਵਿਚ ਧੁੱਤ ਸੀ ਤੇ ਔਰਤ ਨਾਲ ਜਬਰ-ਜ਼ਿਨਾਹ ਕੀਤਾ। ਔਰਤ ਵੱਲੋਂ ਘਟਨਾ ਸਬੰਧੀ ਪੁਲਸ ਨੂੰ ਸੂਚਿਤ ਕੀਤਾ ਗਿਆ। ਥਾਣਾ ਸਿੱਧਵਾਂ ਬੇਟ ਦੇ ਮੁਖੀ ਇੰਸ. ਹੀਰਾ ਸਿੰਘ ਨੇ ਦੱਸਿਆ ਕਿ ਕਥਿਤ ਦੋਸ਼ੀ ਖਿਲਾਫ ਥਾਣਾ ਸਿੱਧਵਾਂ ਬੇਟ ਵਿਖੇ ਮੁਕੱਦਮਾ ਦਰਜ ਕਰ ਕੇ ਅਗਲੇਰੀ ਕਾਵਾਈ ਆਰੰਭ ਦਿੱਤੀ ਹੈ।

## ਦਫ਼ਤਰ ਮੁੱਖ ਨਿਰਵਾਚਨ ਅਧਿਕਾਰੀ, ਦਿੱਲੀ

## OFFICE OF THE CHIEF ELECTORAL OFFICER, DELHI

**ਪੁਰਾਣਾ ਸੇਂਟ ਸਟੀਫਨ ਕੱਲਜ ਭਵਨ**
**ਕਸ਼ਮੀਰੀ ਗੇਟ, ਦਿੱਲੀ-110006**

**Old St. Stephen's College Building**
**Kashmere Gate, Delhi-110006**

Aceo.coe-dl@delhi.gov.in, conductofelection@gmail.com

### ਕਾਰਨ ਦੱਸੋ ਨੋਟਿਸ

**ਜਦੋਂ ਕਿ**, ਭਾਰਤ ਦੇ ਨਾਗਰਿਕਾਂ ਦੇ ਕਿਸੇ ਵੀ ਸੰਗਠਨ/ਸੰਸਥਾ ਦੀ ਇੱਕ ਰਾਜਨੀਤਿਕ ਪਾਰਟੀ ਵਜੋਂ ਰਜਿਸਟ੍ਰੇਸ਼ਨ ਲੋਕ ਪ੍ਰਤੀਨਿਧਤਾ ਐਕਟ, 1951 ਦੀ ਧਾਰਾ 29ਏ ਦੇ ਉਪਬੰਧਾਂ ਅਧੀਨ ਕੀਤੀ ਜਾਂਦੀ ਹੈ; ਅਤੇ

**ਜਦੋਂ ਕਿ**, ਉਕਤ ਧਾਰਾ 29ਏ ਦੇ ਤਹਿਤ ਚੋਣ ਠਤਯੋਗ ਨਾਲ ਇੱਕ ਰਾਜਨੀਤਿਕ ਪਾਰਟੀ ਵਜੋਂ ਐਸੋਸੀਏਸਨ ਦੇ ਰਜਿਸਟ੍ਰੇਸਨ ਦਾ ਉਦੇਸ ਉਕਤ ਧਾਰਾ ਵਿੱਚ ਹੀ ਦੱਸਿਆ ਗਿਆ ਹੈ, ਅਰਥਾਤ, ਲੋਕ ਪ੍ਰਤੀਨਿਧਤਾ ਐਕਟ, 1951 ਦੇ ਉਦੇਸਾਂ ਲਈ ਉਸ ਭਾਗ ਦੇ ਉਪਬੰਧਾਂ ਦਾ ਲਾਭ ਪ੍ਰਾਪਤ ਕਰਨਾ, ਜਿਸਦਾ ਅਰਥ ਹੈ ਉਕਤ ਐਕਟ ਦੇ ਤਹਿਤ ਠਤਯੋਗ ਦੁਆਰਾ ਆਯੋਜਿਤ ਚੋਣਾਂ ਵਿੱਚ ਭਾਗੀਦਾਰੀ; ਅਤੇ

**ਜਦੋਂ ਕਿ**, "ਰਾਜਨੀਤਿਕ ਪਾਰਟੀਆਂ" (ਅਨੁਲੱਗਨਕ-ਏ ਵਿੱਚ ਸੂਚੀ ਦੇ ਅਨੁਸਾਰ) ਨੂੰ ਐਕਟ ਦੀ ਧਾਰਾ 29ਏ ਦੇ ਤਹਿਤ ਇੱਕ ਰਾਜਨੀਤਿਕ ਪਾਰਟੀ ਵਜੋਂ ਰਜਿਸਟਰ ਕੀਤੀਆਂ ਗਈਆਂ ਸਨ, ਉਕਤ ਧਾਰਾ ਦੇ ਤਹਿਤ ਪਾਰਟੀ ਦੁਆਰਾ ਕੀਤੀ ਗਈ ਅਰਜੀ 'ਤੇ; ਅਤੇ

**ਜਦੋਂ ਕਿ**, ਆਯੋਗ ਨੇ ਸੰਵਿਧਾਨ ਦੇ ਅਨੁਛੇਦ 324 ਅਤੇ ਲੋਕ ਪ੍ਰਤੀਨਿਧਤਾ ਐਕਟ, 1951 ਦੀ ਧਾਰਾ 29 ਦੇ ਤਹਿਤ ਆਪਣੀਆਂ ਸਕਤੀਆਂ ਦੀ ਵਰਤੋਂ ਕਰਦੇ ਹੋਏ, ਰਾਜਨੀਤਿਕ ਪਾਰਟੀਆਂ ਦੀ ਰਜਿਸਟ੍ਰੇਸ਼ਨ ਲਈ ਦਿਸਾ-ਨਿਰਦੇਸ ਜਾਰੀ ਕੀਤੇ ਹਨ ਜੋ ਸਾਰੀਆਂ ਰਾਜਨੀਤਿਕ ਪਾਰਟੀਆਂ ਲਈ ਪਾਬੰਦ ਹਨ; ਅਤੇ

**ਜਦੋਂ ਕਿ**, ਰਾਜਨੀਤਿਕ ਪਾਰਟੀਆਂ ਦੀ ਰਜਿਸਟ੍ਰੇਸਨ ਲਈ ਦਿਸਾ-ਨਿਰਦੇਸਾਂ ਦੇ ਪੈਰਾ 3 (**xix**) ਵਿੱਚ ਕਿਹਾ ਗਿਆ ਹੈ ਕਿ ਰਜਿਸਟ੍ਰੇਸਨ ਲਈ ਅਰਜੀ ਦੇਣ ਵਾਲੀ ਪਾਰਟੀ ਇਹ ਯਕੀਨੀ ਬਣਾਉਂਦੀ ਹੈ ਕਿ ਪਾਰਟੀ ਸੰਵਿਧਾਨ ਵਿੱਚ ਇਹ ਘੋਸਣਾ ਸਾਮਲ ਹੈ ਕਿ ਪਾਰਟੀ ਆਪਣੀ ਸਾਲਾਨਾ ਆਡਿਟ ਰਿਪੋਰਟ ਠਤਯੋਗ ਨੂੰ ਜਮ੍ਹਾਂ ਕਰਵਾਏਗੀ; ਅਤੇ

**ਜਦੋਂ ਕਿ**, ਠਤਯੋਗ ਦੇ ਰਿਕਾਰਡ ਅਨੁਸਾਰ, ਰਾਜਨੀਤਿਕ ਪਾਰਟੀਆਂ (ਜਿਵੇਂ ਕਿ ਅਨੁਬੰਧ ਏ ਵਿੱਚ ਸੂਚੀਬੱਧ ਹੈ) ਨੇ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਵਿੱਤੀ ਸਾਲਾਂ 2021-2022, 2022-2023 ਅਤੇ 2023-2024 ਲਈ ਆਪਣੀਆਂ ਸਾਲਾਨਾ ਆਡਿਟ ਰਿਪੋਰਟਾਂ ਜਮ੍ਹਾਂ ਨਹੀਂ ਕਰਵਾਈਆਂ ਹਨ, ਅਤੇ

**ਜਦੋਂ ਕਿ**, ਠਤਯੋਗ ਨੇ ਚੋਣ ਖਰਚਿਆਂ ਅਤੇ ਪਾਰਟੀ ਫੰਡਾਂ ਵਿੱਚ ਪਾਰਦਰਸਤਾ ਅਤੇ ਜਵਾਬਦੇਹੀ ਬਾਰੇ ਦਿਸਾ-ਨਿਰਦੇਸ ਜਾਰੀ ਕੀਤੇ ਹਨ ਜੋ ਕਿ ਮਾਣਯੋਗ ਸੁਪਰੀਮ ਕੋਰਟ ਆਫ ਇੰਡੀਆ ਦੇ ਕਾਮਨ ਕਾਜ ਬਨਾਮ ਯੂਨੀਅਨ ਆਫ ਇੰਡੀਆ ਅਤੇ ਹੋਰ (**ਏਆਈਆਰ 1996 ਐਸਸੀ** 3081) ਦੇ ਮਾਮਲੇ ਵਿੱਚ ਜਾਰੀ ਕੀਤੇ ਗਏ ਹਨ, ਜਿਸ ਵਿੱਚ ਸਾਰੀਆਂ ਰਾਜਨੀਤਿਕ ਪਾਰਟੀਆਂ ਨੂੰ ਚੋਣਾਂ ਦੇ ਐਲਾਨ ਦੀ ਮਿਤੀ ਤੋਂ ਚੋਣਾਂ ਦੇ ਸਮਾਪਤ ਹੋਣ ਤੱਕ ਪਾਰਟੀ ਦੁਆਰਾ ਕੀਤੇ ਗਏ ਸਾਰੇ ਚੋਣ ਖਰਚਿਆਂ ਦਾ ਇੱਕ ਬਿਆਨ ਠਤਯੋਗ ਦੁਆਰਾ ਨਿਰਧਾਰਤ ਫਾਰਮ ਵਿੱਚ ਜਮ੍ਹਾਂ ਕਰਾਉਣ ਦਾ ਨਿਰਦੇਸ ਦਿੱਤਾ ਗਿਆ ਹੈ। ਇਹ ਬਿਆਨ ਵਿਧਾਨ ਸਭਾਵਾਂ ਦੀਆਂ ਆਮ ਚੋਣਾਂ ਦੇ ਮਾਮਲੇ ਵਿੱਚ ਚੋਣਾਂ ਦੇ ਸਮਾਪਤ ਹੋਣ ਦੇ 75 ਦਿਨਾਂ ਦੇ ਅੰਦਰ ਅਤੇ ਲੋਕ ਸਭਾ ਦੀਆਂ ਆਮ ਚੋਣਾਂ ਦੇ ਮਾਮਲੇ ਵਿੱਚ ਚੋਣਾਂ ਦੇ ਸਮਾਪਤ ਹੋਣ ਦੇ 90 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣਾ ਜਰੂਰੀ ਹੈ; ਅਤੇ

**ਜਦੋਂ ਕਿ**, ਆਯੋਗ ਦੇ ਰਿਕਾਰਡ ਅਨੁਸਾਰ, "ਰਾਜਨੀਤਿਕ ਪਾਰਟੀਆਂ" (**ਅਨੁਲੱਗ ਏ ਵਿੱਚ ਸੂਚੀ ਅਨੁਸਾਰ**) ਨੇ ਆਮ ਚੋਣਾਂ ਵਿੱਚ ਹਿੱਸਾ ਲਿਆ ਪਰ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਠਤਯੋਗ ਦੁਆਰਾ ਨਿਰਧਾਰਤ ਫਾਰਮ ਵਿੱਚ ਚੋਣ ਖਰਚੇ ਦਾ ਵੇਰਵਾ ਜਮ੍ਹਾ ਨਹੀਂ ਕਰਵਾਇਆ; ਅਤੇ

**ਜਦੋਂ ਕਿ**, ਉਪਰੋਕਤ ਹਾਲਾਤਾਂ ਵਿੱਚ, ਠਤਯੋਗ , ਭਾਰਤ ਦੇ ਸੰਵਿਧਾਨ ਦੀ ਧਾਰਾ 324 ਅਤੇ ਲੋਕ ਪ੍ਰਤੀਨਿਧਤਾ ਐਕਟ, **1951** ਦੀ ਧਾਰਾ **29ਏ** ਦੇ ਅਧੀਨ ਆਪਣੀਆਂ ਸਕਤੀਆਂ ਦੀ ਵਰਤੋਂ ਕਰਦੇ ਹੋਏ, ਅਨੁਲੱਗਏ ਵਿੱਚ ਸੂਚੀਬੱਧ ਰਾਜਨੀਤਿਕ ਪਾਰਟੀਆਂ ਨੂੰ ਰਜਿਸਟਰਡ ਪਾਰਟੀਆਂ ਦੀ ਸੂਚੀ ਵਿੱਚੋਂ ਹਟਾਉਣ ਦਾ ਪ੍ਰਸਤਾਵ ਰੱਖਦਾ ਹੈ; ਅਤੇ

**ਜਦੋਂ ਕਿ**, ਠਤਯੋਗ ਨੇ ਉਪਰੋਕਤ ਪ੍ਰਸਤਾਵਿਤ ਕਾਰਵਾਈ ਕਰਨ ਤੋਂ ਪਹਿਲਾਂ ਉਕਤ ਧਿਰ ਨੂੰ ਸੁਣਵਾਈ ਦਾ ਮੌਕਾ ਦੇਣ ਜਾਂ ਪ੍ਰਸਤਾਵਿਤ ਕਾਰਵਾਈ ਕਰਨ ਜਾਂ ਨਾ ਕਰਨ ਬਾਰੇ ਪ੍ਰਤੀਨਿਧਤਾ/ਕਾਰਨ ਦੱਸੋ, ਜੇ ਕੋਈ ਹੋਵੇ, ਦੇਣ ਦਾ ਫੈਸਲਾ ਕੀਤਾ ਹੈ।

**ਇਸ ਲਈ, ਹੁਣ**, ਰਾਜਨੀਤਿਕ ਪਾਰਟੀਆਂ (**ਅਨੁਲੱਗ ਏ ਵਿੱਚ ਸੂਚੀ ਅਨੁਸਾਰ**) ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਸ ਸਬੰਧ ਵਿੱਚ ਜੇਕਰ ਉਹ ਚਾਹੁਣ ਤਾਂ ਲਿਖਤੀ ਪ੍ਰਤੀਨਿਧਤਾਵਾਂ ਹੇਠ ਹਸਤਾਖਰ ਕਰਨ ਵਾਲਿਆਂ ਨੂੰ ਜਮ੍ਹਾਂ ਕਰਾਉਣ। ਇਹ ਪ੍ਰਤੀਨਿਧਤਾਵਾਂ, ਜੇਕਰ ਕੋਈ ਹਨ, ਤਾਂ ਪਾਰਟੀ ਦੇ ਪ੍ਰਧਾਨ ਜਾਂ ਜਨਰਲ ਸਕੱਤਰ ਵੱਲੋਂ ਇੱਕ ਹਲਫਨਾਮਾ ਅਤੇ ਸਾਰੇ ਸਹਾਇਕ ਦਸਤਾਵੇਜਾਂ ਦੇ ਨਾਲ ਹੋਣੀਆਂ ਚਾਹੀਦੀਆਂ ਹਨ ਜਿਨ੍ਹਾਂ 'ਤੇ ਪਾਰਟੀ ਭਰੋਸਾ ਕਰਨਾ ਚਾਹੁੰਦੀ ਹੈ, ਅਤੇ 09.10.2025 ਤੱਕ ਹੇਠ ਹਸਤਾਖਰ ਕਰਨ ਵਾਲਿਆਂ ਤੱਕ ਪਹੁੰਚ ਜਾਣੀਆਂ ਚਾਹੀਦੀਆਂ ਹਨ।

ਇਹ ਵੀ ਸੂਚਿਤ ਕੀਤਾ ਜਾਂਦਾ ਹੈ ਕਿ ਪਾਰਟੀ ਦੀ ਸੁਣਵਾਈ ਦੀ ਮਿਤੀ 06.10.2025 ਨਿਰਧਾਰਤ ਕੀਤੀ ਗਈ ਹੈ। ਪਾਰਟੀ ਦੇ ਪ੍ਰਧਾਨ/ਜਨਰਲ ਸਕੱਤਰ/ਮੁੱਖੀ ਨੂੰ ਇਸ ਸੁਣਵਾਈ ਵਿੱਚ ਸਾਮਲ ਹੋਣਾ ਚਾਹੀਦਾ ਹੈ। ਜੇਕਰ ਉਕਤ ਮਿਤੀ ਤੱਕ ਪਾਰਟੀ ਵੱਲੋਂ ਕੋਈ ਜਵਾਬ ਨਹੀਂ ਮਿਲਦਾ ਹੈ, ਤਾਂ ਇਹ ਮੰਨਿਆ ਜਾਵੇਗਾ ਕਿ ਪਾਰਟੀ ਕੋਲ ਇਸ ਮਾਮਲੇ 'ਤੇ ਕਹਿਣ ਲਈ ਕੁਝ ਨਹੀਂ ਹੈ ਅਤੇ ਠਤਯੋਗ ਪਾਰਟੀ ਨੂੰ ਬਿਨਾਂ ਕਿਸੇ ਨੋਟਿਸ ਦੇ ਢੁਕਵੇਂ ਆਦੇਸ ਜਾਰੀ ਕਰੇਗਾ।

**ਆਦੇਸ਼ ਦੁਆਰਾ ਅਤੇ**
**ਦਿੱਲੀ ਦੇ ਮੁੱਖ ਚੋਣ ਅਧਿਕਾਰੀ ਦੇ ਨਾਮ 'ਤੇ**
**(ਟੌਂਗਮਿੰਥੋਂਗ ਮਿਸਾਓ)**
**ਉਪ ਮੁੱਖ ਚੋਣ ਅਧਿਕਾਰੀ, ਦਿੱਲੀ**

**ਸੇਵਾ ਵਿਖੇ**
**ਪ੍ਰਧਾਨ/ਜਨਰਲ ਸਕੱਤਰ,**
**ਰਾਜਨਿਤਿਕ ਦਲਾਂ (ਅਨੁਲੱਗ ਏ ਵਿੱਚ ਸੂਚੀ ਅਨੁਸਾਰ)**

| Sl No. | Name of RUPPs | State/Uts | Registered Address of the Party |
|---|---|---|---|
| 1 | Aam Janata Party (Sarvajana Hitaya) | Delhi | 243-244, 2nd Floor, Radha Chambers, Plot No. – 9, G – Block, Community Centre, Vikaspuri, New Delhi – 18. |
| 2 | Aam Janshakti Party | Delhi | WZ-J-62, Uttam Nagar, Delhi - 110059. |
| 3 | Aapki Apni Party (Peoples) | Delhi | Khasra No. 19/26, Near Amrit Vihar, Main Road Burari, Burari, New Delhi- 110084 |
| 4 | Akhil Bharat Hindu Mahasabha | Delhi | Mandir Marg, New Delhi-110001 |
| 5 | Akhil Bharatiya Jan Sangh | Delhi | T-14, Okhla Industrial Area, Phase-II, New Delhi-110020 |
| 6 | Akhil Bhartiya Sudhar Party | Delhi | House No. 2389, 1st Floor, Hudson Lane, Kingsway Camp, Delhi-110009. |
| 7 | Aman Samaj Party | Delhi | V-1452, Street No. 4, Vijay Park, Delhi – 110053. |
| 8 | Asankhya Samaj Party | Delhi | A-490, Gali No. 22,Shyam Colony, Buddh Vihar, Phase –2, Delhi-110086. |
| 9 | Atulya Bharat Party | Delhi | 91, Pili Kothi,Near Guruharikishan Public School,Hari Nagar,New Delhi-110064. |
| 10 | Awami Party | Delhi | E-11/77, New Colony, Hauzrani, Malviya Nagar, New Delhi-110017. |
| 11 | Azad Mazdoor Kissan Party | Delhi | D-4, Prem Nagar-III, Shani Bazaar Road,Kirari Nahar, Nangloi,New Delhi-110086. |
| 12 | Bahujan Maha Party | Delhi | B-245, Street No. 2, Mandawali, Fazalpur, Near Sadbhavna Apartment, Back of Mother Dairy, Delhi-110092. |
| 13 | Bharat Lok Sewak Party | Delhi | Shop No. 16, D-Block Market, Pushpanjali Enclave, Pitampura, New Delhi- 110034 |
| 14 | Bharatiya Sampuran Krantikari Party | Delhi | A-1/150, Aman Vihar, Nangloi,New Delhi – 110041. |
| 15 | Bharatiya Sarvodaya Kranti Party | Delhi | 113, Malikpur, G.T.B. Nagar, Delhi-110009'. |
| 16 | Bhartiya Insan Party | Delhi | N-84, 4th Floor, Batla House, Near Khalilullah Masjid, Jamia Nagar, Okhla, New Delhi – 110025. |
| 17 | Bhartiya Janta Dal (Integrated) | Delhi | H.No. 62, Gali No.16, A-1 Block, Sant Nagar, (Bengali Colony), Burari Road, Delhi – 110084 |
| 18 | Bhartiya Rashtrawadi Party | Delhi | J-74A, Gali No-14, Khasra No. 6/14, Swaroop Nagar,Delhi - 110042. |
| 19 | Ekta Samaj Party | Delhi | 6898, Neem Street, Ahata Kidara, Bara Hindu Rao, Delhi-110006. |
| 20 | Indian National League | Delhi | No.7, Balwant Rai Mehta Lane, Kasturba Gandhi Marg Cross, New Delhi-110001. |
| 21 | Jan Awaz Vikas Party | Delhi | H.No. 631, Second Floor, Main Road, Mukherjee Nagar, Delhi. |
| 22 | Jan Samman Party | Delhi | G-238, Main Road, Gali No.- 6/28, Bal Gyan School, West Karawal Nagar, Delhi- 110094. |
| 23 | Janata Congress | Delhi | 278A, 1st Floor, G.K.Complex, Main Road Okhla, Jamia Nagar, New Delhi-110025 . |
| 24 | Janmat Party | Delhi | Old Address: C2A/107, Pocket-16, Janakpuri, New Delhi-110058. New Address: Office No.101, First Floor, B-37, B-Block, Gali No-14, Madhu Vihar Delhi-110092 File No. 56/03/2020/PPS-III Dated: 04-09-2020 |
| 25 | Janshakti Party (Rashtriya) | Delhi | Plot No. 38, Ground Floor, Opp. KDK Public School, Main Road, Mandawali, Fazalpur, Delhi- 110092. |
| 26 | Kalyankari Jantantrik Party | Delhi | B 4/260A, Keshavpuram, New Delhi - 110035. |
| 27 | Libral Party of India | Delhi | 6/12, Sarvapriya Vihar Hauz Khas, New Delhi- 110016. |
| 28 | Mazdoor Kirayedar Vikas Party | Delhi | Plot No. 116, Municipal No. 500/3E/4, Block No.30, Gali No. 6, Vishwas Nagar, Shahdra, Delhi- 110032 |
| 29 | National Apni Party | Delhi | D-1, 242/9, Main Circular Road, Sonia Vihar, Delhi-110094. |
| 30 | Proutist Bloc, India | Delhi | C/o Shri Ramesh Kumar, H.N.A-37 (Khasra No.2167/845), Harshroop Colony, Fatehpur Beri, New Delhi – 110074 |
| 31 | Purvanchal Janta Party (Secular) | Delhi | Flat No. 2, DDA Flats, Pocket-I, Phase-I, Sector-12, Dwarka, New Delhi- 110078. |
| 32 | Rashtravadi Janata Party | Delhi | Anil Bharti Bhawan, 43-A, Sukhbir Nagar, Karala, New Delhi-110081. |
| 33 | Rashtriya Bahujan Congress Party | Delhi | TA-137/3, Tughlakabad Extension, New Delhi-110019. |
| 34 | Rashtriya Janmorcha | Delhi | C-69/10, Gali No. 10, C- Block,Mustafabad,Delhi-110094. |
| 35 | Rashtriya Mazdoor Ekta Party | Delhi | Block-B, Sant Nagar, Gali No.57, Burari Road, Delhi –110009. |
| 36 | Rashtriya Samanta Dal | Delhi | 8/440, Trilok Puri, Delhi-110091. |
| 37 | Sarvodaya Prabhat Party | Delhi | B-3/231, Nand Nagri, Delhi- 110093 |
| 38 | Socialist Janata Party | Delhi | XB-1, Sah Vikas Apartment,Patparganj, Delhi – 110 092 |
| 39 | Swaraj India | Delhi | Unit 109, 1st Floor, M.M. House, 59 Rani Jhansi Road, New Delhi – 110055. |
| 40 | Vikas India Party | Delhi | T-192, Street No.2, Gautam Puri, Delhi-110053 |
| 41 | Vishva Shakti Party | Delhi | B-10/144, Pradeep Vihar, Nathupura More Delhi -110084. |

DIP/Shabdarth/Classified/0269/25-26

### NAME CHANGE
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

### NAME CHANGE
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

### NAME CHANGE
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

### NAME CHANGE
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

### NAME CHANGE
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

### NAME CHANGE
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**ਕੌਮੀ ਪਤ੍ਰਿਕਾ**

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814
Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

### NAME CHANGE
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

### NAME CHANGE
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

### NAME CHANGE
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

### NAME CHANGE
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

### NAME CHANGE
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

### NAME CHANGE
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

### NAME CHANGE
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

### NAME CHANGE
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

### NAME CHANGE
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

### NAME CHANGE
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

### PUBLIC NOTICE
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

### NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

### NAME CHANGE
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

### NAME CHANGE
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

### NAME CHANGE
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

### NAME CHANGE
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

### NAME CHANGE
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

### NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

### NAME CHANGE
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

### NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

### NAME CHANGE
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

### PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

@Qpatrika
@qaumipatrika punjabi
instagram.com/qaumipatrika
Largest Circulated
विश्व भर में सबसे ज्यादा पढ़ा जाने वाला
# ਕੌਮੀ ਪਤ੍ਰਿਕਾ
Qaumi Patrika NO.1
Punjabi National Daily
दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Sunday, 28 September 2025
VISIT: www.qaumipatrika.org
Email: qpatrika@gmail.com
ਨਵੀਂ ਦਿੱਲੀ: ਐਤਵਾਰ 28 ਸਤੰਬਰ 2025, 14 ਅੱਸੂ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ
R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 43, ਅੰਕ 319, qpatrika@gmail.com ਫੋਨ : 9971359517 www.qaumipatrika.org

## ਸ਼ਾਲੀਮਾਰ ਬਾਗ ਖੇਤਰ ’ਚ 100 ਕਰੋੜ ਦੇ ਪ੍ਰਾਜੈਕਟਾਂ ’ਤੇ ਚੱਲ ਰਿਹਾ ਕੰਮ: ਮੁੱਖ ਮੰਤਰੀ ਰੇਖਾ

ਨਵੀਂ ਦਿੱਲੀ 27 ਸਤੰਬਰ। ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੇ ਕਿਹਾ ਕਿ ਸ਼ਾਲੀਮਾਰ ਬਾਗ ਵਿਧਾਨ ਸਭਾ ਹਲਕੇ ਵਿੱਚ ਲਗਭਗ 100 ਕਰੋੜ ਰੁਪਏ ਦੇ ਪ੍ਰੋਜੈਕਟਾਂ ’ਤੇ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ, ਜੋ ਕਿ ਸਾਲਾਂ ਤੋਂ ਵਿਕਾਸ ਵਿੱਚ ਪਛੜਿਆ ਹੋਇਆ ਹੈ। ਸ਼੍ਰੀਮਤੀ ਰੇਖਾ ਗੁਪਤਾ ਨੇ ਸ਼ਨੀਵਾਰ ਨੂੰ ਕਿਹਾ ਕਿ ਸਾਡੀ ਸਰਕਾਰ ਵਲੋਂ ਪੀਤਮਪੁਰਾ ਅਤੇ ਸ਼ਾਲੀਮਾਰ ਬਾਗ ਖੇਤਰਾਂ ਵਿੱਚ ਲਗਭਗ 100 ਕਰੋੜ ਰੁਪਏ ਦੇ ਪ੍ਰੋਜੈਕਟਾਂ ’ਤੇ ਤੇਜ਼ੀ ਨਾਲ ਕੰਮ ਚੱਲ ਰਿਹਾ ਹੈ। ਪੀਣ ਵਾਲਾ ਪਾਣੀ, ਸੀਵਰੇਜ ਅਤੇ ਸੜਕਾਂ



ਵਰਗੀਆਂ ਮੁੱਢਲੀਆਂ ਸਹੂਲਤਾਂ ਹੁਣ ਹਰ ਘਰ ਤੱਕ ਪਹੁੰਚ ਗਈਆਂ ਹਨ। ਉਨ੍ਹਾਂ ਕਿਹਾ ਕਿ ਇੰਝ ਲੱਗਦਾ ਹੈ ਜਿਵੇਂ ਇਨ੍ਹਾਂ ਇਲਾਕਿਆਂ ਵਿੱਚ ਸਾਲਾਂ ਤੋਂ ਕੋਈ ਵਿਕਾਸ ਕਾਰਜ ਨਹੀਂ ਹੋਇਆ। ਸਾਡੀ ਸਰਕਾਰ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਪਿਛਲੇ ਛੇ-ਸੱਤ ਮਹੀਨਿਆਂ ਤੋਂ ਪੀਤਮਪੁਰਾ ਅਤੇ ਸ਼ਾਲੀਮਾਰ ਬਾਗ ਇਲਾਕਿਆਂ ਵਿੱਚ ਵਿਕਾਸ ਕਾਰਜ ਚੱਲ ਰਹੇ ਹਨ। ਉਨ੍ਹਾਂ ਕਿਹਾ ਕਿ ਸਫਾਈ, ਹਰਿਆਲੀ ਅਤੇ ਸੁੰਦਰੀਕਰਨ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ ਤਾਂ ਜੋ ਇਹ ਖੇਤਰ ਸੁਰੱਖਿਅਤ, ਪਹੁੰਚਯੋਗ ਅਤੇ ਆਧੁਨਿਕ ਜੀਵਨ ਦਾ ਪ੍ਰਤੀਕ ਬਣ ਸਕੇ।

## ਮਸ਼ਹੂਰ ਅਭਿਨੇਤਾ ਦੀ ਰੈਲੀ ’ਚ ਮਜੀ ਭਾਜੜ, ਕਈ ਲੋਕਾਂ ਦੀ ਮੌਤ ਦਾ ਖਦਸ਼ਾ

ਨੈਸ਼ਨਲ ਡੈਸਕ 27 ਸਤੰਬਰ। ਤਾਮਿਲਨਾਡੂ ਦੇ ਕਰੂਰ ਵਿੱਚ ਟੀਵੀਕੇ (ਟੀਮ ਵਿਜੇ ਕਜ਼ਾਗਮ) ਦੀ ਰੈਲੀ ਵਿੱਚ ਭਾਰੀ ਭੀੜ ਹੋਣ ਕਾਰਨ ਭਾਜੜ ਮਚ ਗਈ। ਭਾਜੜ ਦੌਰਾਨ ਕਈ ਕਾਰਕੁਨ ਬੇਹੋਸ਼ ਹੋ ਗਏ ਅਤੇ ਉਨ੍ਹਾਂ ਨੂੰ ਤੁਰੰਤ ਐਂਬੂਲੈਂਸ ਰਾਹੀਂ ਹਸਪਤਾਲ ਲਿਜਾਇਆ ਗਿਆ। ਕਈ ਬੱਚਿਆਂ ਨੂੰ ਵੀ ਬੇਹੋਸ਼ੀ ਦੀ ਹਾਲਤ ਵਿੱਚ ਦਾਖਲ ਕਰਵਾਇਆ ਗਿਆ। ਭਾਜੜ ਵਿੱਚ 20 ਲੋਕਾਂ ਦੇ ਮਾਰੇ ਜਾਣ ਦਾ ਖਦਸ਼ਾ ਹੈ। ਤਾਮਿਲਨਾਡੂ ਦੇ ਮੁੱਖ ਮੰਤਰੀ ਐਮਕੇ ਸਟਾਲਿਨ ਨੇ ਘਟਨਾ ਦੀ ਜਾਂਚ ਦੇ ਹੁਕਮ ਦਿੱਤੇ ਹਨ। ਇਹ ਘਟਨਾ ਉਸ ਸਮੇਂ ਵਾਪਰੀ ਜਦੋਂ ਵਿਜੇ ਕਰੂਰ ਵਿੱਚ ਭਾਸ਼ਣ ਦੇ ਰਹੇ ਸਨ। ਟੀਵੀਕੇ ਮੁਖੀ ਵਿਜੇ ਨੇ ਆਪਣੇ ਭਾਸ਼ਣ ਨੂੰ ਵਿਚਾਲੇ ਹੀ ਰੋਕ ਦਿੱਤਾ ਅਤੇ ਕਾਰਕੁਨਾਂ ਨੂੰ ਪਾਣੀ ਦੀਆਂ ਬੋਤਲਾਂ ਦਿੱਤੀਆਂ, ਭੀੜ ਨੂੰ ਐਂਬੂਲੈਂਸ ਲਈ ਰਸਤਾ ਦੇਣ ਦੀ ਅਪੀਲ ਕੀਤੀ। ਇਸ ਦੌਰਾਨ, ਰੈਲੀ ਵਿੱਚ ਇੱਕ 9 ਸਾਲ ਦੀ ਬੱਚੀ ਲਾਪਤਾ ਹੋ ਗਈ ਅਤੇ ਵਿਜੇ ਨੇ ਕਾਰਕੁਨਾਂ ਤੋਂ ਉਸਨੂੰ ਲੱਭਣ ਵਿੱਚ ਮਦਦ ਦੀ ਬੇਨਤੀ ਕੀਤੀ। ਪੁਲਸ ਨੇ ਭੀੜ ਨੂੰ ਖਿੰਡਾਉਣ ਲਈ ਲਾਠੀਚਾਰਜ ਕੀਤਾ। ਪੁਲਸ ਅਤੇ ਰੈਲੀ ਪ੍ਰਬੰਧਕ ਤੁਰੰਤ ਲੜਕੀ ਅਤੇ ਬੇਹੋਸ਼ ਹੋਏ ਹਾਜ਼ਰੀਨ ਨੂੰ ਬਚਾਉਣ ਲਈ ਹਰਕਤ ਵਿੱਚ ਆ ਗਏ। ਰੈਲੀ ਵਾਲੀ ਥਾਂ ’ਤੇ ਮੌਜੂਦ ਲੋਕਾਂ ਵਿੱਚ ਹਫੜਾ-ਦਫੜੀ ਮਚ ਗਈ।

# ਮੁੱਖ ਮੰਤਰੀ ਮਾਨ ਵੱਲੋਂ ਸਾਰੇ ਪੁਲਸ ਕਮਿਸ਼ਨਰ ਅਤੇ ਐੱਸ.ਐੱਸ.ਪੀਜ਼ ਨੂੰ ਨਵੇਂ ਹੁਕਮ ਜਾਰੀ

**ਕੌਮੀ ਪਤ੍ਰਿਕਾ**
**ਨਰੇਸ਼ ਮਲਹੋਤਰਾ**

ਚੰਡੀਗੜ੍ਹ 27 ਸਤੰਬਰ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੁਲਸ ਕਮਿਸ਼ਨਰਾਂ (ਸੀ.ਪੀਜ਼) ਅਤੇ ਸੀਨੀਅਰ ਪੁਲਸ ਕਪਤਾਨਾਂ (ਐੱਸ.ਐੱਸ.ਪੀਜ਼) ਨੂੰ ਸੂਬੇ ਭਰ ਵਿਚ ਕਾਨੂੰਨ ਵਿਵਸਥਾ ਦੇ ਹਾਲਾਤ ਉਤੇ ਤਿੱਖੀ ਨਜ਼ਰ ਰੱਖਣ ਦੀ ਹਦਾਇਤ ਕੀਤੀ। ਸੀ.ਪੀਜ਼ ਅਤੇ ਐੱਸ.ਐੱਸ.ਪੀਜ਼ ਨਾਲ ਵਰਚੂਅਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਜ਼ੋਰ ਦੇ ਕੇ ਆਖਿਆ ਕਿ ਹੜ੍ਹ ਪੀੜਤਾਂ ਦਾ ਸਮੇਂ ਸਿਰ ਮੁੜ-ਵਸੇਬਾ ਯਕੀਨੀ ਬਣਾਉਣ ਲਈ ਇਨ੍ਹਾਂ ਅਧਿਕਾਰੀਆਂ ਦੀ ਸਿਵਲ ਪ੍ਰਸ਼ਾਸਨ ਵਿਚ ਆਪਣੇ ਹਮਰੁਤਬਾ ਅਧਿਕਾਰੀਆਂ ਨਾਲ ਤਾਲਮੇਲ ਰੱਖਣ ਦੀ ਲੋੜ ਹੈ। ਉਨ੍ਹਾਂ ਜ਼ੋਰ ਦੇ ਕੇ ਆਖਿਆ ਕਿ ਹੜ੍ਹਾਂ ਦੌਰਾਨ ਅਸਲ ਨੁਕਸਾਨ ਝੱਲਣ ਵਾਲੇ ਪੀੜਤਾਂ ਨੂੰ ਜ਼ਰੂਰ ਮੁਆਵਜ਼ਾ ਮਿਲੇ। ਭਗਵੰਤ ਸਿੰਘ ਮਾਨ ਨੇ ਅਧਿਕਾਰੀਆਂ ਨੂੰ ਇਸ ਮੰਤਵ ਲਈ ਉਤਸ਼ਾਹ ਨਾਲ ਕੰਮ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਇਸ ਅਤਿ-ਜ਼ਰੂਰੀ ਟੀਚੇ ਦੀ ਪ੍ਰਾਪਤੀ ਲਈ ਸਿਵਲ ਤੇ ਪੁਲਸ ਪ੍ਰਸ਼ਾਸਨ ਵਿਚਾਲੇ ਸੁਚਾਰੂ ਤਾਲਮੇਲ ਦੀ ਲੋੜ ਹੈ। ਮੁੱਖ ਮੰਤਰੀ ਨੇ ਪੀੜਤਾਂ ਤੱਕ ਲੋੜੀਂਦੀ ਸਹਾਇਤਾ ਪੁੱਜਣੀ ਯਕੀਨੀ ਬਣਾਉਣ ਲਈ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਲੋਕਾਂ ਦੀ ਭਰੋਸਾ ਬਹਾਲੀ ਦੇ



ਕਦਮ ਚੁੱਕਣ ਦੀ ਵਕਾਲਤ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤਾ ਕਿ ਰਾਹਤ ਕਾਰਜ ਸੁਚਾਰੂ ਹੋਣ ਤਾਂ ਕਿ ਪੀੜਤਾਂ ਤੱਕ ਸਹਾਇਤਾ ਨਿਰਵਿਘਨ ਪੁੱਜੇ। ਅਪਰਾਧ ਅਤੇ ਅਪਰਾਧਿਕ ਤੱਤਾਂ ਨਾਲ ਬਿਲਕੁੱਲ ਲਿਹਾਜ਼ ਨਾ ਵਰਤਣ ਦੀ ਨੀਤੀ ਦੁਹਰਾਉਂਦਿਆਂ ਭਗਵੰਤ ਸਿੰਘ ਮਾਨ ਨੇ ਸੀ.ਪੀਜ਼ ਅਤੇ ਐੱਸ.ਐੱਸ.ਪੀਜ਼ ਨੂੰ ਪੰਜਾਬ ਭਰ ਵਿਚ ਕਾਨੂੰਨ ਵਿਵਸਥਾ ਬਰਕਰਾਰ ਰੱਖਣ ਦੀਆਂ ਕੋਸ਼ਿਸ਼ਾਂ ਤੇਜ਼ ਕਰਨ ਲਈ ਆਖਿਆ। ਹੜ੍ਹਾਂ ਦੌਰਾਨ ਪੰਜਾਬ ਪੁਲਸ ਦੀ ਭੂਮਿਕਾ ਦੀ ਸ਼ਲਾਘਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਫੋਰਸ ਦੇ ਲਾਮਿਸਾਲ ਯੋਗਦਾਨ ਨੂੰ ਇਤਿਹਾਸ ਵਿਚ ਸੁਨਹਿਰੀ ਅੱਖਰਾਂ ਨਾਲ ਯਾਦ ਕੀਤਾ ਜਾਵੇਗਾ। ਉਨ੍ਹਾਂ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਅਧੀਨ ਨਸ਼ਿਆਂ ਖ਼ਿਲਾਫ਼ ਤੇ ਗੈਂਗਸਟਰਾਂ ਵਿਰੁੱਧ ਸਖ਼ਤ ਕਾਰਵਾਈ ਲਈ ਪੰਜਾਬ ਪੁਲਸ ਨੂੰ ਸਰਾਹਿਆ। ਉਨ੍ਹਾਂ ਪੰਜਾਬ ਪੁਲਸ ਦੇ ਅਮੀਰ ਵਿਰਸੇ ਦੀ ਤਾਰੀਫ਼ ਕੀਤੀ ਅਤੇ ਭਰੋਸਾ ਪ੍ਰਗਟਾਇਆ ਕਿ ਪੁਲਸ ਹਰ ਹੀਲੇ ਪੰਜਾਬ ਦਾ ਅਮਨ, ਤਰੱਕੀ ਤੇ ਖ਼ੁਸ਼ਹਾਲੀ ਦੀ ਰਾਖੀ ਜਾਰੀ ਰੱਖੇਗੀ। ਮੀਟਿੰਗ ਦੌਰਾਨ ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਡੀ.ਜੀ.ਪੀ. ਗੌਰਵ ਯਾਦਵ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।

# ਕਾਂਗਰਸ ਨੇ ਦੇਸ਼ ਨੂੰ ਲੁੱਟਣ ਦਾ ਕੋਈ ਮੌਕਾ ਨਹੀਂ ਛੱਡਿਆ: ਪ੍ਰਧਾਨ ਮੰਤਰੀ ਮੋਦੀ

**ਕੌਮੀ ਪਤ੍ਰਿਕਾ**
**ਸਿੰਮੀ ਕੌਰ ਬੱਬਰ**

ਝਾਰਸੁਗੁੜਾ 27 ਸਤੰਬਰ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ਨੀਵਾਰ ਨੂੰ ਦੋਸ਼ ਲਗਾਇਆ ਕਿ ਕਾਂਗਰਸ ਪਾਰਟੀ ਨੇ ਦੇਸ਼ ਨੂੰ ਲੁੱਟਿਆ ਅਤੇ ਘੱਟ ਆਮਦਨ ਵਾਲੇ ਸਮੂਹਾਂ ’ਤੇ ਵੀ ਟੈਕਸ ਲਗਾਏ। ਓਡੀਸ਼ਾ ਦੇ ਝਾਰਸੁਗੁੜਾ ਵਿੱਚ ਨਮੋ ਯੁਵਾ ਸਮਾਵੇਸ਼ ਪ੍ਰੋਗਰਾਮ ਨੂੰ ਸੰਬੋਧਨ ਕਰਦੇ ਹੋਏ ਉਨ੍ਹਾਂ ਲੋਕਾਂ ਨੂੰ ਕਾਂਗਰਸ ਅਤੇ ਇਸਦੇ ਸਹਿਯੋਗੀਆਂ ਵੱਲੋਂ ਕੀਤੀ ਜਾ ਰਹੀ ਕਥਿਤ ਲੁੱਟ ਬਾਰੇ ਚੇਤਾਵਨੀ ਦਿੱਤੀ। ਇਸ ਸਮਾਗਮ ਵਿੱਚ ਮੋਦੀ ਨੇ ਕਿਹਾ, ਕਾਂਗਰਸ ਨੇ ਲੋਕਾਂ ਨੂੰ ਲੁੱਟਣ ਵਿੱਚ ਕੋਈ ਕਸਰ ਨਹੀਂ ਛੱਡੀ ਅਤੇ 2 ਲੱਖ ਰੁਪਏ ਸਾਲਾਨਾ ਆਮਦਨ ਵਾਲੇ ਲੋਕਾਂ ’ਤੇ ਵੀ ਟੈਕਸ ਲਗਾ ਦਿੱਤੇ। ਭਾਜਪਾ ਸਰਕਾਰ ਨੇ ਇਸ ਸੀਮਾ ਨੂੰ ਵਧਾ ਕੇ 12 ਲੱਖ ਰੁਪਏ ਤੋਂ ਵੱਧ ਕਰ ਦਿੱਤਾ... ਕਾਂਗਰਸ ਅਤੇ ਇਸਦੇ ਸਹਿਯੋਗੀਆਂ ਤੋਂ ਸਾਵਧਾਨ ਰਹੋ, ਕਿਉਂਕਿ ਉਹ ਲੋਕਾਂ ਨੂੰ ਲੁੱਟਦੇ ਹਨ। ਉਨ੍ਹਾਂ ਦੋਸ਼ ਲਾਇਆ ਕਿ ਕੇਂਦਰ ਸਰਕਾਰ ਵੱਲੋਂ ਜੀਐਸਟੀ ਪ੍ਰਣਾਲੀ ਵਿੱਚ ਸੁਧਾਰ ਕਰਨ ਅਤੇ ਲੋਕਾਂ ਨੂੰ ਰਾਹਤ ਦੇਣ ਤੋਂ ਬਾਅਦ ਕਾਂਗਰਸ ਪਾਰਟੀ ਨੇ ਭਾਜਪਾ ਸਰਕਾਰ ਨੂੰ ਗਾਲ੍ਹਾਂ ਕੱਢਣੀਆਂ ਸ਼ੁਰੂ ਕਰ ਦਿੱਤੀਆਂ। ਪ੍ਰਧਾਨ ਮੰਤਰੀ ਨੇ ਕਿਹਾ, “ਜਦੋਂ ਸਾਡੀ ਸਰਕਾਰ ਨੇ ਸੀਮਿੰਟ ਦੀਆਂ ਕੀਮਤਾਂ ਘਟਾ ਦਿੱਤੀਆਂ, ਤਾਂ ਹਿਮਾਚਲ ਪ੍ਰਦੇਸ਼ ਦੀ ਕਾਂਗਰਸ ਸਰਕਾਰ ਨੇ ਆਪਣਾ ਟੈਕਸ ਲਗਾਇਆ। ਜਦੋਂ ਅਸੀਂ ਜੀਐਸਟੀ ਦਰਾਂ



ਘਟਾ ਦਿੱਤੀਆਂ, ਤਾਂ ਦੇਸ਼ ਭਰ ਵਿੱਚ ਕੀਮਤਾਂ ਡਿੱਗ ਗਈਆਂ, ਪਰ ਕਾਂਗਰਸ ਆਮ ਲੋਕਾਂ ਨੂੰ ਇਹ ਰਾਹਤ ਨਹੀਂ ਦੇਣਾ ਚਾਹੁੰਦੀ।”ਵਸਤੂਆਂ ਅਤੇ ਸੇਵਾਵਾਂ ਟੈਕਸ ਕੌਂਸਲ ਨੇ ਹਾਲ ਹੀ ਵਿੱਚ ਟੈਕਸ ਦਰਾਂ ਨੂੰ ਤਰਕਸੰਗਤ ਬਣਾਉਣ ਅਤੇ 5 ਅਤੇ 18 ਪ੍ਰਤੀਸ਼ਤ ਦੀਆਂ ਦੋ ਦਰਾਂ ਨੂੰ ਬਰਕਰਾਰ ਰੱਖਣ ਦਾ ਫੈਸਲਾ ਕੀਤਾ ਹੈ। 22 ਸਤੰਬਰ ਨੂੰ ਲਾਗੂ ਹੋਏ ਇਸ ਫੈਸਲੇ ਨਾਲ ਉਤਪਾਦਾਂ ਅਤੇ ਸੇਵਾਵਾਂ ਦੀਆਂ ਕੀਮਤਾਂ ਵਿੱਚ ਕਮੀ ਆਉਣ ਦੀ ਉਮੀਦ ਸੀ। ਮੋਦੀ ਨੇ ਇਹ ਵੀ ਕਿਹਾ ਕਿ ਡਬਲ ਇੰਜਣ ਸਰਕਾਰ ਦੇ ਅਧੀਨ ਓਡੀਸ਼ਾ ਤੇਜ਼ੀ ਨਾਲ ਤਰੱਕੀ ਕਰ ਰਿਹਾ ਹੈ। ਭਾਜਪਾ ਆਗੂ ਕੇਂਦਰੀ ਅਤੇ ਰਾਜ ਪੱਧਰ ’ਤੇ ਪਾਰਟੀ ਦੀ ਸ਼ਕਤੀ ਨੂੰ ਦਰਸਾਉਣ ਲਈ ਡਬਲ ਇੰਜਣ ਸ਼ਬਦ ਦੀ ਵਰਤੋਂ ਕਰਦੇ ਹਨ। ਉਨ੍ਹਾਂ ਦਾਅਵਾ ਕੀਤਾ, “ਕਈ ਦਹਾਕਿਆਂ ਤੋਂ ਗਰੀਬੀ ਝੱਲਦਾ ਓਡੀਸ਼ਾ ਹੁਣ ਖੁਸ਼ਹਾਲੀ ਦੇ ਰਾਹ ’ਤੇ ਹੈ।”ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਗਰੀਬਾਂ, ਦਲਿਤਾਂ ਅਤੇ ਆਦਿਵਾਸੀਆਂ ਨੂੰ ਸਸ਼ਕਤ ਬਣਾਉਣ ’ਤੇ ਧਿਆਨ ਕੇਂਦਰਿਤ ਕਰ ਰਹੀ ਹੈ। ਪ੍ਰਧਾਨ ਮੰਤਰੀ ਨੇ ਕਿਹਾ ਕਿ ਓਡੀਸ਼ਾ ਦਾ ਕਲਾ ਅਤੇ ਸੱਭਿਆਚਾਰ ਪ੍ਰਤੀ ਪਿਆਰ ਅਤੇ ਜਨੂੰਨ ਦੁਨੀਆ ਭਰ ਵਿੱਚ ਮਸ਼ਹੂਰ ਹੈ। ’ਆਤਮ-ਨਿਰਭਰ ਭਾਰਤ’ ਦੀ ਲੋੜ ’ਤੇ ਜ਼ੋਰ ਦਿੰਦੇ ਹੋਏ ਪ੍ਰਧਾਨ ਮੰਤਰੀ ਨੇ ਕਿਹਾ, ਸਾਡਾ ਸੰਕਲਪ ਹੈ ਕਿ ਚਿਪ ਤੋਂ ਲੈ ਕੇ ਜਹਾਜ਼ਾਂ ਤੱਕ, ਭਾਰਤ ਹਰ ਚੀਜ਼ ਵਿਚ ਸਵੈ-ਨਿਰਭਰ ਹੋਵੇ ਭਾਰਤ ਹਰ ਚੀਜ਼ ਵਿੱਚ ਸਵੈ-ਨਿਰਭਰ ਹੋਵੇ। ਉਨ੍ਹਾਂ ਇਹ ਵੀ ਦੱਸਿਆ ਕਿ ਕੇਂਦਰ ਨੇ ਓਡੀਸ਼ਾ ਲਈ ਦੋ ਸੈਮੀਕੰਡਕਟਰ

## ਸੁਪਰੀਮ ਕੋਰਟ ਦਾ ਇਤਿਹਾਸਕ ਫੈਸਲਾ, ਬਜ਼ੁਰਗ ਨੂੰ ਦਿਵਾਇਆ ਜ਼ਮੀਨ ਦਾ ਮਾਲਿਕਾਨਾ ਹੱਕ

ਵੈੱਬ ਡੈਸਕ 27 ਸਤੰਬਰ। ਸੁਪਰੀਮ ਕੋਰਟ ਨੇ ਮਾਪਿਆਂ ਦੇ ਹੱਕ ’ਚ ਇੱਕ ਇਤਿਹਾਸਕ ਫੈਸਲਾ ਸੁਣਾਇਆ ਹੈ। ਆਪਣੇ ਇਤਿਹਾਸਕ ਫੈਸਲੇ ’ਚ ਅਦਾਲਤ ਨੇ ਬਜ਼ੁਰਗ ਪਿਤਾ ਨੂੰ ਉਸਦੀ ਜੱਦੀ ਜਾਇਦਾਦ ’ਤੇ ਮਾਲਕੀ ਅਧਿਕਾਰ ਦਿੱਤੇ ਅਤੇ ਬੰਬੇ ਹਾਈ ਕੋਰਟ ਦੇ ਫੈਸਲੇ ਨੂੰ ਉਲਟਾਉਂਦਿਆਂ, ਪੁੱਤਰ ਨੂੰ ਜਾਇਦਾਦ ਖਾਲੀ ਕਰਨ ਦਾ ਹੁਕਮ ਦਿੱਤਾ। ਇਸ ਮਾਮਲੇ ਵਿੱਚ, 80 ਸਾਲਾ ਪਿਤਾ ਨੇ ਸ਼ਿਕਾਇਤ ਕੀਤੀ ਕਿ ਉਸਦੇ ਪੁੱਤਰ ਨੇ ਜੱਦੀ



ਜਾਇਦਾਦ ’ਤੇ ਕਬਜ਼ਾ ਕਰ ਲਿਆ ਹੈ ਅਤੇ ਉਸਨੂੰ ਉਸ ਵਿੱਚ ਦਾਖਲ ਹੋਣ ਤੋਂ ਰੋਕਿਆ ਹੈ। ਪਿਤਾ ਨੇ ਅਦਾਲਤ ਵਿੱਚ ਪਹੁੰਚ ਕੀਤੀ ਅਤੇ ਪੁੱਤਰ ਵਿਰੁੱਧ ਕਾਰਵਾਈ ਦੀ ਮੰਗ ਕੀਤੀ। ਜਸਟਿਸ ਵਿਕਰਮ ਨਾਥ ਅਤੇ ਜਸਟਿਸ ਸੰਦੀਪ ਮਹਿਤਾ ਦੀ ਬੈਂਚ ਨੇ ਪਿਤਾ ਨੂੰ ਉਸਦੇ ਮਾਲਕੀ ਅਧਿਕਾਰ ਦਿੱਤੇ। ਅਦਾਲਤ ਨੇ ਸਪੱਸ਼ਟ ਕੀਤਾ ਕਿ ਬੱਚੇ ਆਪਣੇ ਮਾਪਿਆਂ ਨੂੰ ਆਪਣੀ ਜਾਇਦਾਦ ਤੋਂ ਬੇਦਖਲ ਨਹੀਂ ਕਰ ਸਕਦੇ। ਇਸ ਫੈਸਲੇ ’ਚ ਸੁਪਰੀਮ ਕੋਰਟ ਨੇ ਪੁੱਤਰ ਨੂੰ ਪਿਤਾ ਦੀ ਜਾਇਦਾਦ ਖਾਲੀ ਕਰਨ ਦਾ ਵੀ ਹੁਕਮ ਦਿੱਤਾ।

## ਦੇਸ਼ ’ਚ ਇਕਸਾਰ ਸਿਵਲ ਕੋਡ ਲਾਗੂ ਕਰਨਾ ਸਮੇਂ ਦੀ ਲੋੜ : ਹਾਈ ਕੋਰਟ

ਨਵੀਂ ਦਿੱਲੀ27 ਸਤੰਬਰ। ਦਿੱਲੀ ਹਾਈ ਕੋਰਟ ਨੇ ਕਿਹਾ ਹੈ ਕਿ ਇਕਸਾਰ ਸਿਵਲ ਕੋਡ (ਯੂ. ਸੀ. ਸੀ.) ਨੂੰ ਲਾਗੂ ਕਰਨਾ ਸਮੇਂ ਦੀ ਲੋੜ ਹੈ। ਪਰਸਨਲ ਲਾਅ ਅਧੀਨ ਬਾਲ ਵਿਆਹ ਦੀ ਆਗਿਆ ਹੈ ਪਰ ਪੋਕਸੋ ਅਧੀਨ ਇਹ ਅਪਰਾਧ ਹੈ। ਇਨ੍ਹਾਂ ਕਾਨੂੰਨਾਂ ਵਿਚਾਲੇ ਅਕਸਰ ਟਕਰਾਅ ਨੂੰ ਵੇਖਦੇ ਹੋਏ ਇਕ ਸਪੱਸ਼ਟ ਕਾਨੂੰਨੀ ਵਿਆਖਿਆ ਜ਼ਰੂਰੀ ਹੈ। ਜਸਟਿਸ ਅਰੁਣ ਮੋਂਗਾ ਨੇ ਸ਼ੁੱਕਰਵਾਰ ਸਵਾਲ ਕੀਤਾ ਕਿ ਕੀ ਹੁਣ ਯੂ. ਸੀ. ਸੀ. ਵੱਲ ਵਧਣ ਦਾ ਸਮਾਂ ਆ ਗਿਆ ਹੈ? ਇਹ ਯਕੀਨੀ ਬਣਾਉਣ ਲਈ ਇਕ ਢਾਂਚਾ ਤਿਆਰ ਕੀਤਾ ਜਾਵੇ ਕਿ ਪਰਸਨਲ ਲਾਅ ਵਰਗੇ ਕਾਨੂੰਨ ਰਾਸ਼ਟਰੀ ਕਾਨੂੰਨਾਂ ’ਤੇ ਭਾਰੂ ਨਾ ਹੋਣ। ਦਿੱਲੀ ਹਾਈ ਕੋਰਟ ਦਾ ਇਹ ਨਿਰੀਖਣ ਹਾਮਿਦ ਰਜ਼ਾ ਵੱਲੋਂ ਦਾਇਰ ਜ਼ਮਾਨਤ ਦੀ ਪਟੀਸ਼ਨ ’ਤੇ ਸੁਣਵਾਈ ਦੌਰਾਨ ਆਇਆ, ਜਿਸ ’ਤੇ ਇਕ ਨਾਬਾਲਗ ਕੁੜੀ ਨਾਲ ਵਿਆਹ ਕਰਨ ਦਾ ਦੋਸ਼ ਹੈ। ਉਸ ’ਤੇ ਆਈ. ਪੀ. ਸੀ. ਦੀ ਧਾਰਾ 376 ਤੇ ਪੋਕਸੋ ਐਕਟ ਅਧੀਨ ਦੋਸ਼ ਹੈ। ਰਜ਼ਾ ਵਿਰੁੱਧ ਐੱਫ. ਆਈ. ਆਰ. ਕੁੜੀ ਦੇ ਮਤਰੇਏ ਪਿਤਾ ਨੇ ਦਰਜ ਕਰਵਾਈ ਸੀ।

# ਕੇਜਰੀਵਾਲ ਨੇ ਭਾਜਪਾ ’ਤੇ ਲਗਾਏ ਦੋਸ਼

**ਕੌਮੀ ਪਤ੍ਰਿਕਾ**
**ਨਵਦੀਪ ਸਿੰਘ ਸਾਹਨੀ**

ਨਵੀਂ ਦਿੱਲੀ 27 ਸਤੰਬਰ। ਆਮ ਆਦਮੀ ਪਾਰਟੀ (ਆਪ) ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਵੀਰਵਾਰ ਨੂੰ ਭਾਰਤੀ ਜਨਤਾ ਪਾਰਟੀ (ਭਾਜਪਾ) ’ਤੇ ਸੰਵਿਧਾਨਕ ਅਧਿਕਾਰਾਂ ਨੂੰ ਹੜੱਪਣ ਦਾ ਦੋਸ਼ ਲਗਾਉਂਦੇ ਹੋਏ ਕਿਹਾ ਕਿ ਲੱਦਾਖ ਦੀ ਲੜਾਈ ਕੱਲ੍ਹ ਨੂੰ ਰਾਸ਼ਟਰੀ ਲੜਾਈ ਬਣ ਸਕਦੀ ਹੈ। ਕੇਜਰੀਵਾਲ ਨੇ ਕਿਹਾ, ਅੱਜ ਲੱਦਾਖ ਵਿੱਚ ਜੋ ਹੋ ਰਿਹਾ ਹੈ, ਉਹ ਬਹੁਤ ਚਿੰਤਾਜਨਕ ਹੈ। ਹਰ ਸੱਚੇ ਦੇਸ਼ ਭਗਤ ਨੂੰ ਲੱਦਾਖ ਦੇ ਲੋਕਾਂ ਦਾ ਸਮਰਥਨ ਕਰਨਾ ਚਾਹੀਦਾ ਹੈ। ਕੀ ਅਸੀਂ ਅੰਗਰੇਜ਼ਾਂ ਤੋਂ ਆਜ਼ਾਦੀ ਇਸ ਲਈ ਪ੍ਰਾਪਤ ਕੀਤੀ ਸੀ ਕਿ ਲੋਕ ਅੰਗਰੇਜ਼ਾਂ ਦੀ ਬਜਾਏ ਭਾਜਪਾ ਦੇ ਗੁਲਾਮ ਬਣ ਜਾਣ? ਉਹਨਾਂ ਨੇ ਕਿਹਾ ਭਗਤ ਸਿੰਘ, ਚੰਦਰਸ਼ੇਖਰ ਆਜ਼ਾਦ ਵਰਗੇ ਕ੍ਰਾਂਤੀਕਾਰੀਆਂ ਨੇ ਲੋਕਤੰਤਰ ਲਈ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ ਤਾਂਕਿ ਹਰੇਕ ਭਾਰਤੀ ਨੂੰ ਆਪਣੀ ਸਰਕਾਰ ਚੁਣਨ ਦਾ ਅਧਿਕਾਰ ਮਿਲ ਸਕੇ। ਪਰ ਅੱਜ ਭਾਜਪਾ ਸੱਤਾ ਦੇ ਨਸ਼ੇ ਵਿਚ ਇਕ ਤੋਂ ਬਾਅਦ




ਇਕ ਸੂਬਿਆਂ ਨੂੰ ਕੇਂਦਰ ਸ਼ਾਸ਼ਤ ਪ੍ਰਦੇਸ਼ ਬਣਾ ਰਹੀ ਹੈ, ਸੰਵਿਧਾਨ ਦੁਆਰਾ ਦਿੱਤੇ ਗਏ ਅਧਿਕਾਰਾਂ ਨੂੰ ਖੋਹ ਰਹੀ ਹੈ। ’ਆਪ’ ਨੇਤਾ ਨੇ ਕਿਹਾ ਲਦਾਖ ਦੇ ਲੋਕ ਕੀ ਮੰਗ ਰਹੇ ਹਨ? ਉਹ ਸਿਰਫ਼ ਆਪਣੀ ਵੋਟ ਦਾ ਅਧਿਕਾਰ, ਸਰਕਾਰ ਚੁਣਨ ਦਾ ਅਧਿਕਾਰੀ ਮੰਗ ਰਹੇ ਹਨ ਪਰ ਭਾਜਪਾ ਉਹਨਾਂ ਦੀ ਆਵਾਜ਼ ਦਬਾ ਰਹੀ ਹੈ। ਵਾਰ-ਵਾਰ ਵਾਅਦੇ ਕਰਨ ਦੇ ਬਾਵਜੂਦ ਉਹ ਉਹਨਾਂ ਨੂੰ ਵੋਟ ਦਾ ਅਧਿਕਾਰ ਨਹੀਂ ਦੇ ਰਹੀ। ਲੋਕਤੰਤਰ ਜਨਤਾ ਦੀ ਆਵਾਜ਼ ਹੈ ਅਤੇ ਜਦੋਂ ਸਰਕਾਰ ਉਹੀ ਆਵਾਜ਼ ਦਬਾਉਣ ਲੱਗਦੀ ਹੈ ਤਾਂ ਜਨਤਾ ਦਾ ਫਰਜ਼ ਬਣਦਾ ਹੈ ਕਿ ਉਹ ਉੱਚੀ ਆਵਾਜ਼ ਵਿਚ ਬੋਲਣ। ਉਹਨਾਂ ਕਿਹਾ ਕਿ ਦੇਸ਼ ਦੇ ਲੋਕਤੰਤਰ ਨੂੰ ਬਚਾਉਣ ਹੈ ਤਾਂ ਇਸ ਤਾਨਾਸ਼ਾਹੀ ਦੇ ਖ਼?ਲਾਫ਼ ਹੁਣ ਚੁੱਪ ਨਹੀਂ ਬੈਠਿਆ ਜਾ ਸਕਦਾ। ਅੱਜ ਲਦਾਖ ਦੀ ਲੜਾਈ, ਕੱਲ ਪੂਰੇ ਦੇਸ਼ ਦੀ ਲੜਾਈ ਬਣ ਸਕਦੀ ਹੈ। ਜ਼ਿਕਰਯੋਗ ਹੈ ਕਿ ਕੇਂਦਰ ਸ਼ਾਸਤ ਪ੍ਰਦੇਸ਼ ਲਦਾਖ ਨੂੰ ਪੂਰਨ ਸੂਬਾ ਦਾ ਦਰਜਾ ਦੇਣ ਦੀ ਮੰਗ ਨੂੰ ਲੈ ਕੇ ਲੇਹ ਵਿਚ ਬੁੱਧਵਾਰ ਨੂੰ ਹਿੰਸਕ ਪ੍ਰਦਰਸ਼ਨ ਹੋਇਆ।

## ਭਾਜਪਾ ਦਾ ਦੂਜਾ ਨਾਂ ’ਪੇਪਰ ਚੋਰ’, ਮੈਂ ਉਤਰਾਖੰਡ ਦੇ ਨੌਜਵਾਨਾਂ ਨਾਲ ਮਜ਼ਬੂਤੀ ਨਾਲ ਖੜ੍ਹਾ: ਰਾਹੁਲ

ਨਵੀਂ ਦਿੱਲੀ 27 ਸਤੰਬਰ। ਕਾਂਗਰਸ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਨੇ ਉਤਰਾਖੰਡ ਸੁਬਾਰਡੀਨੇਟ ਸਰਵਿਸਿਜ਼ ਸਿਲੈਕਸ਼ਨ ਕਮਿਸ਼ਨ (ਯੂਕੇਐਸਐਸਐਸਸੀ) ਪ੍ਰੀਖਿਆ ਦੇ ਕਥਿਤ ਪੇਪਰ ਲੀਕ ਦੇ ਸੰਬੰਧ ਵਿੱਚ ਸ਼ੁੱਕਰਵਾਰ ਨੂੰ ਦੋਸ਼ ਲਗਾਇਆ ਕਿ ਭਾਰਤੀ ਜਨਤਾ ਪਾਰਟੀ (ਭਾਜਪਾ) ਦਾ ਦੂਜਾ ਨਾਮ ਪੇਪਰ ਚੋਰ ਹੈ। ਉਨ੍ਹਾਂ ਕਿਹਾ ਕਿ ਉਹ ਇਸ ਲੜਾਈ ਵਿੱਚ ਉਤਰਾਖੰਡ ਦੇ ਨੌਜਵਾਨਾਂ ਨਾਲ ਮਜ਼ਬੂਤੀ ਨਾਲ ਖੜ੍ਹੇ ਹਨ। ਰਾਹੁਲ ਗਾਂਧੀ ਨੇ ✓ ’ਤੇ ਪੋਸਟ ਕੀਤਾ, ਅੱਜ, ਭਾਜਪਾ ਦਾ ਦੂਜਾ ਨਾਮ ਹੈ: ਪੇਪਰ ਚੋਰ। ਦੇਸ਼ ਭਰ ਵਿੱਚ ਵਾਰ-ਵਾਰ ਹੋਣ ਵਾਲੇ ਪੇਪਰ ਲੀਕ ਨੇ ਕਰੋੜਾਂ ਮਿਹਨਤੀ ਨੌਜਵਾਨਾਂ ਦੇ ਜੀਵਨ ਅਤੇ ਸੁਪਨਿਆਂ ਨੂੰ ਤਬਾਹ ਕਰ ਦਿੱਤਾ ਹੈ। ਉਤਰਾਖੰਡ ਵਿੱਚ ਉੱਤਰਾਖੰਡ SSC ਪੇਪਰ ਲੀਕ ਇਸਦੀ ਤਾਜ਼ਾ ਉਦਾਹਰਣ ਹੈ। ਲੱਖਾਂ ਨੌਜਵਾਨਾਂ ਨੇ ਦਿਨ-ਰਾਤ ਮਿਹਨਤ ਕੀਤੀ ਪਰ ਭਾਜਪਾ ਨੇ ਚੋਰੀ ਕਰਕੇ ਉਨ੍ਹਾਂ ਦੀ ਸਾਰੀ ਮਿਹਨਤ ’ਤੇ ਪਾਣੀ ਫੇਰ ਦਿੱਤਾ।’’ ਉਨ੍ਹਾਂ ਕਿਹਾ, ਅਸੀਂ ਲਗਾਤਾਰ ਮੰਗ ਕਰ ਰਹੇ ਹਾਂ ਕਿ ਪੇਪਰ ਲੀਕ ਨੂੰ ਰੋਕਣ ਲਈ ਇੱਕ ਮਜ਼ਬੂਤ ਅਤੇ ਪਾਰਦਰਸ਼ੀ ਸਿਸਟਮ ਬਣਾਇਆ ਜਾਵੇ। ਪਰ ਮੋਦੀ ਸਰਕਾਰ ਇਸ ’ਤੇ ਅੱਖਾਂ ਬੰਦ ਕਰਕੇ ਬੈਠੀ ਹੋਈ ਹੈ, ਕਿਉਂਕਿ ਉਹਨਾਂ ਨੌਜਵਾਨਾਂ ਦੀ ਬੇਰੁਜ਼ਗਾਰੀ ਬਾਰੇ ਨਹੀਂ ਸਗੋਂ ਆਪਣੀ ਤਾਕਤ ਬਾਰੇ ਚਿੰਤਤ ਹਨ। ਰਾਹੁਲ ਗਾਂਧੀ ਨੇ ਕਿਹਾ, ਬੇਰੁਜ਼ਗਾਰੀ ਅੱਜ ਦੇਸ਼ ਦੇ ਸਾਹਮਣੇ ਸਭ ਤੋਂ ਵੱਡੀ ਸਮੱਸਿਆ ਹੈ ਅਤੇ ਇਹ ਸਿੱਧੇ ਤੌਰ ’ਤੇ ਵੋਟ ਚੋਰੀ ਨਾਲ ਜੁੜੀ ਹੋਈ ਹੈ। ਕਾਗਜ਼ ਚੋਰ ਜਾਣਦੇ ਹਨ ਕਿ ਭਾਵੇਂ ਨੌਜਵਾਨਾਂ ਨੂੰ ਨੌਕਰੀਆਂ ਨਾ ਵੀ ਮਿਲਣ, ਉਹ ਚੋਣਾਂ ਵਿੱਚ ਵੋਟਾਂ ਚੋਰੀ ਕਰਕੇ ਸੱਤਾ ਵਿੱਚ



ਰਹਿਣਗੇ। ਉਹਨਾਂ ਕਿਹਾ, ’ਨੌਜਵਾਨ ਸੜਕਾਂ ’ਤੇ ਹਨ ਅਤੇ ਨਾਅਰੇ ਲਗਾ ਰਹੇ ਹਨ, ’ਪੇਪਰ ਚੋਰ, ਗੱਦੀ ਛੋੜ।’ ਉਨ੍ਹਾਂ ਕਿਹਾ, ਇਹ ਸਿਰਫ਼ ਨੌਜਵਾਨਾਂ ਲਈ ਨੌਕਰੀਆਂ ਦੀ ਲੜਾਈ ਨਹੀਂ ਹੈ, ਇਹ ਨਿਆਂ ਅਤੇ ਲੋਕਤੰਤਰ ਦੀ ਲੜਾਈ ਹੈ। ਮੈਂ ਨਿਆਂ ਦੀ ਇਸ ਲੜਾਈ ਵਿੱਚ ਹਰ ਵਿਦਿਆਰਥੀ ਅਤੇ ਨੌਜਵਾਨ ਦੇ ਨਾਲ ਮਜ਼ਬੂਤੀ ਨਾਲ ਖੜ੍ਹਾ ਹਾਂ।

## ਆਰ.ਐੱਸ.ਐੱਸ. ਦੀ ਪ੍ਰਾਰਥਨਾ ਮਾਤ ਭੂਮੀ ਦੇ ਪ੍ਰਤੀ ਸਮਰਪਣ ਦਾ ਸਮੂਹਿਕ ਸਕੰਲਪ ਹੈ: ਭਾਗਵਤ

ਨਾਗਪੁਰ 27 ਸਤੰਬਰ। ਰਾਸ਼ਟਰੀ ਸਵੈਮ ਸੇਵਕ ਸੰਘ (ਆਰ.ਐੱਸ.ਐੱਸ.) ਦੇ ਮੁਖੀ ਮੋਹਨ ਭਾਗਵਤ ਨੇ ਸ਼ਨੀਵਾਰ ਨੂੰ ਕਿਹਾ ਕਿ ਸੰਗਠਨ ਦੀ ਪ੍ਰਾਰਥਨਾ ਦੇਸ਼ ਅਤੇ ਪਰਮਾਤਮਾ ਦੇ ਪ੍ਰਤੀ ਵਲੰਟੀਅਰਾਂ ਦਾ ਸਮੂਹਿਕ ਸੰਕਲਪ ਹੈ। ਭਾਗਵਤ ਨੇ ਆਰਐਸਐਸ ਦੀ ਪ੍ਰਾਰਥਨਾ ਦਾ ਆਡੀਓ ਜਾਰੀ ਕੀਤਾ, ਜਿਸ ਨੂੰ ਗਾਇਕ ਸ਼ੰਕਰ ਮਹਾਦੇਵਨ ਨੇ ਗਾਇਆ ਸੀ ਅਤੇ ਹਰੀਸ਼ ਭੀਮਾਨੀ ਅਤੇ ਅਦਾਕਾਰ ਸਚਿਨ ਖੇੜੇਕਰ ਨੇ ਕ੍ਰਮਵਾਰ ਹਿੰਦੀ ਅਤੇ ਮਰਾਠੀ ਵਿੱਚ ਇਸ ਦਾ ਅਰਥ ਵਲੰਟੀਅਰਾਂ ਨੂੰ ਸਮਝਾਇਆ। ਨਾਗਪੁਰ ਵਿੱਚ ਇੱਕ ਸਮਾਗਮ ਵਿੱਚ ਬੋਲਦਿਆਂ ਭਾਗਵਤ ਨੇ ਕਿਹਾ, ਇਹ ਭਾਰਤ ਮਾਤਾ ਦੇ ਪ੍ਰਤੀ ਭਗਤੀ, ਪਿਆਰ ਅਤੇ ਸਮਰਪਣ ਨੂੰ ਪ੍ਰਗਟ



ਕਰਦੀ ਹੈ। ਇਸ ਪ੍ਰਾਰਥਨਾ ਵਿਚ ਇਹ ਦੱਸਿਆ ਗਿਆ ਹੈ ਕਿ ਅਸੀਂ ਦੇਸ਼ ਨੂੰ ਕੀ ਦੇ ਸਕਦੇ ਹਾਂ। ਪ੍ਰਾਰਥਨਾ ਵਿਚ ਪ੍ਰਮਾਤਮਾ ਨੂੰ ਬੇਨਤੀ ਕੀਤੀ ਗਈ ਹੈ ਕਿ ਉਹ ਦੇਸ਼ ਦੀ ਸੇਵਾ ਕਨ ਵਿਚ ਸਾਡੀ ਸਹਾਇਤਾ ਕਰੇ। ਉਨ੍ਹਾਂ ਕਿਹਾ ਕਿ ਆਡੀਓ ਦੇ ਜਾਰੀ ਹੋਣ ਨਾਲ ਇਹ ਪ੍ਰਾਰਥਨਾ ਹੋਰ ਲੋਕਾਂ ਤੱਕ ਪਹੁੰਚੇਗੀ। ਉਨ੍ਹਾਂ ਕਿਹਾ ਕਿ ਇਹ ਪ੍ਰਾਰਥਨਾ ਇੱਕ ਅਜਿਹੀ ਭਾਵਨਾ ਹੈ, ਜੋ ਵਲੰਟੀਅਰਾਂ ਨੂੰ ਮਾਤ ਭੂਮੀ ਪ੍ਰਤੀ ਸ਼ਰਧਾ, ਪਿਆਰ ਅਤੇ ਸਮਰਪਣ ਦੇ ਸਮੂਹਿਕ ਸੰਕਲਪ ਵਿੱਚ ਸਹਾਇਤਾ ਕਰਦੀ ਹੈ।

# ਉਪ ਰਾਜਪਾਲ ਕਵਿੰਦਰ ਗੁਪਤਾ ਨੇ ਲੱਦਾਖ ਵਿੱਚ ਕਾਨੂੰਨ ਅਤੇ ਵਿਵਸਥਾ, ਸੁਰੱਖਿਆ ਸਥਿਤੀ ਬਾਰੇ ਉੱਚ ਪੱਧਰੀ ਮੀਟਿੰਗ ਦੀ ਕੀਤੀ ਪ੍ਰਧਾਨਗੀ

**ਕੌਮੀ ਪਤ੍ਰਿਕਾ**
**ਤੇਜਿੰਦਰ ਕੌਰ ਬੱਬਰ**

ਲੇਹ 27 ਸਤੰਬਰ। ਲੱਦਾਖ ਦੇ ਮਾਣਯੋਗ ਉਪ ਰਾਜਪਾਲ, ਸ਼੍ਰੀ ਕਵਿੰਦਰ ਗੁਪਤਾ ਨੇ ਅੱਜ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਮੌਜੂਦਾ ਕਾਨੂੰਨ ਅਤੇ ਵਿਵਸਥਾ ਅਤੇ ਸਮੁੱਚੇ ਸੁਰੱਖਿਆ ਦ੍ਰਿਸ਼ ਦਾ ਮੁਲਾਂਕਣ ਕਰਨ ਲਈ ਇੱਕ ਉੱਚ-ਪੱਧਰੀ ਸੁਰੱਖਿਆ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ। ਮੀਟਿੰਗ ਵਿੱਚ ਮੁੱਖ ਸਕੱਤਰ ਡਾ. ਪਵਨ ਕੋਤਵਾਲ, ਪੁਲਿਸ ਡਾਇਰੈਕਟਰ ਜਨਰਲ ਡਾ. ਐਸ.ਡੀ. ਸਿੰਘ ਜਾਮਵਾਲ, ਅਤੇ ਫੌਜ ਅਤੇ ਇੰਡੋ-ਤਿੱਬਤੀ ਸਰਹੱਦੀ ਪੁਲਿਸ ਦੇ ਸੀਨੀਅਰ ਅਧਿਕਾਰੀ ਸ਼ਾਮਲ ਹੋਏ। ਅਧਿਕਾਰੀਆਂ ਨੇ ਮੌਜੂਦਾ ਤੈਨਾਤੀਆਂ, ਉੱਭਰ ਰਹੀਆਂ ਚੁਣੌਤੀਆਂ ਅਤੇ ਜਨਤਕ ਸੁਰੱਖਿਆ, ਸ਼ਾਂਤੀ ਅਤੇ ਬਦਲਦੀਆਂ ਸਥਿਤੀਆਂ ਪ੍ਰਤੀ ਤਾਲਮੇਲ ਵਾਲੇ ਜਵਾਬ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਰਣਨੀਤੀਆਂ ਬਾਰੇ ਵਿਸਤ੍ਰਿਤ ਜਾਣਕਾਰੀ ਪੇਸ਼ ਕੀਤੀ। ਮੀਟਿੰਗ ਵਿੱਚ ਬੋਲਦਿਆਂ, ਮਾਣਯੋਗ ਉਪ ਰਾਜਪਾਲ ਨੇ ਸੁਰੱਖਿਆ ਵਾਤਾਵਰਣ ’ਤੇ ਨਿਰੰਤਰ ਨਜ਼ਰ ਰੱਖਦੇ ਹੋਏ ਸਖ਼ਤ ਕਾਨੂੰਨ ਅਤੇ ਵਿਵਸਥਾ ਬਣਾਈ ਰੱਖਣ ਦੀ ਮਹੱਤਤਾ ’ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਸਿਵਲ ਅਤੇ ਸੁਰੱਖਿਆ ਏਜੰਸੀਆਂ ਵਿਚਕਾਰ ਨਿਰਵਿਘਨ ਤਾਲਮੇਲ, ਸਮੇਂ ਸਿਰ ਖੁਫੀਆ ਜਾਣਕਾਰੀ ਸਾਂਝੀ ਕਰਨ ਅਤੇ ਸ਼ਾਂਤੀ ਅਤੇ ਸਥਿਰਤਾ ਲਈ ਕਿਸੇ ਵੀ ਖਤਰੇ ਦਾ ਮੁਕਾਬਲਾ ਕਰਨ ਲਈ ਸਰਗਰਮ ਉਪਾਵਾਂ ਦੀ ਜ਼ਰੂਰਤ ’ਤੇ ਜ਼ੋਰ ਦਿੱਤਾ। ਸ਼੍ਰੀ ਕਵਿੰਦਰ ਗੁਪਤਾ ਨੇ ਅੱਜ ਦੀਆਂ ਪਾਬੰਦੀਆਂ ਦੇ ਵਿਚਕਾਰ ਢਿੱਲ ਦੌਰਾਨ ਸੰਜਮ ਅਤੇ ਪਰਿਪੱਕਤਾ ਦਿਖਾਉਣ ਲਈ ਲੇਹ ਦੇ ਲੋਕਾਂ ਦੀ ਪ੍ਰਸ਼ੰਸਾ ਕੀਤੀ, ਜਿਸ ਨਾਲ ਖੇਤਰ ਵਿੱਚ ਸਦਭਾਵਨਾ ਬਣਾਈ ਰੱਖੀ ਗਈ। ਉਨ੍ਹਾਂ ਨੇ ਪ੍ਰਸ਼ਾਸਨ ਅਤੇ ਸੁਰੱਖਿਆ ਏਜੰਸੀਆਂ ਨੂੰ ਹਰ ਕੀਮਤ ’ਤੇ ਕਾਨੂੰਨ ਅਤੇ ਵਿਵਸਥਾ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ, ਨਾਲ ਹੀ ਨਾਗਰਿਕਾਂ ਦੇ ਅਧਿਕਾਰਾਂ ਅਤੇ ਭਲਾਈ ਦੀ ਰੱਖਿਆ ਕੀਤੀ। ਭਾਰਤ ਸਰਕਾਰ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਪ੍ਰਸ਼ਾਸਨ ਦੀ ਅਟੁੱਟ



ਵਚਨਬੱਧਤਾ ਦੀ ਪੁਸ਼ਟੀ ਕਰਦੇ ਹੋਏ, ਉਪ ਰਾਜਪਾਲ ਨੇ ਕਿਹਾ ਕਿ ਲੱਦਾਖ ਦੇ ਲੋਕਾਂ ਦੀ ਸੁਰੱਖਿਆ, ਸਥਿਰਤਾ ਅਤੇ ਸਮੁੱਚੀ ਭਲਾਈ ਦੀ ਰੱਖਿਆ ਲਈ ਹਰ ਕਦਮ ਚੁੱਕਿਆ ਜਾਵੇਗਾ। ਉਨ੍ਹਾਂ ਨੇ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਕਾਨੂੰਨ ਅਤੇ ਵਿਵਸਥਾ ਬਣਾਈ ਰੱਖਣਾ ਨਾ ਸਿਰਫ਼ ਸ਼ਾਂਤੀ ਲਈ ਮਹੱਤਵਪੂਰਨ ਹੈ, ਸਗੋਂ ਖੇਤਰ ਦੇ ਵਿਕਾਸ ਅਤੇ ਤਰੱਕੀ ਲਈ ਵੀ ਜ਼ਰੂਰੀ ਹੈ। ਉਪ ਰਾਜਪਾਲ ਨੇ ਲੋਕਾਂ ਨੂੰ ਸਦਭਾਵਨਾ ਨੂੰ ਭੰਗ ਕਰਨ ਦੀ ਕੋਸ਼ਿਸ਼ ਕਰਨ ਵਾਲੇ ਸਮਾਜ-ਵਿਰੋਧੀ ਅਤੇ ਰਾਸ਼ਟਰ-ਵਿਰੋਧੀ ਤੱਤਾਂ ਵਿਰੁੱਧ ਚੌਕਸ ਰਹਿਣ ਦੀ ਅਪੀਲ ਕੀਤੀ। ਉਨ੍ਹਾਂ ਲੱਦਾਖ ਵਿੱਚ ਸ਼ਾਂਤੀ, ਸਥਿਰਤਾ ਅਤੇ ਆਮ ਸਥਿਤੀ ਨੂੰ ਬਣਾਈ ਰੱਖਣ ਲਈ ਪ੍ਰਸ਼ਾਸਨ ਨਾਲ ਜਨਤਕ ਸਹਿਯੋਗ ਜਾਰੀ ਰੱਖਣ ਦੀ ਅਪੀਲ ਕੀਤੀ। ਮੀਟਿੰਗ ਕੇਂਦਰ ਸ਼ਾਸਤ ਪ੍ਰਦੇਸ਼ ਦੇ ਕਾਨੂੰਨ ਵਿਵਸਥਾ ਅਤੇ ਸੁਰੱਖਿਆ ਚੁਣੌਤੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕਰਨ ਲਈ ਇੱਕ ਸਰਗਰਮ, ਤਾਲਮੇਲ ਅਤੇ ਲੋਕ-ਕੇਂਦ੍ਰਿਤ ਪਹੁੰਚ ਅਪਣਾਉਣ ਦੇ ਸਪੱਸ਼ਟ ਨਿਰਦੇਸ਼ਾਂ ਨਾਲ ਸਮਾਪਤ ਹੋਈ।

# ਕਿਵੇਂ ਘਟਾਈਏ ਨੁਕਸਾਨਦਾਇਕ ਕੀੜੇ ?

• ਡਾ. ਦੀਪਇੰਦਰਪਾਲ ਸਿੰਘ

ਕੋਈ ਵੀ ਕੀੜਾ ਜਦੋਂ ਸਾਡੇ ਅਰਥਚਾਰੇ ਤੇ ਲਾਭ ਨੂੰ ਪ੍ਰਭਾਵਿਤ ਕਰਦਾ ਹੈ ਤਾਂ ਉਹ ਦੁਸ਼ਮਣ ਕੀੜਾ ਕਹਾਉਂਦਾ ਹੈ। ਜੇ ਇਹ ਕੀੜੇ ਸਿੱਧੇ ਤੌਰ 'ਤੇ ਕਿਸੇ ਬਿਮਾਰੀ ਦੇ ਕੈਰੀਅਰ ਹੋਣ ਜਾਂ ਅਸਿੱਧੇ ਤੌਰ 'ਤੇ ਸਾਡੇ ਪਾਲਤੂ ਜਾਨਵਰਾਂ, ਫ਼ਸਲਾਂ ਤੇ ਲੱਕੜ ਦੇ ਭੰਡਾਰ ਨੂੰ ਪ੍ਰਭਾਵਿਤ ਕਰਦੇ ਹਨ।ਤਾਂ ਇਹ ਬੇਹੱਦ ਨੁਕਸਾਨਦੇਹ ਸਿੱਧ ਹੁੰਦੇ ਹਨ। ਇਹ ਕੀੜੇ ਉਦੋਂ 'ਪੈਸਟ' ਬਣਦੇ ਹਨ ਜਦੋਂ ਉਹ ਇਕ ਖ਼ਾਸ ਜਗ੍ਹਾ ਰਹਿਣ ਵਾਲੀਆਂ ਜਾਤੀਆਂ ਨੂੰ ਉੱਥੋਂ ਖਦੇੜ ਦਿੰਦੇ ਹਨ। ਉਦਾਹਰਣ ਦੇ ਤੌਰ 'ਤੇ ਵਸਨੀਕ ਕੀੜੇ ਆਪਣੀ ਹੀ ਜਗਾ ਦੇ ਪੱਕੇ ਪੌਦਿਆਂ 'ਤੇ ਸ਼ਹਿਦ ਦੀਆਂ ਮੱਖੀਆਂ ਦੇ ਮੁਕਾਬਲੇ ਵਧੀਆ ਪਰਾਗਣ ਕਿਰਿਆ ਕਰਦੇ ਹਨ ਜਦਕਿ ਇਨ੍ਹਾਂ ਦੇ ਖ਼ਾਤਮੇ ਬੀਜਾਂ ਦੀ ਉਤਪਤੀ ਘਟ ਜਾਂਦੀ ਹੈ ਤੇ ਫ਼ਸਲੀ ਪੈਦਾਵਾਰ 'ਚ ਗਿਰਾਵਟ ਦੇ ਆਸਾਰ ਪੈਦਾ ਹੋ ਜਾਂਦੇ ਹਨ।

### ਬਾਹਰੀ ਕੀੜੇ ਮੂਲ ਕੀੜਿਆਂ ਲਈ ਖ਼ਤਰਾ

ਕੁਝ ਬਾਹਰੋਂ ਆਈਆ ਤੇ ਸੁਭਾਅ ਪੱਖੋਂ ਤੇਜ਼ ਕੀੜੀਆਂ, ਜਿਵੇਂ ਵੱਡੇ ਸਿਰ ਵਾਲੀ ਕੀੜੀ (ਫੀਲੀਔਲ ਮੈਗਸੀਫੈਲਾ) ਤੇ ਅਰਜਨਟਾਈਨ ਕੀੜੀ (ਲਾਈਨੇਪੀਥੈਮਾ ਹਿਊਮਾਈਲ) ਨੇ ਬਰਮੂਡਾ ਤੇ ਹਵਾਈ ਇਲਾਕੇ ਦੇ ਵਸਨੀਕ ਕੀੜਿਆਂ ਨੂੰ ਉੱਥੋਂ ਖਦੇੜ ਦਿੱਤਾ ਤੇ ਉਨ੍ਹਾਂ ਦੀਆਂ ਜਾਤੀਆਂ ਲਈ ਖ਼ਤਰਾ ਪੈਦਾ ਕਰ ਦਿੱਤਾ ਹੈ। ਸਾਡੇ ਲਈ ਇਹ ਜਾਨਣਾ ਬੇਹੱਦ ਜ਼ਰੂਰੀ ਹੈ ਕੀੜਾ 'ਪੈਸਟ' ਕਿਵੇਂ ਬਣਦਾ ਹੈ ਤੇ ਕਿਸ ਤਰ੍ਹਾਂ ਫ਼ਸਲਾਂ ਅਤੇ ਅਰਥਚਾਰੇ ਦਾ ਨੁਕਸਾਨ ਕਰਦਾ ਹੈ ? ਇਸ ਤੋਂ ਇਲਾਵਾ ਕੀੜੇਮਾਰ ਦਵਾਈਆਂ ਦੇ ਪ੍ਰਭਾਵ ਤੇ ਕੀੜੇ ਦੇ ਇਨ੍ਹਾਂ ਦਵਾਈਆਂ ਪ੍ਰਤੀ ਅਵਰੋਧ ਬਾਰੇ ਜਾਨਣਾ ਵੀ ਲਾਜ਼ਮੀ ਹੈ। ਕਈ ਵਾਰ ਬਹੁਤ ਥੋੜ੍ਹੇ ਦੁਸ਼ਮਣ ਕੀੜੇ ਵੀ ਬਹੁਤ ਜ਼ਿਆਦਾ ਨੁਕਸਾਨ ਕਰ ਦਿੰਦੇ ਹਨ। ਜਿਵੇਂ, ਫਲਾਂ ਨੂੰ ਕੋਡਲਿੰਗ ਪਤੰਗਾ ਤੇ ਫਲਾਂ ਦੀ ਮੱਖੀ (ਡਰੋਸੋਫਿਲਾ) ਭਾਰੀ ਨੁਕਸਾਨ ਪਹੁੰਚਾਉਂਦੇ ਹਨ। ਮਾਰਕੀਟ 'ਚ ਮੁਕਾਬਲੇ ਦੀ ਸਥਿਤੀ ਹੋਣ ਕਰਕੇ ਹੁਣ ਮਿਆਰੀ ਭੋਜਨ ਤੇ ਹੋਰਨਾਂ ਪਦਾਰਥਾਂ ਦਾ ਰੁਝਾਨ ਵਧ ਗਿਆ ਹੈ। ਇਸ ਲਈ ਸਾਨੂੰ ਦੁਸ਼ਮਣ ਕੀੜਿਆਂ ਦੀ ਹੋਂਦ ਸਿਰਫ਼ ਬਾਇਲੋਜੀਕਲ ਨਾ ਸੋਚ ਕੇ ਇਕੋਨੋਮੀਕਲੀ ਵੀ ਸੋਚਣਾ ਪਵੇਗਾ ਕਿ ਉਹ ਕਿਸ ਤਰ੍ਹਾਂ ਸਾਨੂੰ ਵਿੱਤੀ ਨੁਕਸਾਨ ਪਹੁੰਚਾਉਂਦੇ ਹਨ।

### ਕੀੜਿਆਂ ਦੀ ਫ਼ਸਲਾਂ ਤਕ ਪਹੁੰਚ ਹੋਈ ਆਸਾਨ

ਕਿਸੇ ਵੀ ਕੀੜੇ ਦੇ 'ਕੀਟ' ਬਣਨ ਪਿੱਛੇ ਕਈ ਕਾਰਨ ਹੋ ਸਕਦੇ ਹਨ। ਪਹਿਲਾ ਕਾਰਨ ਇਹ ਹੈ ਕਿ ਕਿਸੇ ਵੀ ਕੀੜੇ ਦਾ ਗ਼ਲਤੀ ਨਾਲ ਜਾਂ ਜਾਣ ਬੁਝ ਕੇ ਆਪਣੀ ਅਸਲੀ ਤੈਅ ਸੀਮਾ ਤੋਂ ਬਾਹਰ ਜਾਣਾ, ਜਿੱਥੇ ਉਹ ਆਪਣੇ ਕੁਦਰਤੀ ਦੁਸ਼ਮਣ ਕੀੜਿਆਂ ਤੋਂ ਬਚ ਜਾਂਦੇ ਹਨ ਜਾਂ ਉਨ੍ਹਾਂ ਦੀ ਪਹੁੰਚ ਤੋਂ ਬਾਹਰ ਹੋ ਜਾਂਦੇ ਹਨ। ਦੂਸਰਾ, ਜਦੋਂ ਕੀਟ ਆਪਣੇ ਪੱਕੇ ਬੂਟੇ ਨੂੰ ਛੱਡ ਕੇ ਦੂਸਰੇ ਪੌਦੇ, ਜੋ ਉਸ ਜਗ੍ਹਾ ਵਾਸਤੇ ਨਵੇਂ ਹੁੰਦੇ ਹਨ, ਉਸ ਉੱਪਰ ਚਲੇ ਜਾਂਦੇ ਹਨ। ਇਹ ਕੰਮ ਉਹ ਕੀੜੇ ਕਰਦੇ ਹਨ ਜੋ ਇਕ ਤੋਂ ਵੱਧ ਪੌਦਿਆਂ 'ਤੇ ਆਪਣਾ ਨਿਰਵਾਹ ਕਰਦੇ ਹਨ, ਜਿਵੇਂ ਕਿ 'ਆਲੂ ਖਪੜਾ' (ਉਲੀਗੋਫੈਗਸ ਕਲੋਰੋਡੋ) ਆਪਣੇ ਪੱਕੇ ਬੂਟਿਆਂ ਤੋਂ ਆਲੂ 'ਤੇ ਚਲੇ ਗਈ ਹੈ ਤੇ ਇਕ ਤੋਂ ਵੱਧ ਪੌਦਿਆਂ 'ਤੇ ਰਹਿਣ ਜਾਂ ਉਨ੍ਹਾਂ ਨੂੰ ਖਾਣ ਵਾਲੇ ਕੀੜੇ, ਜਿਵੇਂ ਹੈਲੀਕੋਵਰਪਾ ਤੇ ਹੈਲੀਔਥਸ ਅੱਜ ਕਪਾਹ ਤੇ ਦੂਸਰੀਆਂ ਫ਼ਸਲਾਂ ਦੇ ਭਿਆਨਕ ਕੀੜੇ ਬਣ ਗਏ ਹਨ। ਤੀਜਾ ਕਾਰਨ ਇਕੱਲੀ ਫ਼ਸਲ 'ਤੇ ਬਹੁਤ ਸਾਰੀਆਂ ਫ਼ਸਲਾਂ ਨੂੰ ਸਾਂਝੇ ਤੌਰ 'ਤੇ ਬੀਜਣਾ ਹੈ। ਪਹਿਲਾਂ ਫ਼ਸਲਾਂ ਨੂੰ ਸਾਂਝੇ ਤੌਰ 'ਤੇ ਲਗਾਇਆ ਜਾਂਦਾ ਸੀ ਤੇ ਕੀੜੇ ਨੂੰ ਇਕ ਫ਼ਸਲ ਤੋਂ ਦੂਸਰੀ ਉਸੇ ਫ਼ਸਲ ਤਕ ਜਾਣ ਲਈ ਕਾਫੀ ਦੂਰੀ ਤੈਅ ਕਰਨੀ ਪੈਂਦੀ ਸੀ, ਜਿਸ ਨਾਲ ਵਿਚ-ਵਿਚਾਲੇ ਹੀ ਉਨ੍ਹਾਂ ਨੂੰ ਫ਼ਸਲਾਂ ਦੇ ਮਿੱਤਰ ਕੀੜੇ ਖਾ ਜਾਂਦੇ ਸਨ। ਹੁਣ ਜ਼ਮਾਨਾ ਇੱਕਲੀ ਜਾਂ ਇੱਕੋ ਫ਼ਸਲ ਬੀਜਣ ਦਾ ਆ ਗਿਆ ਹੈ, ਜਿਸ ਕਰਕੇ ਕੀੜੇ ਨੂੰ ਇਕ ਬੂਟੇ ਤੋਂ ਦੂਜੇ ਬੂਟੇ ਤਕ ਜਾਂ ਇਕ ਖੇਤ ਤੋਂ ਦੂਸਰੇ ਖੇਤ ਤਕ ਜਾਣ ਲਈ ਕੋਈ ਮੁਸ਼ਕਿਲ ਨਹੀਂ ਆਉਂਦੀ। ਜਿਸ ਕਾਰਨ ਕੀੜਿਆਂ ਦੀ ਗਿਣਤੀ ਵਧ ਜਾਂਦੀ ਹੈ ਤੇ ਉਹ ਕੀਟ ਦਾ ਰੂਪ ਧਾਰਨ ਕਰ ਲੈਂਦੇ ਹਨ।

### ਰਸਾਇਣਾਂ ਦੇ ਮਾੜੇ ਪ੍ਰਭਾਵ

ਕੀੜੇਮਾਰ ਰਸਾਇਣਕ ਦਵਾਈਆਂ ਦਾ ਉਤਪਾਦਨ ਦੂਸਰੇ ਵਿਸ਼ਵ ਯੁੱਧ ਵੇਲੇ ਹੋਇਆ। ਉਸ ਵੇਲੇ ਇਹ ਦਵਾਈਆਂ ਦਮਦਾਰ ਤੇ ਸਸਤੀਆਂ ਸਨ। ਕਿਸਾਨਾਂ ਲਈ ਕੀੜਿਆਂ ਨੂੰ ਕੰਟਰੋਲ ਕਰਨ ਦਾ ਇਹ ਸਸਤਾ ਤੇ ਵਧੀਆ ਸਾਧਨ ਸੀ। ਜਿਸ ਨੂੰ ਜਲਦ ਹੀ ਘਰੇਲੂ ਰਸਾਇਣਕ, ਕਲਚਰਲ ਤੇ ਬਾਇਲੋਜੀਕਲ ਕੰਟਰੋਲ ਨੇ ਬਦਲ ਕੇ ਰੱਖ ਦਿੱਤਾ॥1950-60 ਦੇ ਦਹਾਕੇ ਸਮੇਂ ਇਨ੍ਹਾਂ ਕੀੜੇਮਾਰ ਦਵਾਈਆਂ ਦੀ ਭਰਮਾਰ ਸੀ ਤੇ ਇਨ੍ਹਾਂ ਦਾ ਇਸਤੇਮਾਲ ਵਧਦਾ ਗਿਆ। ਅੱਜ ਕਿਸਾਨ ਕੋਲ ਨੁਕਸਾਨਦੇਹ ਕੀੜਿਆਂ 'ਤੇ ਕਾਬੂ ਪਾਉਣ ਦਾ ਇਹ ਇਕੋ ਹੀ ਤਰੀਕਾ ਰਹਿ ਗਿਆ ਹੈ। ਇਸ 'ਚ ਕੋਈ ਸ਼ੱਕ ਨਹੀਂ ਕਿ ਇਨ੍ਹਾਂ ਦਵਾਈਆਂ ਨੇ ਕੀੜੇ ਦੀ ਆਮਦ ਨੂੰ ਬਹੁਤ ਹੱਦ ਤਕ ਘਟਾਇਆ ਹੈ ਪਰ ਇਸ ਦੇ ਬੁਰੇ ਪ੍ਰਭਾਵ ਵੀ ਪਏ ਹਨ। ਕੁਦਰਤੀ ਪੌਲੀਨੇਟਰਜ਼ ਤੇ ਮਿੱਤਰ ਕੀੜਿਆਂ ਦਾ ਵੀ ਇਨ੍ਹਾਂ ਦਵਾਈਆਂ ਨਾਲ ਖਾਤਮਾ ਹੋ ਰਿਹਾ ਹੈ। ਨਤੀਜੇ ਵਜੋਂ ਦੁਸ਼ਮਣ ਕੀੜਿਆਂ ਦੀ ਗਿਣਤੀ ਵਧ ਗਈ ਹੈ। ਜੇ ਇਨ੍ਹਾਂ ਕੀੜਿਆਂ ਦੇ ਕੁਦਰਤੀ ਦੁਸ਼ਮਣ ਕੀੜੇ ਬਹੁਤ ਹੌਲੀ ਦਰ ਨਾਲ ਵਧਦੇ ਹਨ ਤਾਂ ਫ਼ਸਲਾਂ ਦੇ ਦੁਸ਼ਮਣ ਕੀੜੇ ਏਨੇ ਵਧ ਜਾਣਗੇ ਕਿ ਇਨ੍ਹਾਂ ਨਾਲ ਰਸਾਇਣਿਕ ਵਿਧੀ ਨਾਲ ਨਜਿੱਠਣਾ ਵੀ ਔਖਾ ਹੋ ਜਾਵੇਗਾ। ਇਸ ਤੋਂ ਇਲਾਵਾ ਇਨ੍ਹਾਂ ਰਸਾਇਣਕ ਦਵਾਈਆਂ ਦਾ ਵਾਤਾਵਰਨ ਤੇ ਮਨੁੱਖੀ ਸਿਹਤ 'ਤੇ ਵੀ ਬੁਰਾ ਪ੍ਰਭਾਵ ਪੈਂਦਾ ਹੈ। ਇਨ੍ਹਾਂ ਦਵਾਈਆਂ ਕਾਰਨ ਧਰਤੀ ਦੀ ਉਪਜਾਊ ਸ਼ਕਤੀ ਘਟ ਰਹੀ ਹੈ ਤੇ ਪਾਣੀ ਦੇ ਸਰੋਤਾਂ 'ਤੇ ਵੀ ਮਾੜਾ ਅਸਰ ਪੈ ਰਿਹਾ ਹੈ। ਕੀਟਨਾਸ਼ਕਾਂ ਕਾਰਨ ਵਾਲ ਝੜਨ, ਕੈਂਸਰ, ਅੱਖਾਂ ਦਾ ਖ਼ਰਾਬ ਹੋਣਾ, ਚਮੜੀ ਰੋਗ, ਸਾਹ ਦੀਆਂ ਬੀਮਾਰੀਆਂ ਮੁੱਖ ਤੌਰ 'ਤੇ ਉੱਭਰ ਕੇ ਸਾਹਮਣੇ ਆਈਆਂ ਹਨ।

### ਸਮੂਹਿਕ ਪ੍ਰਬੰਧ ਵਿਧੀ

ਨੁਕਸਾਨਦਾਇਕ ਕੀੜੇ ਘਟਾਉਣ ਦੇ ਸਮੂਹਿਕ ਪ੍ਰਬੰਧ ਦੀ ਵਿਧੀ ਪਹਿਲੀ ਵਾਰ 1960 ਵਿਚ ਪ੍ਰਮੋਟ ਹੋਈ ਸੀ, ਜਦੋਂ ਰਸਾਇਣਕ ਕੀੜੇਮਾਰ ਦਵਾਈਆਂ ਫੇਲ੍ਹ ਹੋ ਗਈਆਂ ਸਨ। ਖ਼ਾਸ ਕਰਕੇ ਕਪਾਹ ਦੀ ਫ਼ਸਲ ਉੱਤੇ 12 ਵਾਰ ਇਨ੍ਹਾਂ ਦਵਾਈਆਂ ਦਾ ਛੜਕਾਅ ਕਰਨ ਦੀ ਲੋੜ ਪੈ ਰਹੀ ਸੀ। ਜਿਸ ਕਰਕੇ ਇਹ ਦਵਾਈਆਂ ਫੇਲ੍ਹ ਹੋ ਗਈਆਂ ਸਨ। ਇਸ ਵਿਧੀ ਦਾ ਮੁੱਖ ਕਾਰਜ ਫ਼ਸਲ ਦੇ ਹੋ ਰਹੇ ਨੁਕਸਾਨ ਤੇ ਅਰਥਚਾਰੇ ਨੂੰ ਵੱਜ ਰਹੇ ਧੱਕੇ ਦੀ ਹੱਦ ਨੂੰ ਘਟਾਉਣ ਦੇ ਨਾਲ-ਨਾਲ ਇਨ੍ਹਾਂ ਰਸਾਇਣਾਂ ਦੇ ਮਿੱਤਰ ਕੀੜਿਆਂ ਤੇ ਵਾਤਾਵਰਨ ਉੱਪਰ ਪੈ ਰਹੇ ਮਾੜੇ ਪ੍ਰਭਾਵ ਦਾ ਘੱਟ ਕਰਨਾ ਹੈ। ਇਕੋਨੋਮਿਕ ਤੇ ਵਾਤਾਵਰਨ ਨੂੰ ਫ਼ਾਇਦੇ ਦੇ ਬਾਵਜੂਦ ਇਸ ਨੂੰ ਲਾਗੂ ਕਰਨ ਦਾ ਕੰਮ ਬਹੁਤ ਹੌਲੀ ਚੱਲ ਰਿਹਾ ਹੈ। ਇਸ ਦੇ ਮੁੱਖ ਕਾਰਨ ਹਨ : ਕੀਟ ਤੇ ਕੁਦਰਤੀ ਦੁਸ਼ਮਣਾਂ ਦੇ ਜੀਵਨ ਚੱਕਰ ਤੇ ਰਹਿਣ-ਸਹਿਣ ਦੀ ਜਾਣਕਾਰੀ ਦੀ ਘਾਟ, ਹਰੇਕ ਕੀਟ ਦੁਆਰਾ ਫ਼ਸਲ ਨੂੰ ਪਹੁੰਚਾਏ ਜਾਂਦੇ ਨੁਕਸਾਨ ਤੇ ਵਿੱਤੀ ਘਾਟੇ ਦੀ ਜਾਣਕਾਰੀ ਨਾ ਹੋਣ, ਉਕਤ ਜਾਣਕਾਰੀ ਲਈ ਖੋਜ ਦੇ ਖੇਤਰਾਂ 'ਚ ਪਰਪੱਕਤਾ ਨਾ ਹੋਣਾ ਤੇ ਕਿਸਾਨ, ਖੇਤੀਬਾੜੀ ਅਫਸਰਾਂ ਤੇ ਜੰਗਲਾਤ ਮਹਿਕਮੇ ਦੇ ਕਰਮਚਾਰੀਆਂ ਨੂੰ ਸਿਖਲਾਈ ਦੀ ਘਾਟ।

### ਬਾਇਲੋਜੀਕਲ ਕੰਟਰੋਲ ਤਕਨੀਕ

ਬਾਇਲੋਜੀਕਲ ਕੰਟਰੋਲ ਮਨੁੱਖ ਦੁਆਰਾ ਵਿਕਸਿਤ ਕੀਤੀ ਤਕਨੀਕ ਹੈ। ਇਸ ਵਿਚ ਕਿਸੇ ਵੀ ਕੀਟ ਦੇ ਕੁਦਰਤੀ ਦੁਸ਼ਮਣ ਨੂੰ ਉਸ ਉੱਪਰ ਛੱਡਿਆ ਜਾਂਦਾ ਹੈ ਤਾਂ ਕਿ ਕੀਟ ਨੂੰ ਕੁਝ ਹੱਦ ਤਕ ਖ਼ਤਮ ਕੀਤਾ ਜਾ ਸਕੇ ਪਰ ਇਹ ਤਕਨੀਕ ਸਾਡੇ ਅਰਥਚਾਰੇ ਨੂੰ ਉੱਚਾ ਚੁੱਕਣ 'ਚ ਬਹੁਤੀ ਸਹਾਈ ਸਿੱਧ ਨਹੀਂ ਹੋਈ, ਫਿਰ ਵੀ ਇਹ ਨੁਕਸਾਨ ਦੀ ਹੱਦ ਤਕ ਪਹੁੰਚਣ ਤੋਂ ਪਹਿਲਾਂ ਦੁਸ਼ਮਣ ਕੀੜੇ ਨੂੰ ਖ਼ਤਮ ਕਰ ਦਿੰਦੀ ਹੈ। ਹੁਣ ਤਕ ਬਹੁਤ ਸਾਰੀਆਂ ਬਾਇਲੋਜੀਕਲ ਵਿਧੀਆਂ ਪਛਾਣੀਆਂ ਜਾ ਚੁੱਕੀਆਂ ਹਨ ਪਰ ਇਨ੍ਹਾਂ ਦੀਆਂ ਪਰਿਭਾਸ਼ਾਵਾਂ ਅਲੱਗ ਹਨ ਜੋ ਅੱਜ ਵੀ ਸਮਝ ਨਹੀਂ ਆ ਰਹੀਆਂ। ਇਕ ਹੈ 'ਕਲਾਸੀਕਲ ਬਾਇਲੋਜੀਕਲ ਰੋਕਥਾਮ' ਜਿਸ ਦਾ ਮਤਲਬ ਹੈ ਨਵੇਂ ਕੁਦਰਤੀ ਦੁਸ਼ਮਣਾਂ ਨੂੰ ਵਿਕਸਿਤ ਕਰਨਾ, ਤਾਂ ਕਿ ਦੁਸ਼ਮਣ ਕੀੜੇ ਨੂੰ ਨਿਸ਼ਾਨਾ ਬਣਾਇਆ ਜਾ ਸਕੇ। ਇਹ ਵਿਧੀ ਉਨ੍ਹਾਂ ਦੁਸ਼ਮਣ ਕੀੜਿਆਂ ਵਾਸਤੇ ਲਾਭਦਾਇਕ ਹੈ ਜਿਹੜੇ ਆਪਣੀ ਜਗ੍ਹਾ ਛੱਡ ਕੇ ਆਪਣੀ ਸੀਮਾ ਤੋਂ ਬਾਹਰ ਦੂਸਰੀ ਜਗ੍ਹਾ 'ਤੇ ਚਲੇ ਜਾਂਦੇ ਹਨ। ਕੀੜਿਆਂ ਤੋਂ ਬਚਾਅ ਲਈ ਕਿਸਾਨਾਂ ਨੂੰ ਬਾਕਾਇਦਾ ਜਾਣਕਾਰੀ ਤੇ ਤਜਰਬਾ ਹੋਣਾ ਚਾਹੀਦਾ ਹੈ ਕਿ ਕਿਸ ਤਰ੍ਹਾਂ ਘੱਟ ਖ਼ਰਚੇ ਨਾਲ ਫ਼ਸਲ ਨੂੰ ਨੁਕਸਾਨ ਤੋਂ ਬਚਾਇਆ ਜਾ ਸਕਦਾ ਹੈ।

• ਮੋਬਾਈਲ 80540-33569

# ਵਿਹਲ ਨੂੰ ਹਾੜ੍ਹੀ ਦੀਆਂ ਫ਼ਸਲਾਂ ਦੀ ਵਿਉਂਤਬੰਦੀ ਲਈ ਵਰਤੋ

• ਡਾ. ਰਣਜੀਤ ਸਿੰਘ



ਮੌਸਮ ਬੇਭਰੋਸਗੀ ਵਾਲਾ ਚੱਲ ਰਿਹਾ ਹੈ। ਇਸ ਕਰਕੇ ਮੀਂਹ ਦਾ ਹਰ ਵੇਲੇ ਡਰ ਬਣਿਆ ਰਹਿੰਦਾ ਹੈ। ਕਿਸਾਨ ਮੌਸਮ ਬਾਰੇ ਭਵਿੱਖਬਾਣੀ ਜ਼ਰੂਰ ਪੜ੍ਹਿਆ ਕਰਨ ਤੇ ਉਸ ਅਨੁਸਾਰ ਆਪਣੀਆਂ ਫ਼ਸਲਾਂ ਦਾ ਪ੍ਰਬੰਧ ਕਰਨ ।ਹੁਣ ਮੌਸਮ ਵਿੱਚ ਬਦਲਾਅ ਆਉਣ ਦਾ ਸਮਾਂ ਆ ਗਿਆ ਹੈ। ਕਿਸਾਨਾਂ ਕੋਲ ਇਨ੍ਹਾਂ ਦਿਨਾਂ ਵਿੱਚ ਕੁਝ ਵਿਹਲ ਹੁੰਦੀ ਹੈ । ਅਗਲੇ ਮਹੀਨੇ ਹਾੜ੍ਹੀ ਦੀਆਂ ਫ਼ਸਲਾਂ ਦੀ ਬਿਜਾਈ ਸ਼ੁਰੂ ਹੋ ਜਾਣੀ ਹੈ। ਇਸ ਕਰਕੇ ਇਸ ਵਿਹਲ ਦੀ ਵਰਤੋਂ ਹਾੜ੍ਹੀ ਦੀਆਂ ਫ਼ਸਲਾਂ ਦੀ ਵਿਉਂਤਬੰਦੀ ਕਰਨ ਲਈ ਕਰਨੀ ਚਾਹੀਦੀ ਹੈ। ਮੌਸਮੀ ਤਬਦੀਲੀਆਂ ਅਤੇ ਮੰਡੀ ਦੀਆਂ ਮੁਸ਼ਕਿਲਾਂ ਨੂੰ ਦੇਖਦਿਆਂ ਹੋਇਆਂ ਕੇਵਲ ਇਕ ਹੀ ਫ਼ਸਲ ਦੀ ਬਿਜਾਈ ਨਾ ਕੀਤੀ ਜਾ ?ਵੇ ਸਗੋਂ ਫ਼ਸਲਾਂ ਵਿੱਚ ਕੁਝ ਵਖਰੇਵਾਂ ਕੀਤਾ ਜਾਵੇ। ਕਣਕ ਦੇ ਨਾਲ- ਨਾਲ ਕੁਝ ਰਕਬੇ ਵਿੱਚ ਸਬਜ਼ੀਆਂ, ਹਰਾ ਚਾਰਾ, ਦਾਲਾਂ ਤੇ ਤੇਲ ਬੀਜਾਂ ਦੀ ਵੀ ਕਾਸ਼ਤ ਕੀਤੀ ਜਾਵੇ। ਇਸ ਦੇ ਨਾਲ ਹੀ ਫ਼ਸਲਾਂ ਦੀਆਂ ਬੀਜਣ ਵਾਲੀਆਂ ਕਿਸਮਾਂ ਦਾ ਫ਼ੈਸਲਾ ਵੀ ਹੁਣ ਕਰ ਲੈਣਾ ਚਾਹੀਦਾ ਹੈ। ਇੰਜ ਤੁਹਾਨੂੰ ਪਤਾ ਲੱਗ ਜਾਵੇਗਾ ਕਿ ਤੁਸੀਂ ਕਿਹੜੀ ਫ਼ਸਲ ਹੇਠ ਕਿੰਨਾ ਰਕਬਾ ਬੀਜਣਾ ਹੈ। ਉਸ ਅਨੁਸਾਰ ਬੀਜ ਤੇ ਖਾਦ ਦਾ ਪ੍ਰਬੰਧ ਕੀਤਾ ਜਾ ਸਕਦਾ ਹੈ। ਫ਼ਸਲਾਂ ਦੀਆਂ ਪੰਜਾਬ ਵਿੱਚ ਕਾਸ਼ਤ ਲਈ ਸਿਫ਼ਾਰਿਸ਼ ਕੀਤੀਆਂ ਕਿਸਮਾਂ ਹੀ ਬੀਜੀਆਂ ਜਾਣ। ਦੁਕਾਨਦਾਰਾਂ ਦੇ ਆਖੇ ਲੱਗ ਗ਼ੈਰ ਪ੍ਰਮਾਣਿਤ ਕਿਸਮਾਂ ਬੀਜਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਸਾਰੀਆਂ ਕਿਸਮਾਂ ਦੀ ਪੂਰੀ ਤਰ੍ਹਾਂ ਪਰਖ਼ ਕਰਕੇ ਹੀ ਕਾਸ਼ਤ ਲਈ ਉਨ੍ਹਾਂ ਦੀ ਸਿਫ਼ਾਰਸ਼ ਕੀਤੀ ਜਾਂਦੀ ਹੈ।

> ਜੇ ਫ਼ਲਦਾਰ ਬੂਟੇ ਨਹੀਂ ਲਾਏ ਤਾਂ ਇਹ ਅਜੇ ਵੀ ਲਾਏ ਜਾ ਸਕਦੇ ਹਨ। ਸਦਾ ਬਹਾਰ ਬੂਟਿਆਂ ਵਿੱਚ ਕਿੰਨੂ, ਅੰਬ, ਲੀਚੀ, ਅਮਰੂਦ, ਬੇਰ, ਨਿੰਬੂ, ਆਂਵਲਾ ਪ੍ਰਮੁੱਖ ਹਨ। ਆਪਣੀ ਬੰਬੀ ਲਾਗੇ ਦੋ ਚਾਰ ਫ਼ਲਾਂ ਦੇ ਬੂਟੇ ਜ਼ਰੂਰ ਲਾਏ ਜਾਣ।



ਜੇ ਫ਼ਲਦਾਰ ਬੂਟੇ ਨਹੀਂ ਲਾਏ ਤਾਂ ਇਹ ਅਜੇ ਵੀ ਲਾਏ ਜਾ ਸਕਦੇ ਹਨ। ਸਦਾ ਬਹਾਰ ਬੂਟਿਆਂ ਵਿੱਚ ਕਿੰਨੂ, ਅੰਬ, ਲੀਚੀ, ਅਮਰੂਦ, ਬੇਰ, ਨਿੰਬੂ, ਆਂਵਲਾ ਪ੍ਰਮੁੱਖ ਹਨ। ਆਪਣੀ ਬੰਬੀ ਲਾਗੇ ਦੋ ਚਾਰ ਫ਼ਲਾਂ ਦੇ ਬੂਟੇ ਜ਼ਰੂਰ ਲਾਏ ਜਾਣ।

ਇਸ ਵਾਰ ਲੁਧਿਆਣਾ ਕਿਸਾਨ ਮੇਲਾ 22-23 ਸਤੰਬਰ ਨੂੰ ਹੋ ਰਿਹਾ ਹੈ। ਤੁਹਾਨੂੰ ਪਰਿਵਾਰਾਂ ਸਮੇਤ ਇਨ੍ਹਾਂ ਮੇਲਿਆਂ ਵਿੱਚ ਜਾਣਾ ਚਾਹੀਦਾ ਹੈ। ਆਪਣੀਆਂ ਸਮੱਸਿਆਵਾਂ ਨੂੰ ਨਾਲ ਲੈ ਕੇ ਜਾਵੋ ਤੇ ਮਾਹਿਰਾਂ ਨਾਲ ਇਨ੍ਹਾਂ ਬਾਰੇ ਵਿਚਾਰ ਵਟਾਂਦਰਾ ਕਰੋ।

ਵੇਲੇ ਸਿਰ ਬੀਜੀਆਂ ਸਾਉਣੀ ਦੀਆਂ ਫ਼ਸਲਾਂ ਇਸ ਮਹੀਨੇ ਪੱਕਣ ਲੱਗਦੀਆਂ ਹਨ। ਜੇਕਰ ਮੀਂਹ ਨਹੀਂ ਪਿਆ ਤਾਂ ਫ਼ਸਲ ਨੂੰ ਆਖ਼ਰੀ ਪਾਣੀ ਕਟਾਈ ਤੋਂ ਕਰੀਬ 15 ਦਿਨ ਪਹਿਲਾਂ ਦੇ ਦੇਣਾ ਚਾਹੀਦਾ ਹੈ। ਫ਼ਸਲਾਂ ਦੀ ਕਟਾਈ ਤੇ ਗਹਾਈ ਸਮੇਂ ਸਿਰ ਕਰੋ ਤਾਂ ਜੋ ਇਨ੍ਹਾਂ ਦਾ ਨੁਕਸਾਨ ਨਾ ਹੋ ਸਕੇ। ਅਸੀਂ ਪਿਛਲੇ ਹਫ਼ਤੇ ਵੀ ਦੱਸਿਆ ਸੀ ਕਿ ਜੇ ਕੋਈ ਖੇਤ ਵਿਹਲਾ ਹੈ ਤਾਂ ਉਥੇ ਤੋਰੀਆ ਬੀਜਿਆ ਜਾ ਸਕਦਾ ਹੈ। ਸਾਡੇ ਦੇਸ਼ ਵਿੱਚ ਤੇਲ ਬੀਜਾਂ ਦੀ ਬਹੁਤ ਘਾਟ ਹੈ। ਇਸ ਕਰਕੇ ਇਨ੍ਹਾਂ ਦੀ ਵਿਕਰੀ ਵਿੱਚ ਵੀ ਕੋਈ ਪ੍ਰੇਸ਼ਾਨੀ ਨਹੀਂ ਆਉਂਦੀ। ਤੋਰੀਆ ਕੇਵਲ ਤਿੰਨ ਮਹੀਨਿਆਂ ਦੀ ਫ਼ਸਲ ਹੈ ਤੇ ਇਕ ਏਕੜ ਵਿੱਚੋਂ ਪੰਜ ਕੁਇੰਟਲ ਤੋਂ ਵੱਧ ਝਾੜ ਪ੍ਰਾਪਤ ਹੋ ਜਾਂਦਾ ਹੈ। ਇਸ ਪਿੱਛੋਂ ਖੇਤ ਵਿੱਚ ਪਿਆਜ਼, ਆਲੂ ਜਾਂ ਸੂਰਜਮੁਖੀ ਦੀ ਕਾਸ਼ਤ ਕੀਤੀ ਜਾ ਸਕਦੀ ਹੈ। ਇਸ ਵਿੱਚ ਗੋਭੀ ਸਰ੍ਹੋਂ ਨੂੰ ਰਲਾ ਕੇ ਵੀ ਬੀਜਿਆ ਜਾ ਸਕਦਾ ਹੈ। ਤੋਰੀਆ ਦਸੰਬਰ ਵਿੱਚ ਕੱਟ ਲਿਆ ਜਾਂਦਾ ਹੈ ਜਦੋਂ ਕਿ ਸਰੋਂ ਮਾਰਚ ਵਿੱਚ ਪੱਕਦੀ ਹੈ। ਖੇਤ ਵਿੱਚ ਇਕ ਲਾਈਨ ਤੋਰੀਆ ਤੇ ਇਕ ਲਾਈਨ ਗੋਭੀ ਸਰੋਂ ਦੀ ਬੀਜੀ ਜਾ ਸਕਦੀ ਹੈ। ਗੋਭੀ ਸਰੋਂ ਤੋਂ ਪੂਰਾ ਝਾੜ ਭਾਵ ਅੱਠ ਕੁਇੰਟਲ ਪ੍ਰਤੀ ਏਕੜ ਪ੍ਰਾਪਤ ਹੋ ਜਾਂਦਾ ਹੈ। ਟੀਐੱਲ 17, ਪੀਬੀਟੀ 37 ਅਤੇ ਟੀਐੱਲ 15 ਸਿਫ਼ਾਰਸ਼ ਕੀਤੀਆਂ ਤੋਰੀਏ ਦੀਆਂ ਕਿਸਮਾਂ ਹਨ। ਜੀਐੱਸਸੀ 7, ਜੀਐੱਸਸੀ 6, ਹਾਇਓਲਾ ਪੀਏਸੀ 401 ਅਤੇ ਜੀਐੱਸਐੱਲ 2 ਗੋਭੀ ਸਰੋਂ ਦੀਆਂ ਕਿਸਮਾਂ ਹਨ। ਸਭ ਤੋਂ ਵੱਧ ਝਾੜ ਜੀਐੱਸਸੀ 7 ਦਾ ਕਰੀਬ 9 ਕੁਇੰਟਲ ਪ੍ਰਤੀ ਏਕੜ ਹੈ। ਰਲਵੀ ਫ਼ਸਲ ਲਈ ਦੋਵਾਂ ਦਾ ਕਿਲੋ ਕਿਲੋ ਬੀਜ ਪ੍ਰਤੀ ਏਕੜ ਚਾਹੀਦਾ ਹੈ। ਜਦੋਂਕਿ ਨਿਰੋਲ ਫ਼ਸਲ ਲਈ ਡੇਢ ਕਿਲੋ ਬੀਜ ਪ੍ਰਤੀ ਏਕੜ ਚਾਹੀਦਾ ਹੈ।

ਸਰਦੀਆਂ ਦੀਆਂ ਸਬਜ਼ੀਆਂ ਦੀ ਕਾਸ਼ਤ ਦਾ ਹੁਣ ਮੌਸਮ ਚੱਲ ਰਿਹਾ ਹੈ। ਫ਼ਲ ਗੋਭੀ ਦੀ ਪਨੀਰੀ ਪੁੱਟ ਕੇ ਖੇਤ ਵਿਚ ਲਾਉਣ ਦਾ ਇਹ ਢੁੱਕਵਾਂ ਸਮਾਂ ਹੈ। ਇਸ ਤਰ੍ਹਾਂ ਬੰਦਗੋਭੀ ਦੀ ਪਨੀਰੀ ਵੀ ਹੁਣ ਲਾ ਦੇਣੀ ਚਾਹੀਦੀ ਹੈ। ਗਾਜਰ, ਮੂਲੀ ਤੇ ਸ਼ਲਗਮ ਦੀ ਅਗੇਤੀ ਬਿਜਾਈ ਲਈ ਵੀ ਢੁਕਵਾਂ ਸਮਾਂ ਹੈ। ਪੰਜਾਬ ਕੈਰਟ ਰੈੱਡ, ਪੰਜਾਬ ਬਲੈਕ ਬਿਊਟੀ ਅਤੇ ਪੀਸੀ-34 ਗਾਜਰ ਦੀਆਂ ਉੱਨਤ ਕਿਸਮਾਂ ਹਨ। ਐੱਲ-1 ਸ਼ਲਗਮ ਦੀ ਸਿਫ਼ਾਰਸ਼ ਕੀਤੀਿ ਸਮ ਹੈ। ਮੂਲੀ ਦੀਆਂ ਹੁਣ ਪੰਜਾਬ ਸਫ਼ੈਦ ਮੂਲੀ-2, ਪੰਜਾਬ ਪਸੰਦ ਅਤੇ ਜਪਾਨੀ ਵਾਈਟ ਕਿਸਮਾਂ ਦੀ ਬਿਜਾਈ ਕਰਨੀ ਚਾਹੀਦੀ ਹੈ। ਪਾਲਕ ਦੀ ਖੇਤੀ ਲਗਪਗ ਸਾਰਾ ਸਾਲ ਹੀ ਹੁੰਦੀ ਰਹਿੰਦੀ ਹੈ। ਨਵੀਂ ਬਿਜਾਈ ਹੁਣ ਕੀਤੀ ਜਾ ਸਕਦੀ ਹੈ। ਪੰਜਾਬ ਗਰੀਨ ਉੱਨਤ ਕਿਸਮ ਹੈ। ਇਕ ਏਕੜ ਲਈ ਕੋਈ ਪੰਜ ਕਿਲੋ ਬੀਜ ਚਾਹੀਦਾ ਹੈ। ਅਗੇਤੀ ਮੱਕੀ ਤੇ ਦਾਲਾਂ ਨੇ ਪੱਕਣਾ ਸ਼ੁਰੂ ਕਰ ਦਿੱਤਾ ਹੈ। ਇਨ੍ਹਾਂ ਦੀ ਸਮੇਂ ਸਿਰ ਸਾਂਭ ਸੰਭਾਲ ਜ਼ਰੂਰੀ ਹੈ। ਮੱਕੀ ਨੂੰ ਮੰਡੀ ਵਿੱਚ ਸੁਕਾ ਕੇ ਵੇਚਣਾ ਚਾਹੀਦਾ ਹੈ। ਅਜਿਹਾ ਕੀਤਿਆਂ ਵਿਕਰੀ ਛੇਤੀ ਹੋ ਜਾਂਦੀ ਹੈ। ਦਾਲਾਂ ਦੀ ਵਿਕਰੀ ਤਾਂ ਆਪ ਸਿੱਧੀ ਕਰਨ ਦਾ ਯਤਨ ਕੀਤਾ ਜਾਵੇ ਤਾਂ ਜੋ ਵੱਧ ਪੈਸੇ ਵੱਟੇ ਜਾ ਸਕਣ।

ਅਗਲੇ ਮਹੀਨੇ ਹਾੜ੍ਹੀ ਦੀਆਂ ਫ਼ਸਲਾਂ ਦੀ ਬਿਜਾਈ ਸ਼ੁਰੂ ਹੋ ਜਾਣੀ ਹੈ। ਇਸ ਬਾਰੇ ਆਪਣੇ ਫਾਰਮ ਦੀ ਵਿਉਂਤਬੰਦੀ ਕਰੋ। ਜਿਹੜੀਆਂ ਫ਼ਸਲਾਂ ਬੀਜਣੀਆਂ ਹਨ, ਉਨ੍ਹਾਂ ਦੀ ਸੂਚੀ ਬਣਾਵੋ। ਇਨ੍ਹਾਂ ਲਈ ਬੀਜ ਅਤੇ ਖਾਦਾਂ ਦਾ ਲੋੜ ਅਨੁਸਾਰ ਪ੍ਰਬੰਧ ਕਰੋ। ਕਿਸਾਨਾਂ ਨੂੰ ਚਾਹੀਦਾ ਹੈ ਕਿ ਆਪਣੀ ਵਿਉਂਤ ਅਨੁਸਾਰ ਢੁਕਵੀਂ ਸਿਫ਼ਾਰਸ਼ ਕੀਤੀ ਕਿਸਮ ਦੇ ਵਧੀਆ ਬੀਜ ਦਾ ਪ੍ਰਬੰਧ ਕਰ ਲੈਣ ਤਾਂ ਜੋ ਬਿਜਾਈ ਸਮੇਂ ਕਿਸੇ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਫ਼ਸਲ ਦਾ ਪੂਰਾ ਝਾੜ ਲੈਣ ਲਈ ਇਨ੍ਹਾਂ ਛੋਟੀਆਂ ਗੱਲਾਂ ਦਾ ਧਿਆਨ ਰੱਖਣਾ ਜ਼ਰੂਰੀ ਹੈ। ਆਮ ਤੌਰ 'ਤੇ ਗੰਨੇ ਦੀ ਬਿਜਾਈ ਫ਼ਰਵਰੀ-ਮਾਰਚ ਵਿੱਚ ਕੀਤੀ ਜਾਂਦੀ ਹੈ ਪਰ ਮਾਹਿਰਾਂ ਦਾ ਮੰਨਣਾ ਹੈ ਕਿ ਇਸ ਦੀ ਬਿਜਾਈ ਹੁਣ ਵੀ ਕੀਤੀ ਜਾ ਸਕਦੀ ਹੈ। ਇਸ ਨੂੰ ਪਤਝੜੀ ਫ਼ਸਲ ਆਖਿਆ ਜਾਂਦਾ ਹੈ। ਇਸ ਮੌਸਮ ਦੀ ਬਿਜਾਈ ਦਾ ਮੁੱਖ ਲਾਭ ਹੈ ਕਿ ਇਸ ਵਿੱਚ ਦੂਜੀਆਂ ਫ਼ਸਲਾਂ ਦੀ ਕਾਸ਼ਤ ਵੀ ਕੀਤੀ ਜਾ ਸਕਦੀ ਹੈ। ਆਲੂ, ਕਣਕ, ਰਾਇਆ, ਗੋਭੀ ਸਰੋਂ, ਤੋਰੀਆ, ਮੱਕੀ, ਪੱਤਗੋਭੀ, ਮੂਲੀ, ਮਟਰ, ਛੋਲੇ ਜਾਂ ਲਸਣ ਦੀ ਬਿਜਾਈ ਕੀਤੀ ਜਾ ਸਕਦੀ ਹੈ। ਇੰਜ ਇਕ ਵਾਧੂ ਫ਼ਸਲ ਪ੍ਰਾਪਤ ਹੋ ਜਾਵੇਗੀ। ਇਸ ਮੌਸਮ ਵਿੱਚ ਬਿਜਾਈ ਲਈ ਸੀਓਪੀਬੀ 92, ਸੀਓ 118, ਸੀਓਜੇ 85 ਅਤੇ ਸੀਓਜੇ 64 ਕਿਸਮਾਂ ਦੀ ਸਿਫ਼ਾਰਸ਼ ਕੀਤੀ ਗਈ ਹੈ।



ਖਾਦਾਂ ਦੀ ਵਰਤੋਂ ਮਿੱਟੀ ਪਰਖ਼ ਦੀ ਰਿਪੋਰਟ ਅਨੁਸਾਰ ਕਰਨੀ ਚਾਹੀਦੀ ਹੈ। ਬਿਜਾਈ ਸਮੇਂ 30 ਕਿਲੋ ਨਾਈਟ੍ਰੋਜਨ ਪ੍ਰਤੀ ਏਕੜ ਪਾਉਣ ਦੀ ਸਿਫ਼ਾਰਸ਼ ਕੀਤੀ ਗਈ ਹੈ । ਇਕ ਏਕੜ ਲਈ ਤਿੰਨ ਅੱਖਾਂ ਵਾਲੀਆਂ 20 ਹਜ਼ਾਰ ਪੱਛੀਆਂ ਜਾਂ ਚਾਰ ਅੱਖਾਂ ਵਾਲੀਆਂ 15000 ਪੱਛੀਆਂ ਚਾਹੀਦੀਆਂ ਹਨ। ਬਿਜਾਈ ਸਿਆੜਾਂ ਵਿੱਚ ਪੱਛੀਆਂ ਨੂੰ ਇਕ ਦੂਜੀ ਨਾਲ ਜੋੜ ਕੇ ਕਰੋ। ਲਾਈਨਾਂ ਵਿਚਕਾਰ 90 ਸੈਂਟੀਮੀਟਰ ਦਾ ਫ਼ਾਸਲਾ ਰੱਖਿਆ ਜਾਵੇ। ਪਹਿਲਾ ਪਾਣੀ ਬਿਜਾਈ ਤੋਂ ਇਕ ਮਹੀਨੇ ਪਿੱਛੋਂ ਦੇਵੋ।



# ਚੰਗੇ ਫ਼ਸਲੀ ਝਾੜ ਲਈ ਜ਼ਰੂਰੀ ਹੈ ਖਾਦਾਂ ਦੀ ਸੰਤੁਲਿਤ ਵਰਤੋਂ

**ਰਸਾਇਣਿਕ ਖਾਦਾਂ ਦੇ ਨਾਲ-ਨਾਲ ਜੇਕਰ ਅਸੀਂ ਸਮੇਂ-ਸਮੇਂ ਤੇ ਖੇਤ ਵਿਚ ਰੂੜੀ ਦੀ ਖਾਦ ਪਾਈਏ ਅਤੇ ਹਰੀਆਂ ਖਾਦਾਂ (ਜੰਤਰ, ਰਵਾਂਹ, ਮੂੰਗੀ) ਉਗਾਈਏ ਤਾਂ ਰਸਾਇਣਿਕ ਖਾਦਾਂ ਦੀ ਵਰਤੋਂ ਘਟਾਈ ਜਾ ਸਕਦੀ ਹੈ, ਜ਼ਮੀਨ ਦੀ ਸਿਹਤ ਬਹੁਤ ਵਧੀਆ ਰਹਿੰਦੀ ਹੈ ਅਤੇ ਜ਼ਮੀਨ ਵਿਚ ਸਾਰੇ ਵੱਡੇ ਅਤੇ ਸੂਖਮ ਤੱਤਾਂ ਦਾ ਸੰਤੁਲਨ ਬਣਿਆ ਰਹਿੰਦਾ ਹੈ। ਚਲੋ ਹੁਣ ਅਸੀਂ ਪੰਜਾਬ ਵਿਚ ਸਾਉਣੀ ਦੀ ਮੁੱਖ ਫ਼ਸਲ ਝੋਨੇ ਦੀ ਗੱਲ ਕਰਦੇ ਹਾਂ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੀਆਂ ਸਿਫਾਰਿਸ਼ਾਂ ਅਨੁਸਾਰ ਖਾਦਾਂ ਦੀ ਵਰਤੋਂ ਮਿੱਟੀ ਦੀ ਪਰਖ ਦੇ ਆਧਾਰ 'ਤੇ ਹੀ ਕਰਨੀ ਚਾਹੀਦੀ ਹੈ ਅਤੇ ਜੇਕਰ ਮਿੱਟੀ ਦੀ ਪਰਖ ਨਹੀਂ ਕਰਵਾਈ ਗਈ ਤਾਂ 110 ਕਿਲੋ ਯੂਰੀਆ, 27 ਕਿਲੋ ਡੀ. ਏ. ਪੀ. ਅਤੇ 20 ਕਿਲੋ ਮਿਊਰੇਟ ਆਫ ਪੋਟਾਸ਼ ਪਾਉਣੀ ਚਾਹੀਦੀ ਹੈ।**

ਡਾ. ਗੁਰਮਿੰਦਰ ਸਿੰਘ ਬਰਾੜ

ਕਿਸਾਨ ਵੀਰੋ ਕਿਸੇ ਵੀ ਫ਼ਸਲ ਤੋਂ ਵਧੇਰੇ ਝਾੜ ਅਤੇ ਮੁਨਾਫਾ ਲੈਣ ਲਈ ਜਿੰਨੀਆਂ ਖਾਦਾਂ ਜ਼ਰੂਰੀ ਹਨ, ਉਸ ਤੋਂ ਵੀ ਵੱਧ ਮਹੱਤਵ ਹੈ, ਕਿਸੇ ਵੀ ਫ਼ਸਲ ਨੂੰ ਪਾਈਆਂ ਜਾਣ ਵਾਲੀਆਂ ਵੱਖ-ਵੱਖ ਖਾਦ ਦੀ ਮਾਤਰਾ ਅਤੇ ਖਾਦਾਂ ਪਾਉਣ ਦੇ ਸਹੀ ਸਮੇਂ ਦਾ ਹੈ, ਕਿਉਂਕਿ ਬੇਲੋੜੀ ਮਾਤਰਾ ਅਤੇ ਬੇਲੋੜੇ ਸਮੇਂ 'ਤੇ ਪਾਈਆਂ ਜਾਣ ਵਾਲੀਆਂ ਰਸਾਇਣਿਕ ਖਾਦਾਂ ਫ਼ਸਲ ਨੂੰ ਫਾਇਦਾ ਕਰਨ ਦੀ ਬਜਾਏ ਉਲਟਾ ਸਾਡੀ ਫ਼ਸਲ ਅਤੇ ਪੈਸੇ ਦਾ ਨੁਕਸਾਨ ਕਰਦੀਆਂ ਹੀ ਹਨ, ਇਸ ਦੇ ਨਾਲ ਹੀ ਮਿੱਟੀ, ਪਾਣੀ ਅਤੇ ਵਾਤਾਵਰਨ ਨੂੰ ਵੀ ਦੂਸ਼ਿਤ ਕਰਦੀਆਂ ਹਨ, ਜਿਸ ਨਾਲ ਮਨੁੱਖੀ ਸਿਹਤ ਉੱਪਰ ਵੀ ਬੁਰਾ ਪ੍ਰਭਾਵ ਪੈਂਦਾ ਹੈ। ਰਸਾਇਣਿਕ ਖਾਦਾਂ ਦੇ ਨਾਲ-ਨਾਲ ਜੇਕਰ ਅਸੀਂ ਸਮੇਂ-ਸਮੇਂ ਤੇ ਖੇਤ ਵਿਚ ਰੂੜੀ ਦੀ ਖਾਦ ਪਾਈਏ ਅਤੇ ਹਰੀਆਂ ਖਾਦਾਂ (ਜੰਤਰ, ਰਵਾਂਹ, ਮੂੰਗੀ) ਉਗਾਈਏ ਤਾਂ ਰਸਾਇਣਿਕ ਖਾਦਾਂ ਦੀ ਵਰਤੋਂ ਘਟਾਈ ਜਾ ਸਕਦੀ ਹੈ, ਜ਼ਮੀਨ ਦੀ ਸਿਹਤ ਬਹੁਤ ਵਧੀਆ ਰਹਿੰਦੀ ਹੈ ਅਤੇ ਜ਼ਮੀਨ ਵਿਚ ਸਾਰੇ ਵੱਡੇ ਅਤੇ ਸੂਖਮ ਤੱਤਾਂ ਦਾ ਸੰਤੁਲਨ ਬਣਿਆ ਰਹਿੰਦਾ ਹੈ। ਚਲੋ ਹੁਣ ਅਸੀਂ ਪੰਜਾਬ ਵਿਚ ਸਾਉਣੀ ਦੀ ਮੁੱਖ ਫ਼ਸਲ ਝੋਨੇ ਦੀ ਗੱਲ ਕਰਦੇ ਹਾਂ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੀਆਂ ਸਿਫਾਰਿਸ਼ਾਂ ਅਨੁਸਾਰ ਖਾਦਾਂ ਦੀ ਵਰਤੋਂ ਮਿੱਟੀ ਦੀ ਪਰਖ ਦੇ ਆਧਾਰ 'ਤੇ ਹੀ ਕਰਨੀ ਚਾਹੀਦੀ ਹੈ ਅਤੇ ਜੇਕਰ ਮਿੱਟੀ ਦੀ ਪਰਖ ਨਹੀਂ ਕਰਵਾਈ ਗਈ ਤਾਂ 110 ਕਿਲੋ ਯੂਰੀਆ, 27 ਕਿਲੋ ਡੀ. ਏ. ਪੀ. ਅਤੇ 20 ਕਿਲੋ ਮਿਊਰੇਟ ਆਫ ਪੋਟਾਸ਼ ਪਾਉਣੀ ਚਾਹੀਦੀ ਹੈ। ਜੇਕਰ ਕਣਕ ਦੀ ਫ਼ਸਲ ਨੂੰ ਸਿਫਾਰਿਸ਼ ਕੀਤੀ ਗਈ ਡੀ. ਏ. ਪੀ. ਦੀ ਮਾਤਰਾ ਪਾਈ ਗਈ ਹੋਵੇ ਤਾਂ ਝੋਨੇ ਦੀ ਫ਼ਸਲ ਨੂੰ ਡੀ. ਏ. ਪੀ. ਖਾਦ ਪਾਉਣ ਦੀ ਜ਼ਰੂਰਤ ਨਹੀਂ, ਪਰੰਤੂ ਫਿਰ ਵੀ ਕੁਝ ਕਿਸਾਨ ਵੀਰ ਝੋਨੇ ਦੀ ਫ਼ਸਲ ਨੂੰ 50 ਕਿਲੋ ਤੱਕ ਵੀ ਡੀ. ਏ. ਪੀ. ਖਾਦ ਪਾ ਦਿੰਦੇ ਹਨ, ਜਿਸਦਾ ਝੋਨੇ ਦੀ ਫ਼ਸਲ ਨੂੰ ਕੋਈ ਫਾਇਦਾ ਨਹੀਂ ਮਿਲਦਾ, ਜੋ ਕਿ ਪੈਸੇ ਦੀ ਬਰਬਾਦੀ ਹੈ। ਪੰਜਾਬ ਦੀਆਂ ਸਾਰੀਆਂ ਜ਼ਮੀਨਾਂ ਵਿਚ ਪੋਟਾਸ਼ ਦੀ ਕਾਫੀ ਮਾਤਰਾ ਮੌਜੂਦ ਹੈ, ਪਰੰਤੂ ਫਿਰ ਵੀ ਜੇਕਰ ਲੋੜ ਮਹਿਸੂਸ ਹੋਵੇ ਤਾਂ ਪੋਟਾਸ਼ ਖਾਦ ਸਿਫਾਰਿਸ਼ ਅਨੁਸਾਰ ਪਾਈ ਜਾ ਸਕਦੀ ਹੈ। ਹੁਣ ਅਸੀਂ ਗੱਲ ਕਰਦੇ ਹਾਂ ਨਾਈਟ੍ਰੋਜਨ ਤੱਤ ਵਾਲੀ ਖਾਦ ਯੂਰੀਆ ਦੀ ਜਿਸ ਦੀ ਸਿਫਾਰਿਸ਼ ਮਾਤਰਾ ਵਿਚੋਂ 1/3 ਹਿੱਸਾ ਕੱਦੂ ਕਰਨ ਤੋਂ ਪਹਿਲਾਂ ਜਾਂ ਪਨੀਰੀ ਲਾਉਣ ਤੋਂ ਦੋ ਹਫਤੇ ਤੱਕ ਅਤੇ ਬਾਕੀ ਰਹਿੰਦੀ ਯੂਰੀਆ ਨੂੰ ਦੋ ਬਰਾਬਰ ਹਿੱਸਿਆਂ ਵਿਚ ਪਨੀਰੀ ਲਾਉਣ ਤੋਂ 3 ਅਤੇ 6 ਹਫਤੇ ਬਾਅਦ ਛੱਟੇ ਨਾਲ ਪਾਉਣੀ ਚਾਹੀਦੀ ਹੈ। ਇਸ ਤੋਂ ਇਲਾਵਾ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਯੂਰੀਆ ਖਾਦ ਦੀ ਵਰਤੋਂ ਲਈ ਪੱਤਾ ਰੰਗ ਚਾਰਟ (ਐਲ.ਸੀ.ਸੀ.) ਵਿਧੀ ਵੀ ਦੱਸੀ ਗਈ ਹੈ ਜਿਸ ਅਨੁਸਾਰ ਝੋਨੇ ਦੀ ਲੁਆਈ ਸਮੇਂ 25 ਕਿਲੋ ਯੂਰੀਆ ਪ੍ਰਤੀ ਏਕੜ ਪਾਉਣ ਉਪਰੰਤ ਝੋਨਾ ਲੱਗਣ ਦੇ ਦੋ-ਦੋ ਹਫਤਿਆਂ ਬਾਅਦ ਹਰ ਵਾਰ ਖੇਤ ਵਿਚ ਦਸ ਪੌਦਿਆਂ ਦੇ ਉੱਪਰੋਂ ਪੂਰੇ ਖੁੱਲ੍ਹੇ ਪਹਿਲੇ ਪੱਤੇ ਦਾ ਰੰਗ ਬਿਨਾਂ ਤੋੜੇ ਚਾਰਟ ਨਾਲ ਮਿਲਾਉ ਅਤੇ ਜਦੋਂ ਦਸ ਵਿਚੋਂ ਛੇ ਜਾਂ ਵੱਧ ਪੱਤਿਆਂ ਦਾ ਰੰਗ ਚਾਰਟ ਦੀ ਟਿੱਕੀ ਨੰਬਰ 4 ਤੋਂ ਫਿੱਕਾ ਹੋਵੇ ਤਾਂ 25 ਕਿਲੋ ਯੂਰੀਆ ਪ੍ਰਤੀ ਏਕੜ ਪਾ ਦਿਉ, ਪਰੰਤੂ ਕਿਸਾਨ ਵੀਰ ਝੋਨੇ ਦਾ ਝਾੜ ਵਧਾਉਣ ਲਈ ਸਿਰਫ ਯੂਰੀਆ ਨੂੰ ਹੀ ਰਾਮਬਾਣ ਮੰਨਦੇ ਹਨ ਅਤੇ ਜਦੋਂ ਵੀ ਫ਼ਸਲ ਥੋੜਾ ਜਿਹਾ ਵੀ ਰੰਗ ਛੱਡਦੀ ਹੈ ਤਾਂ ਇਕ-ਦੂਜੇ ਦੀ ਦੇਖਾ-ਦੇਖੀ ਰੰਗ ਗੂੜ੍ਹਾ ਕਰਨ ਲਈ ਵਾਰ-ਵਾਰ ਹੀ ਯੂਰੀਆ ਖਾਦ ਪਾਉਂਦੇ ਹਨ ਅਤੇ ਕੁਝ ਕਿਸਾਨ ਵੀਰ 4 ਤੋਂ 5 ਗੱਟੇ ਮਤਲਬ 200 ਤੋਂ 250 ਕਿਲੋ ਯੂਰੀਆ ਵੀ ਪਾ ਦਿੰਦੇ ਹਨ, ਜੋ ਕਿ ਗ਼ਲਤ ਹੈ, ਕਿਉਂਕਿ ਜ਼ਿਆਦਾ ਮਾਤਰਾ ਵਿਚ ਨਾਈਟ੍ਰੋਜਨ ਤੱਤ ਵਾਲੀ ਖਾਦ ਪਾਉਣ ਨਾਲ ਪੱਤਿਆਂ ਵਿਚ ਪ੍ਰੋਟੀਨ ਦੀ ਮਾਤਰਾ ਵੱਧ ਹੋ ਜਾਂਦੀ ਅਤੇ ਪੱਤੇ ਜ਼ਿਆਦਾ ਹਰੇ ਅਤੇ ਨਰਮ ਹੋ ਜਾਂਦੇ ਹਨ,ਜਿਸ ਕਾਰਨ ਫ਼ਸਲ ਉੱਪਰ ਕੀੜੇ-ਮਕੌੜਿਆਂ ਤੋਂ ਇਲਾਵਾ ਤਣਾ ਗਲਣ ਦਾ ਰੋਗ, ਝੁਲਸ ਰੋਗ, ਭੂਰੇ ਧੱਬਿਆਂ ਦਾ ਰੋਗ ਆਦਿ ਹੋ ਸਕਦਾ ਹੈ ਅਤੇ ਫ਼ਸਲ ਦਾ ਝਾੜ ਘਟ ਜਾਂਦਾ ਹੈ । ਇਸ ਤੋਂ ਇਲਾਵਾ ਯੂਰੀਆ ਖਾਦ ਪਾਉਣ ਵੇਲੇ ਖੇਤ ਵਿਚ ਪਾਣੀ ਵੀ ਖੜ੍ਹਾ ਨਹੀਂ ਹੋਣਾ ਚਾਹੀਦਾ ਕਿਉਂਕਿ ਇਸ ਨਾਲ ਯੂਰੀਆ ਦਾ ਕੁਝ ਹਿੱਸਾ ਪਾਣੀ ਨਾਲ ਹੇਠਾਂ ਚਲਾ ਜਾਂਦਾ ਹੈ ਅਤੇ ਕੁਝ ਅਮੋਨੀਆ ਬਣ ਕੇ ਹਵਾ ਵਿਚ ਉੱਡ ਜਾਂਦਾ ਹੈ, ਸੋ ਖਾਦ ਪਾਉਣ ਤੋਂ ਤੀਸਰੇ ਦਿਨ ਪਾਣੀ ਲਾਉਣਾ ਚਾਹੀਦਾ ਹੈ। ਜ਼ਿਆਦਾ ਸਮੇਂ ਤੋਂ ਲਗਾਤਾਰ ਕਣਕ-ਝੋਨਾ ਫ਼ਸਲੀ ਚੱਕਰ ਕਾਰਨ ਹੁਣ ਪੰਜਾਬ ਦੀਆਂ ਜ਼ਮੀਨਾਂ ਵਿਚ ਲੋਹਾ ਅਤੇ ਜ਼ਿੰਕ ਆਦਿ ਤੱਤਾਂ ਦੀ ਘਾਟ ਵੀ ਆਉਂਦੀ ਹੈ, ਸੋ ਜੇਕਰ ਬੂਟਿਆਂ ਦੇ ਪੱਤੇ ਮਧਰੇ ਰਹਿਣ, ਜੜ੍ਹ ਘੱਟ ਮਾਰਨ, ਜੰਗਾਲੇ ਜਿਹੇ ਅਤੇ ਭੂਰੇ ਹੋ ਜਾਣ ਤਾਂ 25 ਕਿਲੋ ਜ਼ਿੰਕ ਸਲਫੇਟ 21 ਫ਼ੀਸਦੀ ਪ੍ਰਤੀ ਏਕੜ ਖੇਤ ਵਿਚ ਖਿਲਾਰ ਦਿਉ। ਇਸੇ ਤਰਾਂ ਜੇਕਰ ਹਲਕੀਆਂ ਜ਼ਮੀਨਾਂ ਵਿਚ ਝੋਨਾ ਲਾਇਆ ਗਿਆ ਹੋਵੇ ਜਾਂ ਪਾਣੀ ਦੀ ਜ਼ਿਆਦਾ ਘਾਟ ਆ ਜਾਵੇ ਤਾਂ ਝੋਨੇ ਦੇ ਨਵੇਂ ਨਿਕਲ ਰਹੇ ਪੱਤੇ ਪੀਲੇ ਪੈ ਜਾਂਦੇ ਹਨ ਅਤੇ ਹੌਲੀ-ਹੌਲੀ ਬੂਟੇ ਮਰ ਜਾਂਦੇ ਹਨ, ਜੋ ਕਿ ਲੋਹੇ ਤੱਤ ਦੀ ਘਾਟ ਦੀਆਂ ਨਿਸ਼ਾਨੀਆਂ ਹਨ, ਸੋ ਜਦੋਂ ਅਜਿਹੀਆਂ ਨਿਸ਼ਨੀਆਂ ਨਜ਼ਰ ਆਉਣ ਤਾਂ ਛੇਤੀ-ਛੇਤੀ ਭਰਵੇਂ ਪਾਣੀ ਲਾਉ ਅਤੇ ਇਕ ਕਿਲੋ ਫੈਰਸ ਸਲਫੇਟ ਨੂੰ 100 ਲਿਟਰ ਪਾਣੀ ਵਿਚ ਮਿਲਾ ਕੇ ਇਕ ਹਫਤੇ ਦੀ ਵਿੱਥ 'ਤੇ 2-3 ਛਿੜਕਾਅ ਕਰੋ। ਕਈ ਕਿਸਾਨ ਵੀਰ ਗ਼ੈਰ-ਤਕਨੀਕੀ ਲੋਕਾਂ ਦੇ ਕਹਿਣ ਤੇ ਲੋਹਾ ਤੱਤ ਜ਼ਮੀਨ ਵਿਚ ਪਾ ਦਿੰਦੇ ਹਨ ਪਰੰਤੂ ਇੱਥੇ ਧਿਆਨ ਯੋਗ ਗੱਲ ਇਹ ਹੈ ਕਿ ਲੋਹੇ ਦੀ ਜ਼ਮੀਨ ਰਾਹੀਂ ਪੂਰਤੀ ਅਸਰਦਾਰ ਨਹੀਂ ਹੈ। ਸੋ ਆਖਰ ਵਿਚ ਕਿਸਾਨ ਵੀਰਾਂ ਨੂੰ ਬੇਨਤੀ ਹੈ ਕਿ ਖਾਦਾਂ ਨੂੰ ਲੋੜ ਅਨੁਸਾਰ ਸਹੀ ਮਾਤਰਾ ਅਤੇ ਸਹੀ ਸਮੇਂ ਉੱਪਰ ਪਾ ਕੇ ਅਸੀਂ ਵਧੇਰੇ ਫ਼ਸਲੀ ਝਾੜ ਲੈ ਸਕਦੇ ਹਾਂ ਅਤੇ ਇਸ ਦੇ ਨਾਲ-ਨਾਲ ਜੇਕਰ ਅਸੀਂ ਸੰਤੁਲਿਤ ਖਾਦਾਂ ਜਿਸ ਵਿਚ ਰਸਾਇਣਿਕ ਖਾਦਾਂ ਦੇ ਨਾਲ ਰੂੜੀ, ਹਰੀ ਖਾਦ ਦੀ ਵਰਤੋਂ ਵੀ ਕਰੀਏ ਤਾਂ ਇਹ ਸੋਨੇ ਤੇ ਸੁਹਾਗੇ ਵਾਲੀ ਗੱਲ ਹੋਵੇਗੀ। -

ਖੇਤੀਬਾੜੀ ਵਿਕਾਸ ਅਫਸਰ, ਬਾਘਾਪੁਰਾਣਾ 94653-



# ਨਿੱਕੀ ਦੁਨੀਆ

## ਉੱਠ ਪੁੱਤਰਾ ਨਾ ਲੈ ਅੰਗੜਾਈਆਂ



## ਸ਼ਹਿਦ ਦੀਆਂ ਮੱਖੀਆਂ

ਸੰਸਾਰ 'ਚ ਤਕਰੀਬਨ 20,000 ਪ੍ਰਕਾਰ ਦੀਆਂ ਮੱਖੀਆਂ ਮਿਲਦੀਆਂ ਹਨ ਜਿਨ੍ਹਾਂ 'ਚੋਂ ਸਿਰਫ਼ ਚਾਰ ਪ੍ਰਜਾਤੀਆਂ ਸ਼ਹਿਦ ਪੈਦਾ ਕਰਦੀਆਂ ਹਨ।

- ਮਧੂਮੱਖੀਆਂ ਦੇ ਛੱਤੇ 'ਚ ਤਿੰਨ ਤਰ੍ਹਾਂ ਦੀਆਂ ਮੱਖੀਆਂ ਹੁੰਦੀਆਂ ਹਨ ਇਸ 'ਚ ਸਭ ਤੋਂ ਜਾਣੀ ਪਛਾਣੀ ਰਾਣੀ ਮੱਖੀ ਹੈ। ਇਹ ਮੱਖੀ ਸਿਰਫ਼ ਚਾਰ ਤੋਂ ਪੰਜ ਸਾਲ ਤਕ ਜਿਊਂਦੀ ਰਹਿੰਦੀ ਹੈ।
- ਡ੍ਰੋਨ ਮੱਖੀ ਡੰਗ ਨਹੀਂ ਮਾਰਦੀ।
- ਤੀਜੇ ਤਰ੍ਹਾਂ 'ਤੇ ਸਭ ਤੋਂ ਛੋਟੀਆਂ ਮੱਖੀਆਂ ਹੁੰਦੀਆਂ ਹਨ ਜਿਨ੍ਹਾਂ ਦੀ ਉਮਰ 40 ਤੋਂ 45 ਦਿਨਾਂ ਤਕ ਹੁੰਦੀ ਹੈ, ਇਹ ਕਿਸੇ ਨੂੰ ਡੰਗ ਮਾਰਨ ਤੋਂ ਬਾਅਦ ਮਰ ਜਾਂਦੀਆਂ ਹਨ।
- ਮਧੂਮੱਖੀਆਂ ਦੇ ਜੀਵਨ 'ਚ ਚਾਰ ਤਰ੍ਹਾਂ ਦੇ ਪਰਿਵਰਤਨ ਹੁੰਦੇ ਹਨ ਜਿਵੇਂ ਆਂਡਾ, ਲਾਰਵਾ, ਪਿਊਪਾ ਅਤੇ ਮੱਖੀ।
- ਰਾਣੀ ਮੱਖੀ ਨੂੰ ਇਕ ਖ਼ਾਸ ਤਰ੍ਹਾਂ ਦਾ ਪਦਾਰਥ ਖਾਣ ਨੂੰ ਦਿੱਤਾ ਜਾਂਦਾ ਹੈ ਜਿਸ ਨੂੰ ਰਾਇਲ ਕਿਹਾ ਜਾਂਦਾ ਹੈ।
- ਇਕ ਮਧੂਮੱਖੀ ਦੀਆਂ ਛੇ ਲੱਤਾਂ ਤੇ ਦੋ ਖੰਭ ਹੁੰਦੇ ਹਨ।
- ਮਧੂਮੱਖੀ ਦੇ ਦੋ ਢਿੱਡ ਹੁੰਦੇ ਹਨ ਇਕ ਖਾਣਾ ਖਾਣ ਲਈ ਅਤੇ ਦੂਜਾ ਫਲਾਂ ਦਾ ਰਸ ਇਕੱਠਾ ਕਰਨ ਲਈ।
- ਇਹ ਇਕ ਅਜਿਹੀ ਕੀਟ ਹੈ ਜਿਸ ਦੁਆਰਾ ਬਣਾਏ ਸ਼ਹਿਦ ਨੂੰ ਮਨੁੱਖ ਖਾਂਦਾ ਹੈ।
- ਇਸ ਦੀਆਂ ਪੰਜ ਅੱਖਾਂ ਹੁੰਦੀਆਂ ਹਨ ਦੋ ਵੱਡੀਆਂ ਅੱਖਾਂ ਅਤੇ ਇਨ੍ਹਾਂ ਵਿਚਕਾਰ ਮੱਥੇ ਉਪਰ ਤਿੰਨ ਅੱਖਾਂ ਹੁੰਦੀਆਂ ਹਨ।
- 5 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਉੱਡ ਸਕਦੀਆਂ ਹਨ।
- ਮਧੂਮੱਖੀ ਦੇ ਸੁੰਘਣ ਦੀ ਸ਼ਕਤੀ ਇਨਸਾਨ ਤੋਂ ਕਿਤੇ ਜ਼ਿਆਦਾ ਹੁੰਦੀ ਹੈ।
- ਸ਼ਹਿਦ ਕਈ ਤਰ੍ਹਾਂ ਦੇ ਰੰਗਾਂ ਤੋਂ ਮਿਲਦਾ ਹੈ ਇਹ ਫੁੱਲ 'ਤੇ ਨਿਰਭਰ ਕਰਦਾ ਹੈ। ਜਿਸ 'ਚੋਂ ਮੱਖੀ ਰਸ ਚੂਸਦੀ ਹੈ।
- ਸ਼ਹਿਦ ਦੀਆਂ ਮੱਖੀਆਂ ਆਪਣੀ ਜ਼ਰੂਰਤ ਨਾਲ ਲਗਪਗ 40-45 ਕਿੱਲੋ ਜ਼ਿਆਦਾ ਸ਼ਹਿਦ ਪੈਦਾ ਕਰਦੀਆਂ ਹਨ।
- ਮਧੂਮੱਖੀਆਂ ਇਕ ਸੈਕਿੰਡ 'ਚ 200 ਵਾਰ ਆਪਣੇ ਖੰਭ ਫੜਫੜਾਉਂਦੀਆਂ ਹਨ।
- ਇਸ ਦੀਆਂ ਅੱਖਾਂ 'ਚ ਹਜ਼ਾਰਾਂ ਲੈਨਜ਼ ਲੱਗੇ ਹੁੰਦੇ ਹਨ।
- ਇਕ ਚਮਚ ਸ਼ਹਿਦ ਲਈ ਮਧੂਮੱਖੀ ਨੂੰ ਹਜ਼ਾਰਾਂ ਫੁੱਲਾਂ ਦਾ ਰਸ ਇਕੱਠਾ ਕਰਨਾ ਪੈਂਦਾ ਹੈ।
- ਇਕ ਛੱਤੇ 'ਤੇ 30 ਤੋਂ 60 ਹਜ਼ਾਰ ਮਧੂਮੱਖੀਆਂ ਰਹਿੰਦੀਆਂ ਹਨ।



# ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ

ਇਕਬਾਲ ਸੰਧੂ ਉੱਭਾ



ਪਿਆਰੇ ਵਿਦਿਆਰਥੀਓ- ਜਿਸ ਪ੍ਰਕਾਰ ਤੁਸੀਂ ਆਪਣਾ ਜਨਮ ਦਿਨ ਮਨਾਉਂਦੇ ਹੋ ਤੇ ਤੁਹਾਨੂੰ ਆਪਣੇ ਜਨਮ ਦਿਨ ਦੀ ਬਹੁਤ ਖ਼ੁਸ਼ੀ ਹੁੰਦੀ ਹੈ। ਇਸ ਤਰ੍ਹਾਂ ਸਾਡੇ ਮਹਾਂਪੁਰਸ਼ਾਂ ਦੇ ਜਨਮ ਦਿਨ ਆਉਂਦੇ ਹਨ। ਉਨ੍ਹਾਂ ਦੇ ਜਨਮ ਦੀ ਵੀ ਸਾਨੂੰ ਬਹੁਤ ਖ਼ੁਸ਼ੀ ਹੁੰਦੀ ਹੈ। ਉਨ੍ਹਾਂ ਮਹਾਨ ਵਿਅਕਤੀਆਂ ਦੇ ਜਨਮ ਦਿਨ ਵੀ ਅਸੀਂ ਖ਼ੁਸ਼ੀ-ਖ਼ੁਸ਼ੀ ਮਨਾਉਂਦੇ ਹਾਂ। ਆਓ ਅੱਜ ਅਸੀਂ ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਜੀ ਦੇ ਜਨਮ ਬਾਰੇ ਤੁਹਾਨੂੰ ਜਾਣਕਾਰੀ ਦੇਈਏ....

ਪੰਜਾਬ ਦੀ ਧਰਤੀ ਗੁਰੂਆਂ, ਪੀਰਾਂ, ਸ਼ਹੀਦਾਂ, ਮਹਾਂਪੁਰਸ਼ਾਂ ਆਦਿ ਦੀ ਧਰਤੀ ਹੈ। ਇੱਥੇ ਸਮੇਂ-ਸਮੇਂ ਮਹਾਨ ਲੋਕ ਪੈਦਾ ਹੋਏ ਜੋ ਸਮਾਜ ਲਈ ਆਦਰਸ਼ ਬਣੇ। ਉਨ੍ਹਾਂ ਵਿੱਚੋਂ ਹੀ ਇਕ ਮਹਾਨ ਪੁਰਸ਼ ਸ੍ਰੀ ਗੁਰੂ ਨਾਨਕ ਦੇਵ ਜੀ ਹਨ। ਸ੍ਰੀ ਗੁਰੂ ਨਾਨਕ ਦੇਵ ਜੀ ਨੇ ਸਿੱਖ ਧਰਮ ਦੀ ਨੀਂਹ ਰੱਖੀ। ਉਹ ਸਾਡੇ ਪਹਿਲੇ ਗੁਰੂ ਹਨ। ਗੁਰੂ ਜੀ ਬਚਪਨ ਤੋਂ ਹੀ ਉੱਚੀ ਸ਼ਖ਼ਸੀਅਤ ਦੇ ਮਾਲਕ ਸਨ। ਜਿਸ ਦਾ ਪਤਾ ਸਿੱਖਿਆ ਪ੍ਰਾਪਤੀ ਦੇ ਪਹਿਲੇ ਦਿਨ ਹੀ ਆਪਣੇ ਗੁਰੂ ਪਾਂਧੇ ਨੂੰ ਪ੍ਰਭਾਵਿਤ ਕਰਨ ਤੋਂ ਲੱਗਦਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜਨਮ ਕੱਤਕ ਦੀ ਪੂਰਨਮਾਸ਼ੀ, ਨਨਕਾਣਾ ਸਾਹਿਬ ਰਾਏ ਭੋਇ ਦੀ ਤਲਵੰਡੀ (ਪਾਕਿਸਤਾਨ) ਵਿਖੇ ਹੋਇਆ। ਉਨ੍ਹਾਂ ਦੇ ਪਿਤਾ ਜੀ ਦਾ ਨਾਂ ਮਹਿਤਾ ਕਾਲੂ ਅਤੇ ਮਾਤਾ ਦਾ ਨਾਂ ਤ੍ਰਿਪਤਾ ਦੇਵੀ ਸੀ। ਉਨ੍ਹਾਂ ਦੀ ਭੈਣ ਬੇਬੇ ਨਾਨਕੀ ਜੀ ਸਨ। ਗੁਰੂ ਜੀ ਨੇ ਸੈਂਕੜੇ ਮੀਲ ਪੈਦਲ ਤੁਰ ਕੇ ਲੋਕਾਂ ਨੂੰ ਗਿਆਨ ਦੀਆਂ ਗੱਲਾਂ ਦੱਸੀਆਂ। ਉਨ੍ਹਾਂ ਨੇ ਵਹਿਮਾਂ-ਭਰਮਾਂ, ਪਖੰਡਾਂ, ਝੂਠ, ਤਾਗੇ-ਤਵੀਤਾਂ ਤੋਂ ਦੂਰ ਰਹਿਣ ਅਤੇ ਚੰਗੇ ਕਰਮ ਕਰਨਾ, ਭਲਾਈ ਕਰਨ, ਲੋੜਵੰਦ ਦੀ ਮਦਦ ਕਰਨ, ਗਰੀਬ ਦੀ ਸਹਾਇਤਾ ਕਰਨ ਆਦਿ ਦੀ ਸਿੱਖਿਆ ਦਿੱਤੀ।

ਉਨ੍ਹਾਂ ਨੇ ਕੁਦਰਤੀ ਚੀਜ਼ਾਂ ਦੀ ਸੰਭਾਲ ਕਰਨ ਬਾਰੇ ਵੀ ਮਨੁੱਖ ਨੂੰ ਪ੍ਰੇਰਿਆ, ਕਿਉਂਕਿ ਕੁਦਰਤੀ ਚੀਜ਼ਾਂ ਜਿੱਥੇ ਸਾਨੂੰ ਮੁਫ਼ਤ ਮਿਲਦੀਆਂ ਹਨ ਉੱਥੇ ਸਾਡੇ ਲਈ ਬਹੁਤ ਹੀ ਜ਼ਰੂਰੀ ਅਤੇ ਲਾਹੇਵੰਦ ਹਨ। ਸਾਡਾ ਜੀਵਨ ਕੁਦਰਤੀ ਚੀਜ਼ਾਂ 'ਤੇ ਹੀ ਨਿਰਭਰ ਹੈ। ਕੁਦਰਤੀ ਚੀਜ਼ਾਂ ਦੀ ਮਹੱਤਤਾ ਨੂੰ ਦੱਸਦੇ ਹੋਏ ਗੁਰੂ ਜੀ ਨੇ ਜਪੁਜੀ ਸਾਹਿਬ ਸਲੋਕ ਵਿਚ ਪਵਨ ਗੁਰੂ ਪਾਣੀ ਪਿਤਾ, ਮਾਤਾ ਧਰਤ ਮਹਤੁ ਦੀ ਰਚਨਾ ਕੀਤੀ। ਉਨ੍ਹਾਂ ਨੇ ਹਵਾ ਨੂੰ ਗੁਰੂ ਜਿੰਨਾ ਸਤਿਕਾਰ ਦੇਣ ਲਈ ਕਿਹਾ ਕਿਉਂਕਿ ਹਵਾ ਸਾਡੀ ਜੀਵਨਦਾਨੀ ਹੈ। ਹਵਾ ਵਿਚਲੀ ਆਕਸੀਜਨ ਕਾਰਨ ਹੀ ਸਾਡੀ ਸਾਹ ਕਿਰਿਆ ਚੱਲਦੀ ਹੈ ਭੋਜਨ, ਪਾਣੀ ਬਿਨਾਂ ਕਈ ਘੰਟੇ ਅਸੀਂ ਸੈਰ ਸਕਦੇ ਹਾਂ ਪਰ ਸਾਹ ਲੈਣਾ ਅਸੀਂ ਨਹੀਂ ਰੋਕ ਸਕਦੇ, ਜਿਸ ਵਿਚ ਹਵਾ ਦਾ ਅਹਿਮ ਰੋਲ ਹੈ। ਪਾਣੀ ਨੂੰ ਗੁਰੂ ਜੀ ਨੇ ਪਿਤਾ ਦੇ ਸਮਾਨ ਮੰਨਿਆ ਹੈ। ਗੁਰੂ ਜੀ ਨੇ ਧਰਤੀ ਨੂੰ ਮਾਤਾ ਕਹਿ ਕੇ ਪੁਕਾਰਿਆ ਹੈ। ਜਿਸ ਤਰ੍ਹਾਂ ਛੋਟੇ ਬੱਚਿਆਂ ਦੀ ਜ਼ਰੂਰਤ ਉਨ੍ਹਾਂ ਦੀ ਮਾਤਾ ਪੂਰੀ ਕਰਦੀ ਹੈ। ਇਸ ਤਰ੍ਹਾਂ ਮਨੁੱਖ ਅਨਾਜ, ਫ਼ਲ, ਸਬਜ਼ੀਆਂ, ਕੱਪੜੇ ਲਈ ਕਪਾਹ ਆਦਿ ਧਰਤੀ ਤੋਂ ਪੈਦਾ ਕਰਦਾ ਹੈ। ਗੁਰੂ ਜੀ ਨੇ ਹਵਾ, ਪਾਣੀ, ਧਰਤੀ ਬਾਰੇ ਹੀ ਨਹੀਂ ਸੂਰਜ, ਚੰਦ, ਤਾਰੇ, ਆਕਾਸ਼, ਬੱਦਲ, ਮੀਂਹ, ਹਨੇਰੀਆਂ, ਰੁੱਤਾਂ, ਦਿਨ-ਰਾਤ ਆਦਿ ਕੁਦਰਤੀ ਚੀਜ਼ਾਂ ਬਾਰੇ ਗੁਰਬਾਣੀ ਵਿਚ ਬਹੁਤ ਕੁੱਝ ਲਿਖਿਆ ਹੈ। ਲੋੜ ਇਸ ਗੱਲ ਦੀ ਹੈ ਕਿ ਸਾਨੂੰ ਇਨ੍ਹਾਂ ਕੁਦਰਤੀ ਚੀਜ਼ਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ ਕਿਉਂਕਿ ਸਾਡਾ ਜੀਵਨ ਇਨ੍ਹਾਂ 'ਤੇ ਨਿਰਭਰ ਕਰਦਾ ਹੈ। ਸੋ ਸਾਨੂੰ ਗੁਰੂਆਂ ਦੀਆਂ ਦੱਸੀਆਂ ਗੱਲਾਂ 'ਤੇ ਜ਼ਰੂਰ ਅਮਲ ਕਰਨਾ ਚਾਹੀਦਾ ਹੈ।

**ਸਾਡੀ ਧਰਤੀ ਗੁਰੂਆਂ, ਪੀਰਾਂ, ਸ਼ਹੀਦਾਂ, ਮਹਾਂਪੁਰਸ਼ਾਂ ਦੀ ਧਰਤੀ ਹੈ। ਇੱਥੇ ਸਮੇਂ-ਸਮੇਂ ਮਹਾਨ ਲੋਕ ਪੈਦਾ ਹੋਏ ਜੋ ਸਮਾਜ ਲਈ ਆਦਰਸ਼ ਬਣੇ...**

• 98723-45277

ਬੱਚਿਓ!
ਵੱਡਿਆਂ ਦੀਆਂ ਸਿਖਾਈਆਂ ਛੋਟੀਆਂ-ਛੋਟੀਆਂ ਗੱਲਾਂ 'ਤੇ ਸਾਨੂੰ ਜ਼ਰੂਰ ਅਮਲ ਕਰਨਾ ਚਾਹੀਦਾ ਹੈ। ਇਹੀ ਗੱਲਾਂ ਸਾਨੂੰ ਜੀਵਨ 'ਚ ਅੱਗੇ ਵਧਣ ਲਈ ਪ੍ਰੇਰਦੀਆਂ ਹਨ...

## ਗੱਲ ਦਾ ਅਸਰ

ਹਰਜਿੰਦਰ ਸਿੰਘ ਅਸ਼ੀ

ਜਸਪ੍ਰੀਤ ਆਪਣੇ ਮਾਤਾ-ਪਿਤਾ ਦਾ ਇਕਲੌਤਾ ਤੇ ਲਾਡਲਾ ਮੁੰਡਾ ਹੋਣ ਕਾਰਨ ਆਪਣੀ ਮਨ ਮਰਜ਼ੀ ਕਰਦਾ ਅਤੇ ਉਸ ਦੀਆਂ ਇਹ ਬੁਰੀਆਂ ਆਦਤਾਂ ਦਿਨੋ-ਦਿਨ ਵੱਧ ਰਹੀਆਂ ਸਨ। ਉਹ ਹਰ ਗੱਲ 'ਤੇ ਟਾਲਾ ਵੱਟਦਾ, ਪੜ੍ਹਾਈ ਵਿਚ ਰੁਚੀ ਨਾ ਲੈਂਦਾ, ਸਵੇਰੇ ਲੇਟ ਉੱਠਦਾ ਤੇ ਹਰ ਸਮੇਂ ਮੋਬਾਇਲ 'ਤੇ ਗੇਮਾਂ ਖੇਡਦਾ ਰਹਿੰਦਾ। ਸਮਾਂ ਬੀਤਦਾ ਗਿਆ ਅਤੇ ਮਾਂ-ਬਾਪ ਨੂੰ ਉਸਦੇ ਭਵਿੱਖ ਬਾਰੇ ਚਿੰਤਾ ਹੋਣ ਲੱਗੀ ਕਿਉਂਕਿ ਜਸਪ੍ਰੀਤ ਦੀਆਂ ਇਹ ਆਦਤਾਂ ਪੱਕ ਚੁੱਕੀਆ ਸਨ। ਮਾਂ-ਬਾਪ ਨੇ ਸਾਰੇ ਉਪਰਾਲੇ ਕਰ ਕੇ ਵੇਖ ਲਏ ਪਰ ਇਨ੍ਹਾਂ ਦਾ ਜਸਪ੍ਰੀਤ ਉਪਰ ਕੋਈ ਅਸਰ ਨਹੀ ਸੀ।

ਇਕ ਰਾਤ ਜਸਪ੍ਰੀਤ ਅਤੇ ਉਸਦਾ ਪਿਤਾ ਇਕੱਠੇ ਖਾਣਾ ਖਾ ਰਹੇ ਸਨ ਤਾਂ ਪਿਤਾ ਨੇ ਆਪਣੇ ਬੇਟੇ ਨੂੰ ਸਮਝਾਉਣਾ ਚਾਹਿਆ ਤੇ ਗੱਲ ਸ਼ੁਰੂ ਕੀਤੀ ਕਿ ਜੇ ਇਨਸਾਨ ਆਪਣੇ ਮਨੀਰਾਮ ਨੂੰ ਕਾਬੂ ਕਰ ਲਵੇ ਤਾਂ ਉਹ ਆਪਣੀ ਜ਼ਿੰਦਗੀ ਵਿਚ ਕਾਮਯਾਬ ਹੋ ਜਾਂਦਾ ਹੈ ਤਾਂ ਜਸਪ੍ਰੀਤ ਨੇ ਹੈਰਾਨਗੀ ਭਰੇ ਲਹਿਜੇ ਵਿਚ ਪਿਤਾ ਵੱਲ ਤੱਕਿਆ ਤੇ ਸਵਾਲ ਕੀਤਾ ਕਿ ਪਿਤਾ ਜੀ 'ਮਨੀਰਾਮ' ਕੀ ਹੁੰਦਾ ਹੈ? ਪਿਤਾ ਨੇ ਸੋਚਿਆ ਕਿ ਤੀਰ ਨਿਸ਼ਾਨੇ 'ਤੇ ਲੱਗਿਆ ਹੈ, ਉਸੇ ਵਕਤ ਗੰਭੀਰ ਹੁੰਦਿਆਂ ਪੁੱਤ ਨੂੰ ਸਮਝਾਉਣਾ ਸ਼ੁਰੂ ਕੀਤਾ ਕਿ ਬੇਟਾ, ਮਨੀਰਾਮ ਇਨਸਾਨ ਦੇ ਅੰਦਰਲਾ ਮਨ ਹੈ ਜੋ ਹਮੇਸ਼ਾ ਇਨਸਾਨ ਨੂੰ ਗ਼ਲਤ ਕੰਮ ਕਰਨ ਲਈ ਪ੍ਰੇਰਿਤ ਕਰਦਾ ਹੈ। ਜੇ ਇਨਸਾਨ ਮਨ ਮਗਰ ਲੱਗ ਜਾਵੇ ਤਾਂ ਉਹ ਫੇਲ੍ਹ ਹੋ ਜਾਂਦਾ ਹੈ, ਮਨ ਨੂੰ ਆਪਣੇ ਮਗਰ ਲਾ ਲਵੇ ਤਾਂ ਕਾਮਯਾਬ ਹੋ ਜਾਂਦਾ ਹੈ। ਜਿਵੇਂ ਪੁੱਤਰ ਤੂੰ ਸਵੇਰੇ ਉੱਠਦਾ ਹੈ ਤਾਂ ਮਨ ਤੈਨੂੰ ਹੋਰ ਸੌਣ ਲਈ ਕਹਿੰਦਾ ਹੈ ਜੇ ਤੂੰ ਉਸਦੀ ਗੱਲ ਮੰਨ ਲਈ ਤਾ ਤੂੰ ਫਿਰ ਸੌਂ ਜਾਵੇਗਾ ਅਤੇ ਸਕੂਲ ਤੋ ਲੇਟ ਹੋ ਜਾਵੇਗਾ ਅਤੇ ਤੇਰੇ ਸਾਰੇ ਦਿਨ ਦੇ ਕੰਮ ਵੀ ਅਧੂਰੇ ਰਹਿ ਜਾਣਗੇ। ਜੇ ਤੂੰ ਇਸਦੇ ਉਲਟ ਉਸਦੀ ਗੱਲ ਨਾ ਮੰਨਦਾ ਹੋਇਆ ਸਵੇਰੇ ਉਠੇਂਗਾ ਤਾਂ ਤੂੰ ਸਕੂਲ ਵੀ ਸਮੇਂ ਸਿਰ ਜਾਵੇਗਾ ਤੇ ਤੇਰੇ ਕੰਮ ਵੀ ਸਾਰੇ ਪੂਰੇ ਹੋ ਜਾਣਗੇ ਤੇ ਤੂੰ ਜ਼ਿੰਦਗੀ ਵਿਚ ਸਫ਼ਲ ਇਨਸਾਨ ਬਣ ਜਾਵੇਗਾ।



ਜਸਪ੍ਰੀਤ ਨੇ ਪਿਤਾ ਦੀ ਗੱਲ ਨੂੰ ਬਹੁਤ ਡੂੰਘਾਈ ਨਾਲ ਸੋਚਿਆ ਅਤੇ ਆਪਣੀ ਜ਼ਿੰਦਗੀ ਵਿਚ ਇਸ ਗੱਲ ਨੂੰ ਲਾਗੂ ਕਰਨ ਦਾ ਦ੍ਰਿੜ ਵਚਨ ਲੈ ਲਿਆ। ਇਸ ਅਸਰ ਸਦਕਾ ਹੁਣ ਉਸਦੀ ਜ਼ਿੰਦਗੀ ਦੀਆਂ ਨਾਕਾਮਯਾਬੀਆਂ ਉਸਦੀ ਸਫ਼ਲਤਾ ਵਿਚ ਬਦਲ ਗਈਆਂ ਅਤੇ ਉਹ ਇਕ ਮਹਾਨ ਇਨਸਾਨ ਬਣ ਗਿਆ।

• 97797-01434



## ਕਿਵੇਂ ਪੈਂਦੀ ਹੈ ਬਰਫ਼ ?



ਦੋਸਤੋ- ਤੁਸੀਂ ਜਾਣਦੇ ਹੀ ਹੋਵੋਗੇ ਕਿ ਸਾਡੀ ਧਰਤੀ 'ਤੇ ਪਾਣੀ ਇਕ ਲਗਾਤਾਰ ਚੱਕਰ 'ਚ ਚਲਦਾ ਰਹਿੰਦਾ ਹੈ। ਸੂਰਜ ਦੀ ਗਰਮੀ ਨਾਲ ਨਦੀਆਂ, ਤਾਲਾਬਾਂ, ਝੀਲਾਂ 'ਚੋਂ ਪਾਣੀ ਭਾਫ਼ ਬਣ ਕੇ ਉੱਡ ਜਾਂਦਾ ਹੈ ਅਤੇ ਵਾਤਾਵਾਰਨ 'ਚ ਪਹੁੰਚ ਜਾਂਦਾ ਹੈ। ਜਦੋਂ ਇਸ ਤਰ੍ਹਾਂ ਦੇ ਬਹੁਤ ਸਾਰੇ ਵਾਸ਼ਪੀਕਰਣ ਇਕੱਠੇ ਹੋ ਜਾਂਦੇ ਹਨ ਤਾਂ ਉਹ ਬੱਦਲ ਦਾ ਰੂਪ ਲੈ ਲੈਂਦੇ ਹਨ। ਜਦੋਂ ਇਹ ਬੱਦਲ ਆਪਸ 'ਚ ਟਕਰਾਉਂਦੇ ਹਨ ਤਾਂ ਬਾਰਿਸ਼ ਹੁੰਦੀ ਹੈ ਪਰ ਜਦੋਂ ਇਹ ਬੱਦਲ ਵਾਤਾਵਰਨ 'ਚ ਜ਼ਿਆਦਾ ਮਾਤਰਾ 'ਚ ਉੱਪਰ ਚੱਲੇ ਜਾਂਦੇ ਹਨ ਤਾਂ ਉੱਥੋਂ ਦਾ ਤਾਪਮਾਨ ਬਹੁਤ ਘੱਟ ਹੋ ਜਾਂਦਾ ਹੈ ਅਤੇ ਵਾਤਾਵਰਨ ਬਹੁਤ ਠੰਢਾ ਹੋ ਜਾਂਦਾ ਹੈ। ਬੱਦਲ ਦਾ ਤਾਪਮਾਨ ਬਹੁਤ ਹੇਠਾਂ ਪਹੁੰਚਣ 'ਤੇ, ਬੱਦਲਾਂ 'ਚ ਮੌਜੂਦ ਵਾਸ਼ਪੀ ਕਣ ਛੋਟੇ-ਛੋਟੇ ਕਣਾਂ 'ਚ ਬਦਲ ਜਾਂਦੇ ਹਨ। ਹਵਾ ਇਨ੍ਹਾਂ ਬਰਫ਼ ਦੇ ਕਣਾਂ ਦਾ ਭਾਰ ਨਹੀਂ ਉੱਠਾ ਪਾਉਂਦੀ ਤੇ ਕਣ ਬੱਦਲ ਨਾਲ ਹੇਠਾਂ ਡਿੱਗਣ ਲੱਗਦੇ ਹਨ। ਜਦੋਂ ਉਹ ਡਿੱਗਦੇ ਹਨ ਤਾਂ ਇਕ ਦੂਜੇ ਨਾਲ ਟੱਕਰਾ ਕੇ ਜੁੜਨ ਲੱਗਦੇ ਹਨ। ਇਸ ਤਰ੍ਹਾਂ ਇਨ੍ਹਾਂ ਦਾ ਆਕਾਰ ਵੱਡਾ ਹੋਣ ਲੱਗਦਾ ਹੈ। ਜਦੋਂ ਇਹ ਕਣ ਸਾਡੀ ਧਰਤੀ 'ਤੇ ਡਿੱਗਦੇ ਹਨ ਤਾਂ ਅਸੀਂ ਉਸ ਨੂੰ ਬਰਫ਼ਬਾਰੀ ਕਹਿੰਦੇ ਹਾਂ।

ਹੁਣ ਤੁਸੀਂ ਇਹ ਕਹਿ ਸਕਦੇ ਹੋ ਕਿ ਬਰਫ਼ ਦਰਅਸਲ ਜਮ੍ਹਾਂ ਹੋਇਆ ਪਾਣੀ ਹੈ। ਬਰਫ਼ਬਾਰੀ 'ਚ ਧਰਤੀ 'ਤੇ ਅਕਸਰ ਬਰਫ਼ ਦੀ ਸਫ਼ੈਦ ਚਾਦਰ ਵਿਛ ਜਾਂਦੀ ਹੈ। ਡਿੱਗਦੀ ਹੋਈ ਇਹ ਬਰਫ਼ ਹਮੇਸ਼ਾਂ ਨਰਮ ਨਹੀਂ ਹੁੰਦੀ। ਇਹ ਬਰਫ਼ ਡਿੱਗਦੇ ਹੋਏ ਇਕ ਜਗ੍ਹਾ ਇਕੱਠੀ ਨਾ ਡਿੱਗ ਕੇ ਹਵਾ ਨਾਲ ਇੱਧਰ-ਉਧਰ ਫੈਲ ਜਾਂਦੀਆਂ ਹਨ, ਇਸ ਲਈ ਇਹ ਕਿਤੇ ਬਹੁਤ ਜ਼ਿਆਦਾ ਤੇ ਕਿਤੇ ਬਹੁਤ ਘੱਟ ਡਿਗਦੀਆਂ ਹਨ। ਕਦੇ ਇਹ ਛੋਟੇ-ਛੋਟੇ ਪੱਥਰਾਂ ਦੇ ਰੂਪ 'ਚ ਤਾਂ ਕਦੇ ਬਾਰਿਸ਼ ਦੇ ਨਾਲ ਡਿੱਗਣ ਵਾਲੇ ਸਖ਼ਤ ਬਰਫ਼ ਭਾਵ ਟੁਕੜਿਆਂ ਦੇ ਰੂਪ 'ਚ ਵੀ ਡਿੱਗਦੀ ਹੈ। ਬਰਫ਼ ਚਾਹੇ ਜਿਸ ਰੂਪ 'ਚ ਵੀ ਡਿੱਗੇ, ਜਿੱਥੇ ਇਹ ਡਿੱਗਦੀ ਹੈ ਉੱਥੋਂ ਦਾ ਤਾਪਮਾਨ ਕਾਫ਼ੀ ਡਿੱਗ ਜਾਂਦਾ ਹੈ। ਆਲੇ-ਦੁਆਲੇ ਦੇ ਇਲਾਕੇ ਵੀ ਠੰਢੀਆਂ ਹਵਾਵਾਂ ਦੀ ਲਪੇਟ 'ਚ ਆ ਜਾਂਦੇ ਹਨ। ਹੁਣ ਤੁਹਾਡੇ ਮਨ 'ਚ ਇਹ ਸਵਾਲ ਉੱਠਦਾ ਹੋਵੇਗਾ ਕਿ ਇਹ ਬਰਫ਼ਬਾਰੀ ਪਹਾੜੀ ਇਲਾਕਿਆਂ 'ਚ ਹੀ ਕਿਉਂ ਹੁੰਦੀ ਹੈ?



ਬਰਫ਼ ਉਨ੍ਹਾਂ ਸਥਾਨਾਂ 'ਤੇ ਜ਼ਿਆਦਾ ਡਿੱਗਦੀ ਹੈ ਜੋ ਇਲਾਕੇ ਜਾਂ ਤਾਂ ਸਮੁੰਦਰ ਤੋਂ ਕਾਫ਼ੀ ਉੱਪਰ ਹੁੰਦੇ ਹਨ ਜਾਂ ਫਿਰ ਉੱਚਾਈ 'ਤੇ ਹੁੰਦੇ ਹਨ। ਵਾਤਾਵਰਨ 'ਚ ਬਰਫ਼ ਕਾਫ਼ੀ ਜ਼ਿਆਦਾ ਬਣਦੀ ਹੈ, ਜਿਸ ਦਾ ਇਕ ਛੋਟਾ ਹਿੱਸਾ ਹੀ ਥੱਲੇ ਪਹਾੜਾਂ 'ਤੇ ਡਿੱਗਦਾ ਹੈ। ਬਾਕੀ ਹਿੱਸਾ ਬਾਰਿਸ਼ ਦੇ ਰੂਪ 'ਚ ਥੱਲੇ ਆਉਂਦਾ ਹੈ।

ਹੁਣ ਇਹ ਵੀ ਸਵਾਲ ਤੁਹਾਡੇ ਮਨ 'ਚ ਆਵੇਗਾ ਕਿ ਬਰਫ਼ ਬਣਦੀ ਹੈ ਅਤੇ ਬਾਰਿਸ਼ ਡਿੱਗਦੀ ਹੈ, ਉਹ ਕਿਵੇਂ? ਵਾਤਾਵਰਨ 'ਚ ਮੌਜੂਦ ਓਜ਼ੋਨ ਦੀਆਂ ਗਰਮ ਪਰਤਾਂ ਦੇ ਵਿਚਕਾਰ ਤੋਂ ਜਦੋਂ ਬਰਫ਼ਬਾਰੀ ਦੇ ਕਣ ਨਿਕਲਦੇ ਹਨ ਤਾਂ ਬਰਫ਼ ਪਿਘਲ ਜਾਂਦੀ ਹੈ ਅਤੇ ਬਾਰਿਸ਼ ਦੇ ਪਾਣੀ 'ਚ ਬਦਲ ਜਾਂਦੀ ਹੈ, ਜਦਕਿ ਉੱਚੇ ਪਹਾੜਾਂ 'ਚ ਤਾਪਮਾਨ ਪਹਿਲਾਂ ਤੋਂ ਹੀ ਸਿਫ਼ਰ ਡਿੱਗਰੀ ਤੋਂ ਕਾਫ਼ੀ ਘੱਟ ਹੁੰਦਾ ਹੈ, ਇਸ ਲਈ ਉੱਥੇ ਬਰਫ਼ਬਾਰੀ ਹੁੰਦੀ ਹੈ। •

### ਫ਼ਾਇਦਾ

ਪਹਾੜਾਂ 'ਤੇ ਡਿੱਗੀ ਇਹ ਬਰਫ਼ ਸੂਰਜ ਦੀ ਤਪਸ਼ ਨਾਲ ਪਿਘਲ ਕੇ ਨਦੀਆਂ 'ਚ ਪਾਣੀ ਦੀ ਪੂਰਤੀ ਕਰਦੀ ਹੈ, ਜਿਸ ਨੂੰ ਖੇਤੀਬਾੜੀ, ਬਿਜਲੀ ਬਣਾਉਣ ਅਤੇ ਹੋਰ ਕੰਮਾਂ ਲਈ ਵਰਤਿਆ ਜਾਂਦਾ ਹੈ...

# ਬਹੁਤ ਕੁਝ ਸਿਖਾਉਂਦੀ ਹੈ ਬਾਲ-ਸਭਾ

ਰਮੇਸ਼ ਬੱਗਾ ਚੋਹਲਾ

ਬਾਲ ਸਭਾ ਵਿਚ ਸਕੂਲ ਦੇ ਅਧਿਆਪਕਾਂ ਦੀ ਨਾ ਸਿਰਫ਼ ਸਰਗਰਮ ਭਾਗੇਦਾਰੀ ਹੀ ਹੁੰਦੀ ਸੀ ਸਗੋਂ ਕੁੱਝ ਰਚਨਾਤਮਿਕ ਅਤੇ ਕਲਾਤਮਿਕ ਸੋਚ ਵਾਲੇ ਅਧਿਆਪਕਾਂ ਵੱਲੋਂ ਵਿਸ਼ੇਸ਼ ਰੁਚੀਆਂ ਰੱਖਣ ਵਾਲੇ ਵਿਦਿਆਰਥੀਆਂ ਦਾ ਮਾਰਗਦਰਸ਼ਨ ਵੀ ਕੀਤਾ ਜਾਂਦਾ ਸੀ।

ਸਕੂਲ ਵਿਚ ਨਿਯਮਿਤ ਰੂਪ ਵਿਚ ਲਗਾਈ ਜਾਣ ਵਾਲੀ ਬਾਲ-ਸਭਾ ਜਿੱਥੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਮਨਪ੍ਰਚਾਵੇ ਦਾ ਸਬੱਬ ਬਣਦੀ ਸੀ ਉੱਥੇ ਵਿਦਿਆਰਥੀਆਂ ਦੀ ਸਿਰਜਣਾਤਮਿਕ ਅਤੇ ਕਲਾਤਮਿਕ ਪਹੁੰਚ ਨੂੰ ਉਭਾਰਨ, ਨਿਖ਼ਾਰਨ ਅਤੇ ਸੰਵਾਰਣ ਵਿਚ ਵੀ ਵਿਸ਼ੇਸ਼ ਸਹਾਈ ਹੁੰਦੀ ਸੀ। ਇਸ ਸਭਾ ਰਾਹੀਂ ਵਿਲੱਖਣ ਪ੍ਰਤਿਭਾ ਵਾਲੇ ਵਿਦਿਅਰਥੀਆਂ ਨੂੰ ਇਕ ਅਜਿਹਾ ਮੰਚ ਪ੍ਰਦਾਨ ਕੀਤਾ ਜਾਂਦਾ ਸੀ ਜਿਹੜਾ ਉਨ੍ਹਾਂ ਦੇ ਆਤਮ-ਵਿਸ਼ਵਾਸ ਵਿਚ ਵਾਧਾ ਕਰਕੇ ਉਨ੍ਹਾਂ ਦੁਆਰਾ ਮਿੱਥੀ ਹੋਈ ਮੰਜ਼ਿਲ ਦੇ ਨਜ਼ਦੀਕ ਲੈ ਜਾਂਦਾ ਸੀ।

ਜੇ ਰਸਮੀ ਸਿੱਖਿਆ ਦੇ ਉਦੇਸ਼ ਦੀ ਗੱਲ ਕੀਤੀ ਜਾਵੇ ਤਾਂ ਉਸ ਦਾ ਉਦੇਸ਼ ਸਿਰਫ਼ ਡਾਕਟਰ, ਇੰਜੀਨੀਅਰ, ਵਕੀਲ ਜਾਂ ਅਧਿਆਪਕ ਪੈਦਾ ਕਰਨਾ ਹੀ ਨਹੀਂ ਸਗੋਂ ਅਜਿਹੇ ਕਲਾਕਾਰ, ਸਾਹਿਤਕਾਰ ਅਤੇ ਬੁਲਾਰੇ ਪੈਦਾ ਕਰਨਾ ਵੀ ਹੈ ਜੋ ਆਪਣੀ ਅਗਾਂਹਵਧੂ ਸੋਚਣੀ, ਲੇਖਣੀ ਅਤੇ ਬੋਲਣੀ ਨਾਲ ਸਾਹਿਤ, ਸਭਿਆਚਾਰ ਅਤੇ ਸਮਾਜ ਨੂੰ ਅਮੀਰ ਬਣਾ ਸਕਣ। ਕਾਫ਼ੀ ਹੱਦ ਤਕ ਇਹ ਅਮੀਰੀ ਵੀ ਸਕੂਲ ਦੀ ਬਾਲ-ਸਭਾ ਦੀ ਹੀ ਦੇਣ ਰਹੀ ਹੈ। ਜਦੋਂ ਕਦੇ ਸਥਾਪਿਤ/ਕਾਮਯਾਬ ਕਲਾਕਾਰਾਂ ਵਿਸ਼ੇਸ਼ ਕਰ ਕੇ ਗਾਇਕਾਂ ਜਾਂ ਅਭਿਨੇਤਾਵਾਂ ਨਾਲ ਮੁਲਾਕਾਤ ਕੀਤੀ ਜਾਂਦੀ ਹੈ ਤਾਂ ਉਹ ਵੀ ਆਪਣੀ ਸਥਾਪਤੀ/ਕਾਮਯਾਬੀ ਦਾ ਬਹੁਤਾ ਸਿਹਰਾ ਪੜ੍ਹਾਈ ਦੌਰਾਨ ਸਕੂਲ ਵਿਚ ਲੱਗਣ ਵਾਲੀ ਬਾਲ-ਸਭਾ ਨੂੰ ਹੀ ਦਿੰਦੇ ਹਨ।

- ਸਕੂਲ ਦੁਆਰਾ ਨਿਯਮਿਤ ਰੂਪ ਵਿਚ ਕੀਤੀ ਜਾਣ ਵਾਲੀ ਬਾਲ-ਸਭਾ ਜਿੱਥੇ ਵਿਦਿਆਰਥੀ ਨੂੰ ਆਪਣਿਆਂ ਵਿਚ ਆਪਣੀ ਗੱਲ ਕਹਿ ਕੇ ਮਾਣ ਮਹਿਸੂਸ ਕਰਵਾਉਂਦੀ ਸੀ ਉੱਥੇ ਉਨ੍ਹਾਂ ਨੂੰ ਸਮੇਂ ਦਾ ਹਾਣੀ ਬਣਾ ਕੇ ਬੇਗ਼ਾਨਿਆਂ (ਬਾਹਰਲੇ ਵਿਸ਼ਾਲ ਇਕੱਠਾਂ) ਦੇ ਸਨਮੁੱਖ ਹੋਣ ਦੇ ਸਮਰੱਥ ਵੀ ਬਣਾਉਂਦੀ ਸੀ।
- ਇਸ ਸਭਾ ਵਿਚ ਹੀ ਪਹਿਲਾਂ ਸਕੂਲ ਦੇ ਗੁਣਵਾਨ ਬੱਚਿਆਂ ਨੂੰ ਤਰਾਸ਼ਿਆ ਜਾਂਦਾ ਸੀ ਅਤੇ ਇਸ ਤਲਾਸ਼ੀ ਤੋਂ ਬਾਅਦ ਯੋਗ ਅਧਿਆਪਕਾਂ ਦੁਆਰਾ ਤਰਾਸ਼ਿਆ ਜਾਂਦਾ ਸੀ। ਇਸ ਤਰ੍ਹਾਂ ਸਕੂਲ-ਸਭਾਵਾਂ ਵਿੱਚੋਂ ਤਲਾਸ਼ੇ ਅਤੇ ਅਧਿਆਪਕਾਂ ਦੁਆਰੇ ਤਰਾਸ਼ੇ ਵਿਦਿਆਰਥੀ ਜ਼ਿੰਦਗੀ ਵਿਚ ਕਈ ਵੱਡ-ਅਕਾਰੀਆਂ ਅਤੇ ਨਿਆਰੀਆਂ ਪ੍ਰਾਪਤੀ ਦੇ ਹੱਕਦਾਰ ਬਣ ਜਾਂਦੇ ਸਨ।
- ਸਕੂਲ ਦੀ ਬਾਲ-ਸਭਾ ਦਾ ਇਕ ਹਾਸਲ ਇਹ ਵੀ ਰਿਹਾ ਹੈ ਕਿ ਇਹ ਵਿਦਿਆਰਥੀਆਂ ਵਿਚਲੀ ਹਫ਼ਤਾ ਭਰ (ਜੋ ਅਕਸਰ ਬੋਝਲ ਅਤੇ ਔਖਿਆਲੇ ਪਾਠਕ੍ਰਮ ਕਰਕੇ ਪੈਦਾ ਹੁੰਦੀ ਹੈ) ਦੀ ਉਕਤਾਹਟ ਨੂੰ ਕੁਝ ਸਮੇਂ ਲਈ ਰੋਚਕ ਅਤੇ ਹੁਸੀਨ ਪਲਾਂ ਵਿਚ ਬਦਲ ਦਿੰਦੀ ਸੀ।
- ਸਭਾ ਵਿਚ ਹਾਜ਼ਰੀ ਭਰਕੇ ਸਕੂਲ ਦੇ ਵਿਦਿਆਰਥੀ ਆਪਣੇ ਆਪ ਨੂੰ ਤਰੋਤਾਜ਼ਾ ਮਹਿਸੂਸ ਕਰਦੇ ਸਨ। ਇਹ ਤਾਜ਼ਗੀ ਉਨ੍ਹਾਂ ਨੂੰ ਅਗਲੇ ਹਫ਼ਤੇ ਲੱਗਣ ਵਾਲੀਆਂ ਜਮਾਤਾਂ ਵਿਚ ਗਿਆਨ-ਵਿਗਿਆਨ ਦੀਆਂ ਗੱਲਾਂ ਨੂੰ ਸੁਣਨ ਅਤੇ ਸਮਝਣ ਲਈ ਊਰਜਾ ਪ੍ਰਦਾਨ ਕਰਦੀ ਸੀ। ਇਸ ਊਰਜਾ ਦੀ ਬਦੌਲਤ ਹੀ ਉਹ ਵਿਦਿਆ ਨੂੰ ਵਿਚਾਰਨ ਅਤੇ ਪਰਉਪਕਾਰਨ ਲਈ ਹਮੇਸ਼ਾ ਤਿਆਰ ਰਹਿੰਦੇ ਸਨ।
- ਸਕੂਲ ਦੀ ਬਾਲ-ਸਭਾ ਵਿਦਿਆਰਥੀ ਵਰਗ ਨੂੰ ਇਕ ਅਪਣੱਤਮਈ ਮਾਹੌਲ ਦਿੰਦੀ ਸੀ ਜਿਹੜਾ ਉਨ੍ਹਾਂ ਦੇ ਬਿਆਨਾਤਮਿਕ ਅਤੇ ਪ੍ਰਦਰਸ਼ਨਾਤਮਿਕ ਪੱਖ ਨੂੰ ਮਜ਼ਬੂਤ ਕਰਦਾ ਸੀ। ਇਹ ਪੱਖ ਜਿੱਥੇ ਉਨ੍ਹਾਂ ਦੇ ਸਤਿਕਾਰ ਵਿਚ ਵਾਧਾ ਕਰਦਾ ਸੀ ਉੱਥੇ ਉਨ੍ਹਾਂ ਦੀ ਪਛਾਣ ਵੀ ਬਣਾਉਂਦਾ ਸੀ।
- ਬਾਲ ਸਭਾ ਦੌਰਾਨ ਬਣੀ ਇਸ ਵੱਖਰੀ ਪਛਾਣ ਸਦਕਾ ਹੀ ਉਹ ਸਕੂਲ ਵੱਲੋਂ ਦਿੱਤੀਆਂ ਜਾਂਦੀਆਂ ਕਈ ਰਿਆਇਤਾਂ/ਸਹੂਲਤਾਂ ਦੇ ਭਾਗੀਦਾਰ ਵੀ ਬਣ ਜਾਂਦੇ ਸਨ।
- ਪੰਜਾਬ ਸਕੂਲ ਸਿੱਖਿਆ ਬੋਰਡ ਦੁਆਰਾ ਕਰਵਾਏ ਜਾਂਦੇ ਵਿਦਿਅਕ ਮੁਕਾਬਲਿਆਂ ਵਿਚ ਹਿੱਸਾ ਲੈਣ ਵਾਲੇ ਵਿਦਿਆਰਥੀ ਵੀ ਆਮ ਤੌਰ 'ਤੇ ਸਕੂਲ ਵਿਚ ਲਗਾਤਾਰਤਾ ਨਾਲ ਲਗਾਈ ਜਾਣ ਵਾਲੀ ਬਾਲ- ਸਭਾ ਦੀ ਹੀ ਪੈਦਾਵਾਰ ਹੁੰਦੇ ਸਨ ਜੋ ਇਨ੍ਹਾਂ ਮੁਕਾਬਲਿਆਂ ਵਿਚ ਆਪਣੀਆਂ ਬੇਹਤਰੀਨ ਪੇਸ਼ਕਾਰੀਆਂ ਲਈ ਮਾਨ-ਸਨਮਾਨ ਹਾਸਲ ਕਰਕੇ ਆਪਣਾ ਅਤੇ ਆਪਣੇ ਸਕੂਲ ਦਾ ਨਾਂ ਰੌਸ਼ਨ ਕਰਦੇ ਸਨ।
- ਇਸ ਸਭਾ ਵਿੱਚੋਂ ਲੱਗੀ ਹੋਈ ਜਾਗ ਹੀ ਵਿਦਿਆਰਥੀਆਂ ਨੂੰ ਮਹਾਂਵਿਦਿਆਲਿਆਂ ਅਤੇ ਵਿਸ਼ਵ-ਵਿਦਿਆਲਿਆਂ ਦੇ ਯੁਵਕ-ਮੇਲਿਆਂ ਵਿਚ ਸ਼ਲਾਘਾਯੋਗ ਭੂਮਿਕਾ ਅਦਾ ਕਰਨ ਦੇ ਕਾਬਿਲ ਬਣਾ ਦਿੰਦੀ ਸੀ ਅਤੇ ਉਹ ਟਰਾਫੀਆਂ, ਸ਼ੀਲਡਾਂ ਅਤੇ ਗੋਲਡ ਮੈਡਲਾਂ ਨਾਲ ਨਿਵਾਜ਼ੇ ਜਾਂਦੇ ਸਨ।
- ਅਜੋਕੇ ਸਮੇਂ ਸਕੂਲਾਂ (ਵਿਸ਼ੇਸ਼ ਕਰਕੇ ਸਰਕਾਰੀ) ਵਿਚ ਬਾਲ-ਸਭਾ ਦਾ ਰਿਵਾਜ ਬਿਲਕੁੱਲ ਖ਼ਤਮ ਹੋ ਕੇ ਰਹਿ ਗਿਆ ਹੈ। ਹੁਣ ਸਕੂਲ ਦੀ ਸਮਾਂ-ਸਾਰਣੀ ਵਿਚ ਇਸ ਸਭਾ ਦੀ ਕੋਈ ਵਿਸ਼ੇਸ਼ ਵਿਵਸਥਾ ਨਹੀਂ ਕੀਤੀ ਜਾਂਦੀ।
- ਅਧਿਆਪਕ ਗ਼ੈਰ-ਵਿਦਿਅਕ ਕੰਮਾਂ ਦੇ ਬੋਝ ਥੱਲੇ ਦੱਬੇ ਹੋਏ ਹਨ ਅਤੇ ਵਿਦਿਆਰਥੀ ਨਵੀਂ ਟੈਕਨਾਲੌਜੀ ਦਾ ਸ਼ਿਕਾਰ ਹੋ ਕੇ ਰਹਿ ਗਏ ਹਨ। ਇਸ ਤਰ੍ਹਾਂ ਦੇ ਅਣਸੁਖਾਵੇਂ ਅਤੇ ਘੁੱਟਵੇਂ ਮਾਹੌਲ ਵਿਚ ਭਲਾ ਕੋਈ ਸਕੂਲ ਕਲਾਕਾਰ, ਨਾਟਕਕਾਰ ਅਤੇ ਸਾਹਿਤਕਾਰ ਕਿਵੇਂ ਪੈਦਾ ਕਰ ਸਕਦਾ ਹੈ?



• 94631-32719

**ਕੋਈ ਸਮਾਂ ਸੀ ਜਦੋਂ ਸਰਕਾਰੀ ਸਕੂਲਾਂ ਵਿਚ ਪੜ੍ਹਨ-ਪੜ੍ਹਾਉਣ ਤੋਂ ਇਲਾਵਾ ਵਿਦਿਆਰਥੀਆਂ ਦੇ ਮਨੋਰੰਜਨ ਦਾ ਵੀ ਸਮਾਂ ਨਿਰਧਾਰਿਤ ਹੋਇਆ ਕਰਦਾ ਸੀ। ਹਫ਼ਤੇ ਦੇ ਆਖ਼ਰੀ ਦਿਨ ਕੁੱਝ ਪੀਰੀਅਡ ਰਾਖਵੇਂ ਰੱਖ ਕੇ ਸਕੂਲ ਦੇ ਸਮੂਹ ਵਿਦਿਆਰਥੀਆਂ ਨੂੰ ਕਿਸੇ ਹਾਲ ਜਾਂ ਪੰਡਾਲ ਵਿਚ ਇਕੱਠੇ ਕਰ ਲਿਆ ਜਾਂਦਾ ਸੀ। ਇਸ ਇਕੱਠ ਨੂੰ ਬਾਲ-ਸਭਾ ਦਾ ਨਾਂ ਦਿੱਤਾ ਜਾਂਦਾ ਸੀ ਜਿਸ ਵਿਚ ਬੱਚਿਆਂ ਨੂੰ ਆਪਾ ਪ੍ਰਗਟਾਉਣ/ਚਮਕਾਉਣ ਦੇ ਮੌਕੇ ਪ੍ਰਾਪਤ ਹੁੰਦੇ ਸਨ....**



## ਬਾਲ ਕੈਨਵਸ





ਨਾਂ : ਚਮਕੌਰ ਸਿੰਘ
ਜਮਾਤ : ਪੰਜਵੀਂ
ਪਤਾ : ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਸੰਗਰੂਰ।





ਨਾਂ : ਮਨਦੀਪ ਕੌਰ
ਜਮਾਤ : ਪੰਜਵੀਂ
ਪਤਾ : ਗੁਰੂ ਅਮਰਦਾਸ ਆਦਰਸ਼ ਇੰਸਟੀਟਿਊਟ, ਫਤਹਿਬਾਦ।



ਨਾਂ : ਲਵਪ੍ਰੀਤ ਸਿੰਘ ਮਾਧਰੂ
ਜਮਾਤ : ਛੇਵੀਂ
ਪਤਾ : ਗੁਰੂ ਨਾਨਕ ਇੰਟਰਨੈਸ਼ਨਲ ਸਕੂਲ, ਲੁਧਿਆਣਾ।






ਨਾਂ : ਸ਼ਿਵਮ
ਜਮਾਤ : ਚੌਥੀ
ਪਤਾ : ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਲੌਂਗੋਵਾਲ।



ਨਾਂ : ਹਰਿੰਦਰ
ਜਮਾਤ : ਸੱਤਵੀਂ
ਪਤਾ : ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਸਮਾਓਂ।

# ਕੇਂਦਰੀ ਸਿਹਤ ਮੰਤਰੀ ਸ਼੍ਰੀ ਜੇ ਪੀ ਨੱਡਾ ਨੇ ਗਲੋਬਲ ਫੂਡ ਰੈਗੂਲੇਟਰਸ ਸਮਿਟ 2025 ਦੇ ਲੋਗੋ ਅਤੇ ਬ੍ਰੋਸ਼ਰਾਂ ਦਾ ਕੀਤਾਉਦਘਾਟਨ ਕੀਤਾ

**ਚੰਡੀਗੜ੍ਹ, 27 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਫੂਡ ਸੇਫਟੀ ਐਂਡ ਸਟੈਂਡਰਡਜ਼ ਅਥਾਰਟੀ ਆਫ਼ ਇੰਡੀਆ (ਐੱਫਐੱਸਐੱਸਏਆਈ) 26 ਤੋਂ 27 ਸਤੰਬਰ ਤੱਕ ਭਾਰਤ ਮੰਡਪਮ ਵਿਖੇ ਵਰਲਡ ਫੂਡ ਇੰਡੀਆ 2025 ਪ੍ਰੋਗਰਾਮ ਦੇ ਨਾਲ ਜੀਐੱਫਆਰਐੱਸ (GFRS) 2025 ਦੀ ਮੇਜ਼ਬਾਨੀ ਕਰੇਗਾ

ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ, ਸ਼੍ਰੀ ਜਗਤ ਪ੍ਰਕਾਸ਼ ਨੱਡਾ ਨੇ ਅੱਜ ਨਿਰਮਾਣ ਭਵਨ ਵਿਖੇ ਗਲੋਬਲ ਫੂਡ ਰੈਗੂਲੇਟਰਸ ਸਮਿਟ 2025 ਦੇ ਲੋਗੋ ਅਤੇ ਬ੍ਰੋਸ਼ਰ ਦਾ ਉਦਘਾਟਨ ਕੀਤਾ। ਇਹ ਸਮਿਟ 26 ਤੋਂ 27 ਸਤੰਬਰ ਤੱਕ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਦੀ ਅਗਵਾਈ ਹੇਠ ਫੂਡ ਸੇਫਟੀ ਐਂਡ ਸਟੈਂਡਰਡਜ਼ ਅਥਾਰਟੀ ਦੁਆਰਾ ਆਯੋਜਿਤ ਕੀਤੀ ਜਾ ਰਹੀ ਹੈ। ਫੂਡ ਪ੍ਰੋਸੈੱਸਿੰਗ ਇੰਡਸਟਰੀਜ਼ ਮੰਤਰਾਲੇ ਦੁਆਰਾ ਆਯੋਜਿਤ ਵਰਲਡ ਫੂਡ ਇੰਡੀਆ 2025 ਪ੍ਰੋਗਰਾਮ ਵੀ ਆਯੋਜਿਤ ਕੀਤਾ ਜਾ ਰਿਹਾ ਹੈ।

ਆਪਣੇ ਮੁੱਖ ਭਾਸ਼ਣ ਵਿੱਚ, ਕੇਂਦਰੀ ਸਿਹਤ ਮੰਤਰੀ ਨੇ ਕਿਹਾ ਕਿ ਇਸ ਸਾਲ ਦੇ ਜੀਐੱਫਆਰਐੱਸ ਦਾ ਵਿਸ਼ਾ, ਉਭਰਦੀਆਂ ਖੁਰਾਕ ਪ੍ਰਣਾਲੀਆਂ- ਯਥਾ ਅੰਨਮ ਤਥਾ ਮਨਹ- ਜੈਸਾ ਧਨ ਵੈਸਾ ਮਨ) ਭੋਜਨ ਦੀ ਗੁਣਵੱਤਾ ਅਤੇ ਮਨ ਤੇ ਸਮਾਜ ਦੀ ਸਿਹਤ ਦੇ ਦਰਮਿਆਨ ਡੂੰਘੇ ਸਬੰਧ ਨੂੰ ਖੂਬਸੂਰਤੀ ਨਾਲ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਭੋਜਨ ਸਿਰਫ਼ ਪੋਸ਼ਣ ਨਹੀਂ ਹੈ, ਇਹ ਇੱਕ ਅਜਿਹੀ ਸ਼ਕਤੀ ਹੈ ਜੋ ਸਰੀਰਕ ਤੰਦਰੁਸਤੀ, ਮਾਨਸਿਕ ਸਿਹਤ, ਭਾਵਨਾਤਮਕ ਸੰਤੁਲਨ ਅਤੇ ਸਮਾਜਿਕ ਸਦਭਾਵਨਾ ਨੂੰ ਆਕਾਰ ਦਿੰਦਾ ਹੈ।

ਸ਼੍ਰੀ ਨੱਡਾ ਨੇ ਭਾਰਤ ਵਿੱਚ ਭੋਜਨ ਸੁਰੱਖਿਆ ਮਿਆਰਾਂ ਨੂੰ ਅੱਗੇ ਵਧਾਉਣ ਅਤੇ ਇਸ ਮਹੱਤਵਪੂਰਨ ਖੇਤਰ ਵਿੱਚ ਵਿਸ਼ਵਵਿਆਪੀ ਪ੍ਰਗਤੀ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਵਿੱਚ ਐੱਫਐੱਸਐੱਸਏਆਈ ਅਤੇ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਦੀ ਮਹੱਤਵਪੂਰਨ ਭੂਮਿਕਾ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਹ ਯਕੀਨੀ ਬਣਾਉਣ ਲਈ ਬਹੁ-ਆਯਾਮੀ ਦ੍ਰਿਸ਼ਟੀਕੋਣ ਅਪਣਾਇਆ ਜਾਣਾ ਚਾਹੀਦਾ ਹੈ ਕਿ ਅਸੀਂ ਜੋ ਭੋਜਨ ਵਰਤਦੇ ਹਾਂ ਉਹ ਸੁਰੱਖਿਅਤ ਅਤੇ ਸਿਹਤਮੰਦ ਹੋਵੇ। ਫੂਡ ਰੈਗੂਲੇਟਰਾਂ ਨੂੰ ਬਦਲਦੀਆਂ ਭੋਜਨ ਆਦਤਾਂ ਅਤੇ ਬਜ਼ਾਰ ਪ੍ਰਤੀ ਸੁਚੇਤ ਰਹਿਣ ਦੀ ਲੋੜ ਹੈ। ਭੋਜਨ ਸੁਰੱਖਿਆ ਮਿਆਰਾਂ, ਰੂਲਜ਼ ਅਤੇ ਰੇਗੂਲੇਸ਼ਨਜ਼ ਨੂੰ ਉਸੇ ਅਨੁਸਾਰ ਅਪਡੇਟ ਕੀਤਾ ਜਾਣਾ ਚਾਹੀਦਾ ਹੈ।

ਜੀਐੱਫਆਰਐੱਸ 2025 ਦੇ ਦ੍ਰਿਸ਼ਟੀਕੋਣ ਬਾਰੇ ਬੋਲਦਿਆਂ, ਸ਼੍ਰੀ ਨੱਡਾ ਨੇ ਕਿਹਾ: ਇਹ ਸਮਿਟ ਗਲੋਬਲ ਰੈਗੂਲੇਟਰਾਂ ਨੂੰ ਆਪਣੇ ਦ੍ਰਿਸ਼ਟੀਕੋਣ ਸਾਂਝੇ ਕਰਨ, ਮਿਆਰਾਂ ਵਿੱਚ ਤਾਲਮੇਲ ਸਥਾਪਿਤ ਕਰਨ, ਜੋਖਮ ਮੁਲਾਂਕਣ ਸਮਰੱਥਾਵਾਂ ਨੂੰ ਮਜ਼ਬੂਤ ਕਰਨ ਅਤੇ ਭੋਜਨ ਸੁਰੱਖਿਆ ਵਿੱਚ ਤਕਨੀਕੀ ਪ੍ਰਗਤੀ ਦੇ ਨਵੇਂ ਖੇਤਰਾਂ ਦਾ ਪਤਾ ਲਗਾਉਣ ਲਈ ਇੱਕ ਵਿਲੱਖਣ ਪਲੈਟਫਾਰਮ ਪ੍ਰਦਾਨ ਕਰੇਗਾ। ਇਸ ਦਾ ਉਦੇਸ਼ ਖਪਤਕਾਰਾਂ ਦੀ ਸਿਹਤ ਦੀ ਰੱਖਿਆ ਕਰਨਾ ਅਤੇ ਨਿਰਪੱਖ ਵਪਾਰ, ਨਵੀਨਤਾ ਅਤੇ ਸਾਰਿਆਂ ਲਈ ਲਾਭਕਾਰੀ ਭੋਜਨ ਪ੍ਰਣਾਲੀਆਂ ਨੂੰ ਹੁਲਾਰਾ ਦੇਣਾ ਹੈ।

ਉਨ੍ਹਾਂ ਨੇ ਆਪਣੇ ਸੰਬੋਧਨ ਦੀ ਸਮਾਪਤੀ ਫੂਡ ਸੇਫਟੀ ਐਂਡ ਸਟੈਂਡਰਡਜ਼ ਅਥਾਰਟੀ ਆਫ਼ ਇੰਡੀਆ ਨੂੰ ਇੱਕ ਸਫਲ ਅਤੇ ਲਾਭਕਾਰੀ ਸਮਿਟ ਦੀ ਕਾਮਨਾ ਨਾਲ ਕੀਤੀ।

ਇਸ ਸਮਿਟ ਵਿੱਚ 'ਈਟ ਰਾਈਟ ਥਾਲੀ' ਕਿਤਾਬ ਦਾ ਉਦਘਾਟਨ ਵੀ ਕੀਤਾ ਜਾਵੇਗਾ, ਜੋ ਕਿ ਐੱਫਐੱਸਐੱਸਏਆਈ ਦੀ ਇੱਕ ਮਹੱਤਵਪੂਰਨ ਪਹਿਲ ਹੈ, ਜੋ ਭਾਰਤ ਦੀ ਵਿਭਿੰਨ ਰਸੋਈ ਵਿਰਾਸਤ ਅਤੇ ਸੰਤੁਲਿਤ ਖੁਰਾਕ ਨੂੰ ਦਰਸਾਉਂਦੀ ਹੈ। ਇਸ ਕਿਤਾਬ ਵਿੱਚ ਸਾਰੇ ਰਾਜਾਂ ਦੀਆਂ ਰਵਾਇਤੀ ਥਾਲੀਆਂ ਨੂੰ ਪ੍ਰਦਰਸ਼ਿਤ ਕੀਤਾ ਗਿਆ ਹੈ, ਜਿਨ੍ਹਾਂ ਵਿੱਚੋਂ ਹਰੇਕ ਥਾਲੀ ਸਥਾਨਕ ਸਮੱਗਰੀਆਂ, ਖਾਣਾ ਪਕਾਉਣ ਦੇ ਅਭਿਆਸਾਂ ਅਤੇ ਸਦੀਆਂ ਪੁਰਾਣੀ ਖੁਰਾਕ ਦੇ ਗਿਆਨ ਨੂੰ ਦਰਸਾਉਂਦੀ ਹੈ, ਜੋ ਸੰਤੁਲਨ ਅਤੇ ਵਿਭਿੰਨਤਾ ਦੀ ਪੇਸ਼ ਕਰਦੀ ਹੈ। ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੇ ਸੱਦੇ ਦੇ ਅਨੁਰੂਪ, ਇਹ ਰਵਾਇਤੀ ਖੁਰਾਕ ਮੋਟਾਪੇ ਅਤੇ ਜੀਵਨ ਸ਼ੈਲੀ ਨਾਲ ਜੁੜੀਆਂ ਬਿਮਾਰੀਆਂ ਦੇ ਵਿਰੁੱਧ ਇੱਕ ਸਾਧਨ ਦੇ ਰੂਪ ਵਿੱਚ ਉਜਾਗਰ ਕਰਦੀ ਹੈ। ਇਹ ਸੰਗ੍ਰਹਿ ਇੱਕ ਸੱਭਿਆਚਾਰਕ ਵਿਰਾਸਤ ਅਤੇ ਸੁਚੇਤ, ਸਵਦੇਸ਼ੀ ਆਹਾਰ ਦੁਆਰਾ ਰੋਕਥਾਮ ਵਾਲੀ ਸਿਹਤ ਲਈ ਇੱਕ ਮਾਰਗਦਰਸ਼ਕ ਦੋਨੋਂ ਹੈ। ਗਲੋਬਲ ਫੂਡ ਰੈਗੂਲੇਟਰਸ ਸਮਿਟ 2025 ਵਿੱਚ ਕਈ ਤਰ੍ਹਾਂ ਦੀਆਂ ਗਤੀਵਿਧੀਆਂ ਸ਼ਾਮਲ ਹੋਣਗੀਆਂ, ਜਿਨ੍ਹਾਂ ਵਿੱਚ ਅੰਤਰਰਾਸ਼ਟਰੀ ਸੰਗਠਨਾਂ ਅਤੇ ਵਿਗਿਆਨੀਆਂ ਦੁਆਰਾ ਮੁੱਖ ਭਾਸ਼ਣ, ਫੂਡ ਰੈਗੂਲੇਟਰਾਂ ਨਾਲ ਤਕਨੀਕੀ ਅਤੇ ਪਲੈਨਰੀ ਸੈਸ਼ਨ, ਰਾਸ਼ਟਰੀ ਅਤੇ ਅੰਤਰਰਾਸ਼ਟਰੀ ਹਿਤਧਾਰਕਾਂ ਨਾਲ ਇੰਟਰਐਕਟਿਵ ਸੈਸ਼ਨ ਅਤੇ ਮੌਜੂਦਾ ਅਤੇ ਉੱਭਰ ਰਹੀਆਂ ਚੁਣੌਤੀਆਂ ਨਾਲ ਨਿਪਟਣ ਲਈ ਦੁਵੱਲੀਆਂ ਅਤੇ ਬਹੁਪੱਖੀ ਮੀਟਿੰਗਾਂ ਸ਼ਾਮਲ ਹਨ। ਇਹ ਸਮਿਟ ਗਿਆਨ ਦੇ ਅਦਾਨ-ਪ੍ਰਦਾਨ ਅਤੇ ਭੋਜਨ ਸੁਰੱਖਿਆ ਲਈ ਤਾਲਮੇਲਪੂਰਨ ਦ੍ਰਿਸ਼ਟੀਕੋਣ ਵਿਕਸਿਤ ਕਰਨ ਦੇ ਮੌਕੇ ਪ੍ਰਦਾਨ ਕਰੇਗੀ। ਸਮਿਟ ਦੀ ਸੰਰਚਨਾ ਅੱਠ ਪਰਸਪਰ ਜੁੜੇ ਪਲੈਨਰੀ ਸੈਸ਼ਨਾਂ ਦੇ ਆਲੇ-ਦੁਆਲੇ ਬਣਾਈ ਗਈ ਹੈ, ਜੋ ਉੱਚ-ਪੱਧਰੀ ਸਮਾਨਾਂਤਰ ਸੰਮੇਲਨ ਹਨ, ਜੋ ਭੋਜਨ ਸੁਰੱਖਿਆ ਨਿਯਮ ਦੇ ਦੂਰਦਰਸ਼ੀ ਪਹਿਲੂਆਂ ਨੂੰ ਦਰਸਾਉਂਦੇ ਹਨ।

ਗਲੋਬਲ ਫੂਡ ਰੈਗੂਲੇਟਰਸ ਸਮਿਟ 2025, ਫੂਡ ਸੇਫਟੀ ਐਂਡ ਸਟੈਂਡਰਡਜ਼ ਅਥਾਰਟੀ ਆਫ਼ ਇੰਡੀਆ ਦੁਆਰਾ ਆਯੋਜਿਤ ਇਸ ਪ੍ਰੋਗਰਾਮ ਦਾ ਲਗਾਤਾਰ ਤੀਜਾ ਐਡੀਸ਼ਨ ਹੈ। ਪਿਛਲੇ ਦੋ ਸੰਮੇਲਨਾਂ ਦੀ ਸਫਲਤਾ ਦੇ ਅਧਾਰ 'ਤੇ, ਐੱਫਐੱਸਐੱਸਏਆਈ ਨੇ ਦੇਸ਼ ਨੂੰ ਗਲੋਬਲ ਫੂਡ ਸੇਫਟੀ ਪਹਿਲਕਦਮੀਆਂ ਅਤੇ ਰੈਗੂਲੇਟਰੀ ਸੰਵਾਦ ਦੇ ਇੱਕ ਕੇਂਦਰ ਵਜੋਂ ਮਜ਼ਬੂਤੀ ਨਾਲ ਸਥਾਪਿਤ ਕੀਤਾ ਹੈ। ਇਹ ਸਮਿਟ ਮੰਤਰਾਲਿਆਂ, ਅੰਤਰਰਾਸ਼ਟਰੀ ਸਿਹਤ ਸੰਗਠਨਾਂ, ਕੋਡੈਕਸ, ਭੋਜਨ ਅਤੇ ਖੇਤੀਬਾੜੀ ਸੰਗਠਨ ਅਤੇ ਯੂਰੋਪੀਅਨ ਫੂਡ ਸੇਫਟੀ ਅਥਾਰਿਟੀ (ਈਐੱਫਐੱਸਏ) ਸਮੇਤ ਅੰਤਰਰਾਸ਼ਟਰੀ ਸੰਗਠਨਾਂ ਦੇ ਨਾਲ-ਨਾਲ ਰਾਸ਼ਟਰੀ ਹਿਤਧਾਰਕਾਂ ਅਤੇ ਖੋਜ ਸੰਸਥਾਨਾਂ ਦੇ ਸਮੂਹਿਕ ਯਤਨਾਂ ਨੂੰ ਇਕੱਠਾ ਕਰਦਾ ਹੈ, ਜਿਸ ਨਾਲ ਭੋਜਨ ਸੁਰੱਖਿਆ ਵਿੱਚ ਨਵੀਨਤਾ, ਰੈਗੂਲੇਟਰੀ ਤਾਲਮੇਲ ਅਤੇ ਸਮਰੱਥਾ ਨਿਰਮਾਣ ਲਈ ਇੱਕ ਮਜ਼ਬੂਤ ਈਕੋਸਿਸਟਮ ਦਾ ਨਿਰਮਾਣ ਹੁੰਦਾ ਹੈ।

ਅੰਤਰਰਾਸ਼ਟਰੀ ਮਾਹਿਰਾਂ ਅਤੇ ਸੰਗਠਨਾਂ ਦੀ ਸਰਗਰਮ ਭਾਗੀਦਾਰੀ ਨਾਲ, ਵਰਲਡ ਫੂਡ ਇੰਡੀਆ-2025 ਨੇ ਖੁਦ ਨੂੰ ਇੱਕ ਵਿਲੱਖਣ ਗਲੋਬਲ ਫੋਰਮ ਦੇ ਰੂਪ ਵਿੱਚ ਸਥਾਪਿਤ ਕੀਤਾ ਹੈ, ਜਿੱਥੇ ਰੈਗੂਲੇਟਰ, ਵਿਗਿਆਨੀ, ਨੀਤੀ ਨਿਰਮਾਤਾ ਅਤੇ ਹਿਤਧਾਰਕ ਦੁਨੀਆ ਭਰ ਵਿੱਚ ਸੁਰੱਖਿਅਤ, ਵਧੇਰੇ ਲਚਕੀਲੇ ਅਤੇ ਸਮਾਵੇਸ਼ੀ ਭੋਜਨ ਪ੍ਰਣਾਲੀਆਂ ਲਈ ਰਾਹ ਤਿਆਰ ਕਰਨ ਲਈ ਇਕੱਠੇ ਹੁੰਦੇ ਹਨ।

ਇਸ ਸਮਾਗਮ ਵਿੱਚ ਐੱਫਐੱਸਐੱਸਏਆਈ ਦੇ ਸੀਈਓ ਸ਼੍ਰੀ ਰਜਿਤ ਪੁਨਹਾਨੀ; ਐੱਫਐੱਸਐੱਸਏਆਈ ਦੇ ਕਾਰਜਕਾਰੀ ਨਿਰਦੇਸ਼ਕ (ਐੱਚਆਰ), ਸ਼੍ਰੀ ਉਮਾ ਸ਼ੰਕਰ ਧਿਆਨੀ; ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਦੇ ਸੰਯੁਕਤ ਸਕੱਤਰ, ਸ਼੍ਰੀ ਨਿਖਿਲ ਗਜਰਾਜ ਅਤੇ ਐੱਫਐੱਸਐੱਸਏਆਈ ਅਤੇ ਐੱਮਓਐੱਚਐੱਫਡਬਲਿਊ ਦੇ ਸੀਨੀਅਰ ਅਧਿਕਾਰੀ ਮੌਜੂਦ ਸਨ।

# ਕੇਰਲ ਦੇ ਖੁਰਾਕ ਸਪਲਾਈ ਮੰਤਰੀ ਜੀ.ਆਰ. ਅਨਿਲ ਵੱਲੋਂ ਪੰਜਾਬ ਸਰਕਾਰ ਦੀ ਸੁਚਾਰੂ ਖਰੀਦ ਪ੍ਰਣਾਲੀ ਦੀ ਸ਼ਲਾਘਾ

## ਹੜ੍ਹਾਂ ਦੌਰਾਨ ਪੰਜਾਬ ਦੇ ਲੋਕਾਂ ਵੱਲੋਂ ਦਿਖਾਈ ਗਈ 'ਚੜ੍ਹਦੀ ਕਲਾ' ਦੀ ਭਾਵਨਾ ਦੀ ਵੀ ਕੀਤੀ ਪ੍ਰਸ਼ੰਸਾ

**ਚੰਡੀਗੜ੍ਹ, 27 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਮਜ਼ਬੂਤ ਖ਼ਰੀਦ ਪ੍ਰਣਾਲੀ ਦੀ ਅੱਜ ਕੇਰਲ ਦੇ ਖੁਰਾਕ, ਸਿਵਲ ਸਪਲਾਈ, ਖਪਤਕਾਰ ਮਾਮਲੇ ਅਤੇ ਲੀਗਲ ਮੈਟਰੋਲੋਜੀ ਮੰਤਰੀ ਸ੍ਰੀ ਜੀ.ਆਰ. ਅਨਿਲ ਨੇ ਭਰਪੂਰ ਪ੍ਰਸ਼ੰਸਾ ਕੀਤੀ। ਸੀ? ਅਨਿਲ ਨੂੰ ਖ਼ਰੀਦ ਪ੍ਰਕਿਰਿਆ ਅਤੇ ਇਸਦੀ ਮਜ਼ਬੂਤੀ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਉਪਾਵਾਂ ਬਾਰੇ ਵਿਸਥਾਰ ਨਾਲ ਜਾਣੂੰ ਕਰਵਾਇਆ ਗਿਆ।

ਅਨਾਜ ਭਵਨ ਵਿਖੇ ਪਹੁੰਚੇ ਪਤਵੰਤਿਆਂ ਨੂੰ ਖ਼ਰੀਦ ਪ੍ਰਕਿਰਿਆ ਬਾਰੇ ਜਾਣੂ ਕਰਵਾਉਂਦੇ ਹੋਏ, ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਪੰਜਾਬ ਦੇਸ਼ ਦਾ ਸਿਰਫ਼ 1.5 ਫੀਸਦ ਹੈ, ਪਰ ਇਸ ਦੇ ਬਾਵਜੂਦ ਪੰਜਾਬ ਕੇਂਦਰੀ ਪੂਲ ਵਿੱਚ ਕਣਕ ਦਾ ਲਗਭਗ 40-45 ਫੀਸਦ ਅਤੇ ਝੋਨਾ 20-25 ਫੀਸਦ ਯੋਗਦਾਨ ਪਾਉਂਦਾ ਹੈ।

ਹੋਰ ਜਾਣਕਾਰੀ ਦਿੰਦੇ ਹੋਏ, ਸ਼੍ਰੀ ਕਟਾਰੂਚੱਕ ਨੇ ਕਿਹਾ ਕਿ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਦੇ ਅਨਾਜ ਖਰੀਦ ਪੋਰਟਲ 'ਤੇ 8 ਲੱਖ ਤੋਂ ਵੱਧ ਕਿਸਾਨ, 25000 ਆੜ੍ਹਤੀਏ, 5000 ਮਿੱਲਰ ਅਤੇ 500 ਲੇਬਰ ਅਤੇ ਟ੍ਰਾਂਸਪੋਰਟ ਠੇਕੇਦਾਰ ਰਜਿਸਟਰਡ ਹਨ। ਉਨ੍ਹਾਂ ਅੱਗੇ ਕਿਹਾ ਕਿ ਇਸ ਤੋਂ ਇਲਾਵਾ ਪੋਰਟਲ 'ਤੇ ਜੇ-ਫਾਰਮ ਵਿੱਚ ਮੰਡੀਆਂ ਵਿੱਚ ਲਿਆਂਦੀ ਗਈ ਫਸਲ ਦੇ ਨਾਮ, ਵੇਰਵੇ, ਮਾਤਰਾ, ਜ਼ਮੀਨ ਦੇ ਵੇਰਵਿਆਂ ਦੇ ਨਾਲ-ਨਾਲ ਫ਼ਸਲ ਦੀ ਬਿਜਾਈ ਸਬੰਧੀ ਵੇਰਵੇ ਵੀ ਉਪਲਬਧ ਹਨ।

ਖਰੀਦ ਪ੍ਰਣਾਲੀ ਦੀਆਂ ਹੋਰ ਵਿਸ਼ੇਸ਼ਤਾਵਾਂ ਵੱਲ ਧਿਆਨ ਦਿਵਾਉਂਦਿਆਂ ਸ੍ਰੀ ਕਟਾਰੂਚੱਕ ਨੇ ਦੱਸਿਆ ਕਿ ਕਿਸਾਨ ਦੀ ਫ਼ਸਲ ਖਰੀਦਣ ਦੇ 72 ਘੰਟਿਆਂ ਦੇ ਅੰਦਰ ਇਸਦੀ ਚੁਕਾਈ ਅਤੇ ਕਿਸਾਨਾਂ ਨੂੰ 48 ਘੰਟਿਆਂ ਵਿੱਚ ਉਨ੍ਹਾਂ ਦੇ ਬੈਂਕ ਖਾਤੇ ਵਿੱਚ ਅਦਾਇਗੀ ਨੂੰ ਯਕੀਨੀ ਬਣਾਇਆ ਜਾਂਦਾ ਹੈ। ਇਸ ਤੋਂ ਇਲਾਵਾ ਖਰੀਦ ਪ੍ਰਕਿਰਿਆ ਵਿੱਚ ਪਾਰਦਰਸ਼ਿਤਾ ਨੂੰ ਯਕੀਨੀ ਬਣਾਉਣ ਲਈ ਪੰਜਾਬ ਰਾਜ ਵਿੱਚ ਆਨਲਾਈਨ ਗੇਟ ਪਾਸ ਦੇ ਨਾਲ-ਨਾਲ ਵਾਹਨ ਟਰੈਕਿੰਗ ਸਿਸਟਮ ਵੀ ਪੂਰੀ ਤਰ੍ਹਾਂ ਕੰਮ ਕਰ ਰਿਹਾ ਹੈ।

ਪੰਜਾਬ ਵਿੱਚ 14000 ਤੋਂ ਵੱਧ ਡਿੱਪੂ (ਐਫ.ਪੀ.ਐਸ.) ਹਨ ਜਿੱਥੇ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ, 2013 ਤਹਿਤ ਭੋਜਨ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਜਨਤਕ ਵੰਡ ਪ੍ਰਣਾਲੀ ਅਧੀਨ ਲੋੜਵੰਦ ਲਾਭਪਾਤਰੀਆਂ ਨੂੰ ਮੁਫ਼ਤ ਕਣਕ ਵੰਡੀ ਜਾਂਦੀ ਹੈ। ਕਣਕ ਦੀ ਵੰਡ ਵਿੱਚ ਪਾਰਦਰਸ਼ਤਾ ਬਣਾਈ ਰੱਖਣ ਲਈ ਹਰੇਕ ਐਫ.ਪੀ.ਐਸ. ਨੂੰ ਈ-ਪੀਓਐਸ ਮਸ਼ੀਨਾਂ ਪ੍ਰਦਾਨ ਕੀਤੀਆਂ ਗਈਆਂ ਹਨ। ਸ੍ਰੀ ਕਟਾਰੂਚੱਕ ਨੇ ਅੱਗੇ ਦੱਸਿਆ ਕਿ ਇਸ ਤੋਂ ਇਲਾਵਾ ਕਿਸਾਨਾਂ ਦੀਆਂ ਫ਼ਸਲਾਂ ਦੀ ਖਰੀਦ ਲਈ ਘੱਟੋ-ਘੱਟ ਸਮਰਥਨ ਮੁੱਲ (ਐਮਐਸਪੀ), ਜੋ ਕਿ ਮੌਜੂਦਾ ਝੋਨੇ ਦੇ ਸੀਜ਼ਨ ਵਿੱਚ 2389 ਰੁਪਏ ਪ੍ਰਤੀ ਕੁਇੰਟਲ ਹੈ, 'ਤੇ ਯਕੀਨੀ ਬਣਾਈ ਜਾਂਦੀ ਹੈ। ਸ੍ਰੀ ਜੀ.ਆਰ. ਅਨਿਲ ਨੇ ਕਿਹਾ ਕਿ ਪੰਜਾਬ ਨੂੰ ਦੇਸ਼ ਦੇ ਅੰਨ ਭੰਡਾਰ ਵਜੋਂ ਜਾਣਿਆ ਜਾਂਦਾ ਹੈ ਅਤੇ ਉਹਨਾਂ ਨੇ ਸੂਬੇ ਵਿੱਚ ਆਏ ਭਾਰੀ ਹੜ੍ਹਾਂ ਦੇ ਬਾਵਜੂਦ ਲੋਕਾਂ ਦੀ ਚੜ੍ਹਦੀ ਕਲਾ ਦੀ ਭਾਵਨਾ ਦੀ ਪ੍ਰਸ਼ੰਸਾ ਕੀਤੀ।

ਇਸ ਮੌਕੇ ਸ੍ਰੀ ਕਟਾਰੂਚੱਕ ਦੁਆਰਾ ਕੇਰਲ ਦੇ ਮੰਤਰੀ ਨੂੰ ਸਨਮਾਨਿਤ ਵੀ ਕੀਤਾ ਗਿਆ, ਜਿੱਥੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ, ਪੰਜਾਬ ਦੇ ਪ੍ਰਮੁੱਖ ਸਕੱਤਰ ਰਾਹੁਲ ਤਿਵਾੜੀ, ਡਾਇਰੈਕਟਰ ਵਰਿੰਦਰ ਕੁਮਾਰ ਸ਼ਰਮਾ, ਵਧੀਕ ਡਾਇਰੈਕਟਰ ਡਾ. ਅੰਜੁਮਨ ਭਾਸਕਰ ਤੇ ਅਜੈਵੀਰ ਸਿੰਘ ਸਰਾਓ ਅਤੇ ਜੀਐਮ ਵਿੱਤ ਸਰਵੇਸ਼ ਕੁਮਾਰ ਮੌਜੂਦ ਸਨ।

# ਰਾਸ਼ਟਰੀ ਆਯੁਰਵੇਦ ਦਿਵਸ: ਡਾ. ਬਲਬੀਰ ਸਿੰਘ ਵੱਲੋਂ ਸੂਬੇ ਵਿੱਚ ਆਯੂਰਵੇਦ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਕਈ ਉਪਰਾਲਿਆਂ ਦੀ ਸ਼ੁਰੂਆਤ

- ਪ੍ਰਾਚੀਨ ਵਿਗਿਆਨ ਦੇ ਪ੍ਰਚਾਰ ਲਈ ਆਈ.ਆਰ.ਏ. ਚੈਂਬਰ ਆਫ਼ ਆਯੁਰਵੇਦਾ, ਈ-ਯੋਗ ਐਪ ਅਤੇ ਅਧਿਕਾਰਤ ਵੈੱਬਸਾਈਟ ਕੀਤੀ ਲਾਂਚ
- ਡਿਜੀਟਲ ਤਕਨਾਲੋਜੀ ਰਾਹੀਂ ਲੋਕਾਂ ਤੱਕ ਆਯੁਰਵੇਦ ਦੀ ਪਹੁੰਚ ਨੂੰ ਹੋਰ ਵਧਾਉਣ ਅਤੇ ਮਜ਼ਬੂਤ ਕਰਨਾ ਹੈ ਸਰਕਾਰ ਦਾ ਉਦੇਸ਼ : ਡਾ. ਬਲਬੀਰ ਸਿੰਘ

**ਚੰਡੀਗੜ੍ਹ, 27 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਵਿੱਚ ਆਯੁਰਵੈਦਿਕ ਇਲਾਜ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਦੇ ਇਰਾਦੇ ਨਾਲ, ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਇੱਥੇ ਪੰਜਾਬ ਕਲਾ ਭਵਨ ਵਿਖੇ 10ਵੇਂ ਰਾਸ਼ਟਰੀ ਆਯੁਰਵੇਦ ਦਿਵਸ ਮੌਕੇ ਇੱਕ ਈ-ਯੋਗ ਐਪ, ਵਿਭਾਗ ਦੀ ਅਧਿਕਾਰਤ ਵੈੱਬਸਾਈਟ ਅਤੇ ਆਈ.ਆਰ.ਏ. (ਉਦਯੋਗ, ਖੋਜ ਅਤੇ ਅਕਾਦਮੀਆ) ਚੈਂਬਰ ਆਫ਼ ਆਯੁਰਵੇਦ ਸਮੇਤ ਕਈ ਪਹਿਲਕਦਮੀਆਂ ਦੀ ਸ਼ੁਰੂਆਤ ਕੀਤੀ।

ਸਿਹਤ ਮੰਤਰੀ ਨੇ ਸਮਾਗਮ ਦਾ ਉਦਘਾਟਨ ਕਰਦੇ ਹੋਏ ਕਿਹਾ ਕਿ ਇਹ ਪਹਿਲਕਦਮੀਆਂ ਲੋਕਾਂ ਦੇ ਲਾਭ ਲਈ ਤਕਨਾਲੋਜੀ ਰਾਹੀਂ ਆਯੁਰਵੇਦ ਦੀ ਪਹੁੰਚਯੋਗਤਾ ਵਧਾਉਣ ਅਤੇ ਮਜ਼ਬੂਤ ਕਰਨ ਲਈ ਸ਼ੁਰੂ ਕੀਤੀਆਂ ਗਈਆਂ ਹਨ। ਉਨ੍ਹਾਂ ਨੇ ਰੋਕਥਾਮ, ਸਿਹਤ ਪ੍ਰੋਤਸਾਹਨ, ਇਲਾਜ ਅਤੇ ਮੁੜਵਸੇਬੇ ਲਈ ਇਸਦੇ ਸਦੀਵੀ ਸਿਧਾਂਤਾਂ ਨੂੰ ਲਾਗੂ ਕਰਕੇ ਰੋਜ਼ਾਨਾ ਜੀਵਨ ਵਿੱਚ ਆਯੁਰਵੇਦ ਨੂੰ ਇੱਕ ਸੰਪੂਰਨ ਵਿਗਿਆਨ ਵਜੋਂ ਅਪਣਾਉਣ 'ਤੇ ਜ਼ੋਰ ਦਿੱਤਾ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਨ੍ਹਾਂ ਆਧੁਨਿਕ ਡਿਜੀਟਲ ਪਲੇਟਫਾਰਮਾਂ ਨੂੰ ਅਪਣਾਉਣ ਦਾ ਉਦੇਸ਼ ਆਯੁਰਵੈਦਿਕ ਗਿਆਨ ਅਤੇ ਸੇਵਾਵਾਂ ਤੱਕ ਜਨਤਕ ਪਹੁੰਚ ਨੂੰ ਵਧਾਉਣਾ ਹੈ ਤਾਂ ਜੋ ਸਾਰਿਆਂ ਲਈ ਇੱਕ ਸਿਹਤਮੰਦ ਵਾਤਾਵਰਣ ਯਕੀਨੀ ਬਣਾਇਆ ਜਾ ਸਕੇ। ਇਸ ਸਾਲ ਦੇ ਥੀਮ, ਆਯੁਰਵੇਦਾ ਫਾਰ ਪੀਪਲ ਐਂਡ ਪਲੈਨੇਟ ਬਾਰੇ ਦੱਸਦਿਆਂ ਉਨ੍ਹਾਂ ਕਿਹਾ ਕਿ ਇਹ ਥੀਮ ਸਰੀਰ, ਮਨ, ਰੂਹ ਅਤੇ ਵਾਤਾਵਰਣ ਨੂੰ ਸੰਤੁਲਿਤ ਕਰਨ ਦੀ ਮਹੱਤਤਾ ਨੂੰ ਦਰਸਾਉਂਦਾ ਹੈ।

ਸਮਾਗਮ ਦੌਰਾਨ ਸਿਹਤ ਮੰਤਰੀ ਨੇ ਪੰਜ ਉੱਘੀਆਂ ਸ਼ਖਸੀਅਤਾਂ ਨੂੰ ਵੱਕਾਰੀ ਰਾਜ ਧਨਵੰਤਰੀ ਪੁਰਸਕਾਰ ਵੀ ਪ੍ਰਦਾਨ ਕੀਤੇ, ਜਿਨ੍ਹਾਂ ਵਿੱਚ ਜਿ?ਲ੍ਹਾ ਆਯੁਰਵੈਦਿਕ ਅਤੇ ਯੂਨਾਨੀ ਅਧਿਕਾਰੀ ਸੰਗਰੂਰ ਡਾ. ਮਲਕੀਅਤ ਸਿੰਘ, ਆਯੁਰਵੈਦਿਕ ਮੈਡੀਕਲ ਅਧਿਕਾਰੀ ਡਾ. ਚੇਤਨ ਮਹਿਤਾ (ਜੀ.ਏ.ਡੀ. ਨਿੱਜਰਾਂ) ਅਤੇ ਡਾ. ਲਲਿਤ ਕਾਂਸਲ (ਸਵਾਸਥ ਕੇਂਦਰ ਕਾਨ੍ਹਗੜ੍ਹ, ਜਿਲ੍ਹਾ ਸੰਗਰੂਰ) ਅਤੇ ਉਪਵੈਦ ਸ੍ਰੀ ਹਰਕਿਰਨ ਸਿੰਘ ਸ਼ਾਮਲ ਹਨ।

ਇਸ ਸਮਾਗਮ ਵਿੱਚ ਆਯੁਰਵੈਦਿਕ ਸਿਸਟਮ ਆਫ਼ ਮੈਡੀਸਨ ਬੋਰਡ, ਪੰਜਾਬ ਦੇ ਰਜਿਸਟਰਾਰ ਡਾ. ਸੰਜੀਵ ਗੋਇਲ ਨੂੰ ਉਨ੍ਹਾਂ ਦੀ ਅਸਾਧਾਰਨ ਸੇਵਾ ਅਤੇ ਸਮਰਪਣ ਲਈ ਲਾਈਫਟਾਈਮ ਅਚੀਵਮੈਂਟ ਐਵਾਰਡ ਵੀ ਦਿੱਤਾ ਗਿਆ।

ਇਸ ਤੋਂ ਪਹਿਲਾਂ, ਆਯੁਰਵੇਦ ਪੰਜਾਬ ਦੇ ਡਾਇਰੈਕਟਰ ਡਾ. ਰਵੀ ਡੂਮਰਾ ਨੇ ਵਿਭਾਗ ਦੀਆਂ ਪ੍ਰਾਪਤੀਆਂ ਅਤੇ ਮੀਲ ਪੱਥਰਾਂ ਨੂੰ ਉਜਾਗਰ ਕਰਦੇ ਹੋਏ ਇੱਕ ਵਿਸਤ੍ਰਿਤ ਪਾਵਰਪੁਆਇੰਟ ਪੇਸ਼ਕਾਰੀ 'ਆਯੁਰਵੇਦ ਐਟ ਏ ਗਲੈਂਸ' ਪੇਸ਼ ਕੀਤੀ ।

# ਐਸ.ਡੀ.ਐਮ. ਵੱਲੋਂ ਤੁਰੰਤ ਕਾਰਵਾਈ ਆਰੰਭੀ, ਮਾਲ ਰਿਕਾਰਡ 'ਚ ਲਾਲ ਐਂਟਰੀ ਕਰਨ ਅਤੇ ਵਾਤਾਵਰਣ ਜੁਰਮਾਨਾ ਕਰਨ ਦੇ ਦਿੱਤੇ ਆਦੇਸ਼

**ਮਲੇਰਕੋਟਲਾ,27 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਪ੍ਰਸ਼ਾਸਨ ਦੀ ਸਖ਼ਤ ਨਿਗਰਾਨੀ ਅਤੇ ਸੈਟਲਾਈਟ ਮਾਨੀਟਰਿੰਗ ਅਧੀਨ ਮਾਲੇਰਕੋਟਲਾ ਸਬ ਡਵੀਜ਼ਨ ਦੇ ਪਿੰਡ ਮਦੇਵੀ ਵਿੱਚ ਪਰਾਲੀ ਨੂੰ ਅੱਗ ਲਗਾਉਣ ਦੀ ਘਟਨਾ ਦਰਜ ਕੀਤੀ ਗਈ ਹੈ। ਇਸ ਸਬੰਧ ਵਿੱਚ ਐਸ.ਡੀ.ਐਮ. ਮਾਲੇਰਕੋਟਲਾ ਵੱਲੋਂ ਤੁਰੰਤ ਸੰਬੰਧਤ ਕਿਸਾਨ ਵਿਰੁੱਧ ਵਿਭਾਗੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

ਨੋਡਲ ਅਤੇ ਫੀਲਡ ਅਧਿਕਾਰੀਆਂ ਦੀ ਰਿਪੋਰਟ ਦੇ ਅਧਾਰ 'ਤੇ ਹੁਕਮ ਜਾਰੀ ਕਰਦਿਆਂ ਐਸ.ਡੀ.ਐਮ. ਨੇ ਦੱਸਿਆ ਕਿ ਸੰਬੰਧਤ ਕਿਸਾਨ ਦੇ ਮਾਲ ਰਿਕਾਰਡ ਵਿੱਚ ਲਾਲ ਐਂਟਰੀ ਕੀਤੀ ਜਾਵੇਗੀ ਅਤੇ ਉਸ 'ਤੇ ਵਾਤਾਵਰਣ ਜੁਰਮਾਨਾ ਵੀ ਲਗਾਇਆ ਜਾਵੇਗਾ। ਉਨ੍ਹਾਂ ਸਪੱਸ਼ਟ ਕੀਤਾ ਕਿ ਲਾਲ ਐਂਟਰੀ ਕਾਰਨ ਕਿਸਾਨ ਨੂੰ ਸਰਕਾਰੀ ਸਬਸਿਡੀ, ਕਰਜ਼ਾ ਸੁਵਿਧਾਵਾਂ ਅਤੇ ਹੋਰ ਸਰਕਾਰੀ ਲਾਭਾਂ ਤੋਂ ਵੀ ਵੰਚਿਤ ਕੀਤਾ ਜਾ ਸਕਦਾ ਹੈ।

ਐਸ.ਡੀ.ਐਮ. ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਨੇ ਪਰਾਲੀ ਸਾੜਨ ਸਬੰਧੀ ਜ਼ੀਰੋ ਟੋਲਰੈਂਸ ਨੀਤੀ ਅਪਣਾਈ ਹੈ। ਕਿਸੇ ਵੀ ਕਿਸਾਨ ਜਾਂ ਵਿਅਕਤੀ ਵੱਲੋਂ ਖੇਤਾਂ ਵਿੱਚ ਪਰਾਲੀ ਜਾਂ ਰਹਿੰਦ-ਖੂਹਦ ਨੂੰ ਅੱਗ ਲਗਾਉਣ ਦੀ ਕਾਰਵਾਈ ਨੂੰ ਕਿਸੇ ਵੀ ਸੂਰਤ ਵਿੱਚ ਬਰਦਾਸਤ ਨਹੀਂ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਰਾਸ਼ਟਰੀ ਗਰੀਨ ਟ੍ਰਿਬਿਊਨਲ (©7") ਅਤੇ ਮਾਨਯੋਗ ਸੁਪਰੀਮ ਕੋਰਟ ਵੱਲੋਂ ਵੀ ਇਸ ਸਬੰਧੀ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਇਨ੍ਹਾਂ ਹਦਾਇਤਾਂ ਅਨੁਸਾਰ ਪਰਾਲੀ ਸਾੜਨ ਨੂੰ ਗੰਭੀਰ ਵਾਤਾਵਰਣਕ ਅਪਰਾਧ ਮੰਨਿਆ ਗਿਆ ਹੈ ਅਤੇ ਉਲੰਘਣਾ ਕਰਨ ਵਾਲਿਆਂ ਵਿਰੁੱਧ ਨਿਰਧਾਰਤ ਜੁਰਮਾਨਿਆਂ ਦੇ ਨਾਲ-ਨਾਲ ਫੌਜਦਾਰੀ ਕਾਰਵਾਈ ਦਾ ਉਪਬੰਧ ਕੀਤਾ ਗਿਆ ਹੈ।

ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਸਾੜਨ ਦੀ ਬਜਾਏ ਇਨ-ਸੀਟੂ ਪ੍ਰਬੰਧਨ ਤਰੀਕੇ (ਪਰਾਲੀ ਨੂੰ ਖੇਤ ਵਿੱਚ ਹੀ ਮਿੱਟੀ ਨਾਲ ਮਿਲਾਉਣਾ) ਜਾਂ ਐਕਸ-ਸੀਟੂ ਤਰੀਕੇ (ਬੇਲਰਾਂ ਰਾਹੀਂ ਇਕੱਠਾ ਕਰਕੇ ਹੋਰ ਵਰਤੋਂ ਲਈ ਭੇਜਣਾ) ਅਪਣਾਉਣ। ਇਸ ਨਾਲ ਨਾ ਸਿਰਫ਼ ਵਾਤਾਵਰਣ ਦੀ ਰੱਖਿਆ ਹੋਵੇਗੀ, ਸਗੋਂ ਮਿੱਟੀ ਦੀ ਉਪਜਾਊ ਸਮਰੱਥਾ ਵੀ ਕਾਇਮ ਰਹੇਗੀ।

ਚੇਤਾਵਨੀ ਦਿੰਦਿਆਂ ਐਸ.ਡੀ.ਐਮ. ਨੇ ਕਿਹਾ, ਪਰਾਲੀ ਸਾੜਨ ਵਾਲਿਆਂ ਨੂੰ ਕਿਸੇ ਵੀ ਤਰ੍ਹਾਂ ਦੀ ਰਿਆਇਤ ਨਹੀਂ ਦਿੱਤੀ ਜਾਵੇਗੀ। ਹਰ ਘਟਨਾ ਦੀ ਨਿਗਰਾਨੀ ਸੈਟਲਾਈਟ ਇਮੇਜਰੀ ਅਤੇ ਫ਼ੀਲਡ ਰਿਪੋਰਟਾਂ ਰਾਹੀਂ ਕੀਤੀ ਜਾ ਰਹੀ ਹੈ। ਜ਼ਿਲ੍ਹਾ ਪ੍ਰਸ਼ਾਸਨ ਦਾ ਫਰਜ਼ ਹੈ ਕਿ ਹਵਾ ਪ੍ਰਦੂਸ਼ਣ ਨੂੰ ਰੋਕਿਆ ਜਾਵੇ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼ ਸੁਥਰਾ ਵਾਤਾਵਰਣ ਯਕੀਨੀ ਬਣਾਇਆ ਜਾਵੇ।

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਿਸਾਨਾਂ ਨੂੰ ਸਾਫ਼ ਸੁਨੇਹਾ ਦਿੱਤਾ ਗਿਆ ਹੈ ਕਿ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਨੂੰ ਕਿਸੇ ਵੀ ਸੂਰਤ ਵਿੱਚ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਰਾਸ਼ਟਰੀ ਗਰੀਨ ਟ੍ਰਿਬਿਊਨਲ (©7") ਅਤੇ ਮਾਨਯੋਗ ਸੁਪਰੀਮ ਕੋਰਟ ਦੀਆਂ ਹਦਾਇਤਾਂ ਅਨੁਸਾਰ ਸਖ਼ਤ ਕਾਰਵਾਈ ਲਾਗੂ ਕੀਤੀ ਜਾਵੇਗੀ।

# ਮੁੱਖ ਮੰਤਰੀ ਦੀ ਅਗਵਾਈ ਹੇਠ ਕੈਬਨਿਟ ਵੱਲੋਂ ਪੰਜਾਬ ਵਿੱਚ ਕਾਰੋਬਾਰ ਨੂੰ ਹੁਲਾਰਾ ਦੇਣ ਲਈ ਕਈ ਅਹਿਮ ਪਹਿਲਕਦਮੀਆਂ ਉੱਤੇ ਮੋਹਰ

**ਚੰਡੀਗੜ੍ਹ, 27 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਨੇ ਸੂਬੇ ਦੇ ਅਰਥਚਾਰੇ ਨੂੰ ਤੇਜ਼ ਵਿਕਾਸ ਦੇ ਰਾਹ ਉੱਤੇ ਪਾਉਣ ਲਈ ਕਾਰੋਬਾਰ ਨੂੰ ਹੁਲਾਰਾ ਦੇਣ ਵਾਸਤੇ ਅੱਜ ਕਈ ਅਹਿਮ ਪਹਿਲਕਦਮੀਆਂ ਉੱਤੇ ਮੋਹਰ ਲਾਈ। ਇਸ ਸਬੰਧੀ ਫੈਸਲਾ ਅੱਜ ਇੱਥੇ ਮੁੱਖ ਮੰਤਰੀ ਦੀ ਅਗਵਾਈ ਹੇਠ ਇੱਥੇ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਲਿਆ ਗਿਆ। ਇਹ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਕੈਬਨਿਟ ਨੇ ਪੁਰਾਣੇ ਕੇਸਾਂ ਦਾ ਬੋਝ ਘਟਾਉਣ ਅਤੇ ਸਨਅਤ ਤੇ ਕਾਰੋਬਾਰਾਂ ਲਈ ਨਿਯਮਾਂ ਦੀ ਪਾਲਣਾ ਵਧਾਉਣ ਵਾਸਤੇ ਬਕਾਇਆ ਦੀ ਰਿਕਵਰੀ ਲਈ ਪੰਜਾਬ ਵਨ ਟਾਇਮ ਸੈਟਲਮੈਂਟ ਸਕੀਮ 2025 (ਓ.ਟੀ.ਐਸ.) ਲਿਆਉਣ ਦੀ ਵੀ ਪ੍ਰਵਾਨਗੀ ਦੇ ਦਿੱਤੀ। ਇਹ ਸਕੀਮ ਪਹਿਲੀ ਅਕਤੂਬਰ 2025 ਤੋਂ ਲਾਗੂ ਹੋਵੇਗੀ ਅਤੇ 12 ਦਸੰਬਰ 2025 ਤੱਕ ਲਾਗੂ ਰਹੇਗੀ। ਜਿਨ੍ਹਾਂ ਕਰਦਾਤਾਵਾਂ ਦੇ ਮੁਲਾਂਕਣ 30 ਸਤੰਬਰ, 2025 ਤੱਕ ਕੀਤੇ ਗਏ ਹਨ ਅਤੇ ਮੁਲਾਂਕਣ ਆਦੇਸ਼ਾਂ ਦੇ ਸਾਰੇ ਸੁਧਾਰ/ਸੋਧ ਵਿਭਾਗ ਦੁਆਰਾ 30 ਸਤੰਬਰ, 2025 ਤੱਕ ਸਬੰਧਤ ਐਕਟ(ਆਂ) ਜਿਵੇਂ ਕਿ ਪੰਜਾਬ ਜਨਰਲ ਸੇਲਜ਼ ਟੈਕਸ ਐਕਟ, 1948, ਸੈਂਟਰਲ ਸੇਲਜ਼ ਟੈਕਸ ਐਕਟ, 1956, ਪੰਜਾਬ ਇਨਫਰਾਸਟ੍ਰਕਚਰ ਡਿਵੈਲਪਮੈਂਟ ਐਂਡ ਰੈਗੂਲੇਸ਼ਨ ਐਕਟ, 2002 ਅਤੇ ਪੰਜਾਬ ਵੈਟ ਐਕਟ, 2005, ਪੰਜਾਬ ਐਂਟਰਟੇਨਮੈਂਟ ਡਿਊਟੀ ਐਕਟ, 1955 ਅਤੇ ਪੰਜਾਬ ਐਂਟਰਟੇਨਮੈਂਟ ਟੈਕਸ ਸਿਨੇਮੈਟੋਗ੍ਰਾਫੀ ਸ਼ੋਅਜ਼ ਐਕਟ, 1954 ਅਧੀਨ ਪਾਸ ਕੀਤੇ ਗਏ ਹਨ, ਉਹ ਇਸ ਸਕੀਮ ਅਧੀਨ ਨਿਪਟਾਰੇ ਲਈ ਅਰਜ਼ੀ ਦੇਣ ਦੇ ਯੋਗ ਹੋਣਗੇ।

ਇਸ ਓ.ਟੀ.ਐਸ. ਸਕੀਮ ਅਧੀਨ ਜਿਸ ਮਾਮਲੇ ਵਿੱਚ ਟੈਕਸ ਰਕਮ ਇਕ ਕਰੋੜ ਰੁਪਏ ਤੱਕ ਹੈ, ਉਸ ਮਾਮਲੇ ਵਿੱਚ ਵਿਆਜ ਤੋਂ 100 ਫੀਸਦੀ ਛੋਟ, ਜੁਰਮਾਨੇ ਉੱਤੇ 100 ਫੀਸਦੀ ਮੁਆਫ਼ੀ ਅਤੇ ਟੈਕਸ ਰਕਮ ਉੱਤੇ 50 ਫੀਸਦੀ ਛੋਟ ਹੋਵੇਗੀ, ਜਦੋਂ ਕਿ ਇੱਕ ਕਰੋੜ ਰੁਪਏ ਤੋਂ 25 ਕਰੋੜ ਰੁਪਏ ਤੱਕ ਦੀ ਬਕਾਇਆ ਟੈਕਸ ਰਕਮ ਉੱਤੇ ਵਿਆਜ ਉੱਤੇ 100 ਫੀਸਦੀ ਛੋਟ, ਜੁਰਮਾਨੇ ਉੱਤੇ 100 ਫੀਸਦੀ ਛੋਟ ਅਤੇ ਟੈਕਸ ਰਕਮ ਉੱਤੇ 25 ਫੀਸਦੀ ਦੀ ਮੁਆਫ਼ੀ ਹੋਵੇਗੀ। 25 ਕਰੋੜ ਰੁਪਏ ਤੋਂ ਉੱਪਰ ਦੀ ਟੈਕਸ ਰਕਮ ਦੇ ਮਾਮਲੇ ਵਿੱਚ ਵਿਆਜ ਉੱਤੇ 100 ਫੀਸਦੀ ਛੋਟ, ਜੁਰਮਾਨੇ ਉੱਤੇ 100 ਫੀਸਦੀ ਛੋਟ ਅਤੇ ਟੈਕਸ ਰਕਮ ਉੱਤੇ 10 ਫੀਸਦੀ ਦੀ ਮੁਆਫ਼ੀ ਦਿੱਤੀ ਜਾ ਰਹੀ ਹੈ। ਕੈਬਨਿਟ ਨੇ ਚੌਲ ਮਿੱਲਾਂ ਲਈ ਵਨ ਟਾਇਮ ਸੈਟਲਮੈਂਟ (ਓ.ਟੀ.ਐਸ.) 2025 ਲਿਆਉਣ ਨੂੰ ਵੀ ਮਨਜ਼ੂਰੀ ਦੇ ਦਿੱਤੀ ਕਿਉਂਕਿ ਹਰੇਕ ਮਿੱਲ ਮਾਲਕ ਨੂੰ ਮਿਲਿੰਗ ਦਾ ਸਮਾਂ ਪੂਰਾ ਹੋਣ ਮਗਰੋਂ ਹਰੇਕ ਸੂਬਾਈ ਖ਼ਰੀਦ ਏਜੰਸੀ ਨਾਲ ਆਪਣਾ ਖ਼ਾਤਾ ਕਲੀਅਰ ਕਰਨਾ ਹੁੰਦਾ ਹੈ ਤਾਂ ਕਿ ਉਸ ਮਿੱਲ ਮਾਲਕ ਨੂੰ ਅਗਲੇ ਸਾਲ ਲਈ ਕਸਟਮ ਮਿਲਿੰਗ ਲਈ ਝੋਨੇ ਦੀ ਅਲਾਟਮੈਂਟ ਵਾਸਤੇ ਵਿਚਾਰਿਆ ਜਾ ਸਕੇ। ਕਈ ਮਿੱਲ ਮਾਲਕਾਂ ਨੇ ਆਪਣਾ ਬਕਾਏ ਜਮ੍ਹਾਂ ਨਹੀਂ ਕਰਵਾਏ, ਜਿਸ ਕਾਰਨ ਇਨ੍ਹਾਂ ਮਿੱਲ ਮਾਲਕਾਂ ਨੂੰ ਡਿਫਾਲਟਰ ਐਲਾਨ ਦਿੱਤਾ ਗਿਆ ਅਤੇ ਉਨ੍ਹਾਂ ਵਿਰੁੱਧ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ। ਇਹ ਕਾਰਵਾਈ ਪਿਛਲੇ ਕਈ ਸਾਲਾਂ ਤੋਂ ਵੱਖ ਵੱਖ ਅਦਾਲਤਾਂ/ਲੀਗਲ ਫੋਰਮਾਂ ਵਿੱਚ ਲੰਬਿਤ ਹੈ। ਇਹ ਨਵੀਂ ਓ.ਟੀ.ਐਸ. ਸਕੀਮ ਸਾਰੀਆਂ ਏਜੰਸੀਆਂ ਦੇ ਕੇਸਾਂ ਨੂੰ ਘੱਟ ਤੋਂ ਘੱਟ ਕਰਨ ਅਤੇ ਇਸ ਨੀਤੀ ਅਧੀਨ ਕੇਸਾਂ ਦਾ ਨਿਬੇੜਾ ਕਰਨ ਲਈ ਲਿਆਂਦੀ ਗਈ ਹੈ ਤਾਂ ਕਿ ਅਜਿਹੀਆਂ 'ਬਿਮਾਰ' ਚੌਲ ਮਿੱਲਾਂ ਨੂੰ ਮੁੜ ਕਾਰਜਸ਼ੀਲ ਕਰ ਕੇ ਸੂਬੇ ਵਿੱਚ ਰੋਜ਼ਗਾਰ ਦੇ ਵਧੇਰੇ ਮੌਕੇ ਪੈਦਾ ਹੋ ਸਕਣ। ਇਸ ਨਾਲ ਸਾਉਣੀ ਖ਼ਰੀਦ ਸੀਜ਼ਨ ਦੌਰਾਨ ਮੰਡੀਆਂ ਵਿੱਚੋਂ ਝੋਨੇ ਦੀ ਚੁਕਾਈ ਤੇਜ਼ ਤੇ ਸੁਚਾਰੂ ਤਰੀਕੇ ਨਾਲ ਹੋਵੇਗੀ ਅਤੇ ਕਿਸਾਨਾਂ ਨੂੰ ਲਾਭ ਮਿਲੇਗਾ।

# ਦੁਸ਼ਹਿਰਾ ਕਮੇਟੀ ਖਰੜ ਵਲੋਂ ਕੱਢੀ ਜਾਂਦੀ ਸੋਭਾ ਯਾਤਰਾ ਲਈ ਕਲੱਬ ਵਲੋਂ ਖਾਣ ਪੀਣ ਦਾ ਸਮਾਨ ਦਿੱਤਾ



**ਖਰੜ, 27 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਲਾਇਨਜ਼ ਕਲੱਬ ਖਰੜ ਸਿਟੀ ਵਲੋਂ ਆਪਣੇ ਸਮਾਜ ਸੇਵੀ ਕੰਮਾਂ ਦੀ ਲੜੀ ਤਹਿਤ ਹਰ ਸਾਲ ਦੀ ਤਰ੍ਹਾਂ ਦੁਸਾਹਿਰੇ ਦੇ ਸੁਭ ਅਵਸਰ ਤੇ ਦੁਸਾਹਿਰਾ ਕਮੇਟੀ ਖਰੜ ਵਲੋਂ ਕੱਢੀ ਜਾਂਦੀ ਸੋਭਾ ਯਾਤਰਾ ਲਈ ਕਲੱਬ ਦੇ ਰਲੀਵਿੰਗ ਹੰਗਰ ਪ੍ਰੋਜੈਕਟ ਤਹਿਤ ਕਲੱਬ ਦੇ ਪ੍ਰਧਾਨ ਰਜਨੀਸ਼ ਕੁਮਾਰ ਸੋਨੀ ਦੀ ਅਗਵਾਈ ਵਿਚ ਸੋਭਾ ਯਾਤਰਾ ਦੇ ਕਲਾਕਾਰਾਂ ਲਈ ਖਾਣ ਪੀਣ ਦਾ ਸਮਾਨ ਦਿੱਤਾ ਗਿਆ। ਕਲੱਬ ਦੇ ਪ੍ਰੋਜੈਕਟ ਚੇਅਰਮੈਨ ਅਵਤਾਰ ਸਿੰਘ ਨੇ ਦਸਿਆ ਕਿ ਕਲੱਬ ਵਲੋਂ ਇਹ ਸੇਵਾ ਪਿਛਲੇ ਕਈ ਸਾਲਾਂ ਤੋਂ ਕੀਤੀ ਜਾ ਰਹੀ ਹੈ ਅਤੇ ਕਲੱਬ ਵਲੋਂ ਦੁਸਾਹਿਰਾ ਕਮੇਟੀ ਖਰੜ ਨੂੰ ਸੋਭਾ ਯਾਤਰਾ ਲਈ ਖਾਣ ਪੀਣ ਅਤੇ ਦੁਸਾਹਿਰੇ ਵਾਲੇ ਦਿਨ ਦੁਪਹਿਰ ਦਾ ਖਾਣਾ ਦਿੱਤਾ ਜਾਂਦਾ ਹੈ। ਦੁਸਾਹਿਰਾ ਕਮੇਟੀ ਖਰੜ ਦੇ ਪ੍ਰਧਾਨ ਕਮਲ ਕਿਸੋਰ ਸ਼ਰਮਾ ਨੇ ਕਲੱਬ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆ ਕਿਹਾ ਕਿ ਕਲੱਬ ਵਲੋਂ ਹਰ ਸਾਲ ਵੱਧ ਚੜ੍ਹ ਕੇ ਸੇਵਾ ਕੀਤੀ ਜਾਂਦੀ ਹੈ। ਇਸ ਮੌਕੇ ਕਲੱਬ ਦੇ ਅਹੁੱਦੇਦਾਰ ਮਨਿੰਦਰ ਸਿੰਘ, ਗੁਰਮੁੱਖ ਸਿੰਘ ਮਾਨ,ਸਾਹਿਲ ਕੋਹਲੀ, ਪੰਕਜ ਚੱਢਾ, ਵਨੀਤ ਜੈਨ, ਦੁਸਾਹਿਰਾ ਕਮੇਟੀ ਖਰੜ ਦੇ ਅਹੁੱਦੇਦਾਰ ਸੁਭਾਸ ਸ਼ਰਮਾ, ਪਰਮਜੀਤ ਸਿੰਘ, ਦੀਪਕ ਸ਼ਰਮਾ, ਡਾ. ਸੁਰਿੰਦਰ ਰਾਣਾ, ਤਨੂ. ਸ਼ਰਮਾ, ਪਰਦੀਪ ਬਖਸੀ, ਪਰਦੀਪ ਜੈਨ, ਸੰਜੇ, ਪਰਦੀਪ ਕੁਮਾਰ ਬਿੱਟੂ ਸਮੇਤ ਹੋਰ ਅਹੁੱਦੇਦਾਰ ਹਾਜ਼ਰ ਸਨ।

# ਸ੍ਰੀ ਰਾਮ ਲੀਲਾ ਦਾ ਉਦਘਾਟਨ ਨਗਰ ਕੋਸਲ ਖਰੜ ਦੀ ਸਾਬਕਾ ਪ੍ਰਧਾਨ ਵਲੋਂ ਕੀਤਾ ਗਿਆ



**ਖਰੜ, 27 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਦੁਸਾਹਿਰੇ ਦੇ ਸੁਭ ਅਵਸਰ ਤੇ ਸ੍ਰੀ ਰਾਮ ਲੀਲਾ ਕਲੱਬ ਦੁਸਹਿਰਾ ਗਰਾਉਂਡ ਖਰੜ ਵਲੋਂ ਕਰਵਾਈ ਜਾਂਦੀ ਸ੍ਰੀ ਰਾਮ ਲੀਲਾ ਦੇ ਮੰਚਨ ਦਾ ਉਦਘਾਟਨ ਨਗਰ ਕੌਸਲ ਖਰੜ ਦੀ ਸਾਬਕਾ ਪ੍ਰਧਾਨ ਜਸਪ੍ਰੀਤ ਕੌਰ ਲੌਂਗੀਆ ਨੇ ਕੀਤਾ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਅੰਦਰ ਸਾਡੀ ਪੀੜੀ ਮੋਬਾਇਲ ਕਲਚਰ ਨਾਲ ਜੁੜ ਗਈ ਹੈ ਪਰ ਸ੍ਰੀ ਰਾਮ ਲੀਲਾ ਤੋਂ ਸਮਾਜ ਨੂੰ ਚੰਗੀ ਸੇਧ ਮਿਲਦੀ ਹੈ। ਉਨ੍ਹਾਂ ਕਿਹਾ ਅਜੋਕੀ ਪੀੜੀ ਨੂੰ ਆਪਣੀ ਵਿਰਾਸਤ ਨਾਲ ਜੁੜਨਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਲੱਬ ਵਲੋਂ ਹਰ ਸਾਲ ਸਟੇਜ਼ ਤੇ ਮੰਚਨ ਕੀਤੀ ਜਾਂਦੀ ਸ੍ਰੀ ਰਾਮ ਲੀਲਾ ਦੇ ਸਮੂਹ ਕਲਾਕਾਰਾਂ ਅਤੇ ਅਹੁੱਦੇਦਾਰਾਂ ਨੂੰ ਵਧਾਈ ਦਿੱਤੀ। ਸ੍ਰੀ ਰਾਮ ਲੀਲਾ ਕਲੱਬ ਵੱਲੋਂ ਮੁੱਖ ਮਹਿਮਾਨ ਮੈਡਮ ਜਸਪ੍ਰੀਤ ਕੌਰ ਲੌਂਗੀਆ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਲੱਬ ਦੇ ਅਹੁੱਦੇਦਾਰ ਹੇਮੰਤ ਸ਼ਰਮਾ, ਜੁਝਾਰ ਸਿੰਘ ਲੌਂਗੀਆ, ਪ੍ਰਿੰਸੀਪਲ ਜਤਿੰਦਰ ਕੁਮਾਰ ਗੁਪਤਾ, ਪ੍ਰੇਮ ਪ੍ਰਕਾਸ਼ ਸ਼ਰਮਾ, ਹਰਸ਼ ਕੁਮਰ ਸਰਨਾ, ਦੁਸਹਿਰਾ ਕਮੇਟੀ ਦੇ ਪ੍ਰਧਾਨ ਕਮਲ ਕਿਸ਼ੋਰ ਸ਼ਰਮਾ, ਕਾਲਾ ਸਿੰਘ ਸੈਣੀ,ਪ੍ਰਦੀਪ ਕੁਮਾਰ ਬਿੱਟੂ, ਮਨਜੀਤ ਸਿੰਘ ਬੈਦਵਾਨ, ਪਰਮਿੰਦਰ ਸਿੰਘ ਲੌਗੀਆਂ ਸਮੇਤ ਕਲੱਬ ਮੈਂਬਰ ਤੇ ਕਲਾਕਾਰ ਹਾਜ਼ਰ ਸਨ।

# ਮੁਫ਼ਤ ਆਯੁਰਵੈਦਿਕ ਮੈਡੀਕਲ ਕੈਂਪ ਦਾ ਉਦਘਾਟਨ ਕੁਲਵੰਤ ਸਿੰਘ ਗੱਜਣ ਮਾਜਰਾ ਨੇ ਕੀਤਾ




**ਮਲੇਰਕੋਟਲਾ,27 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਮਦਰਸਾ ਅਰਬੀਆ ਇੰਮਦਾਦੁਲ ਉਲੂਮ ਪਿੰਡ ਅਕਬਰਪੁਰਾ ਛੰਨਾ ਨੇ ਮੁਫ਼ਤ ਆਯੁਰਵੈਦਿਕ ਮੈਡੀਕਲ ਕੈਂਪ ਦਾ ਆਯੋਜਨ ਕੀਤਾ, ਜਿਸ ਦਾ ਉਦਘਾਟਨ , ਕੁਲਵੰਤ ਸਿੰਘ ਗੱਜਣ ਮਾਜਰਾ , ਭਰਾ ਵਿਧਾਇਕ ਅਮਰਗੜ੍ਹ ਨੇ ਕੀਤਾ। ਕੈਂਪ ਦੀ ਦੇਖ ਰੇਖ ਕਰ ਰਹੇ ਰਿਆਜ਼ ਖਾਂ ਪ੍ਰਧਾਨ , ਸਰਪੰਚ ਹਰਜੀਤ ਸਿੰਘ ਬਿੱਟੂ, ਮਾਸਟਰ ਕਮੀਕਰ ਸਿੰਘ , ਨਿਸਰ ਅਹਿਮਦ ਛੰਨਾ, ਨੇ ਕਿਹਾ ਕਿ, ਲੋਕ ਭਲਾਈ ਵਾਸਤੇ, ਆਯੁਰਵੈਦਿਕ ਕੈਂਪ ਲਗਦੇ ਰਹਿਣੇ ਚਾਹੀਦੇ ਹਨ , ਜਿਸ ਨਾਲ ਸਮਾਜ ਦੇ ਆਖਰੀ ਵਰਗ ਨੂੰ ਸਿਹਤ ਸਹੂਲਤਾਂ ਮਿਲਣ ਵਿਚ ਅਸਾਨੀ ਹੁੰਦੀ ਹੈ। ਡਾਕਟਰ ਮੁਹੰਮਦ ਅਕਮਲ ਨੇ ਦੱਸਿਆ ਕਿ, ਲਗਭਗ 200 ਮਰੀਜ਼ਾਂ ਨੇ ਕੈਂਪ ਵਿਚ ਚੈਕ ਅੱਪ ਕਰਵਾਇਆ ਅਤੇ ਦਵਾਈ ਲੇ ਕੇ ਲਾਭ ਉਠਾਇਆ ਹੈ। ਡਾਕਟਰ ਮਲਕੀਤ ਸਿੰਘ ਜੀ ਜਿਲ੍ਹਾ ਆਯੁਰਵੈਦਿਕ ਯੂਨਾਨੀ ਅਫਸਰ ਸੰਗਰੂਰ ਨੇ ਇਸ ਟੀਮ ਦੀ ਅਗੁਆਈ ਕੀਤੀ ਹੈ ਅਤੇ ਦੇਖ ਰੇਖ ਸੁਪ੍ਰਿੰਟੈਂਡੈਂਟ ਰਜਿੰਦਰ ਸਿੰਘ ਜੀ ਨੇ ਕੀਤੀ ਹੈ। ਇਸ ਕੈਂਪ ਵਿਚ ਓ ਪੀ ਡੀ ਦੀ ਡਿਊਟੀ ਡਾਕਟਰ ਫਰਾਹ, ਡਾਕਟਰ ਗ਼ਜਾਲਾ ਕਾਦਰੀ ਨੇ ਨਿਭਾਈ।

ਫਾਰਮਾਸਿਸਟ ਰਾਜਵਿੰਦਰ ਸਿੰਘ ਅਤੇ ਸੁਖਦੀਪ ਸਿੰਘ ਨੇ ਮਰੀਜ਼ਾਂ ਨੂੰ ਦਵਾਈਆਂ ਦਿੱਤੀਆਂ। ਇਸ ਕੈਂਪ ਵਿਚ ਗ੍ਰਾਮ ਪੰਚਾਇਤ ਮੈਂਬਰ ਮਨਦੀਪ ਸਿੰਘ, ਸਰਪ੍ਰੀਤ ਸਿੰਘ, ਹਰਪਾਲ ਸਿੰਘ, ਸਵਰਨ ਸਿੰਘ, ਕੁਲਦੀਪ ਸਿੰਘ, ਬੀਬੀ ਕੁਲਵੰਤ ਕੌਰ ਮੌਜੂਦ ਰਹੇ ਅਤੇ ਮੈਡਮ ਰਵੀਨਾ, ਮੈਡਮ ਕਮਲਜੀਤ ਕੌਰ, ਰਾਈਵਾ ਮੌਜੂਦ ਰਹੇ ਅਤੇ ਡਿਊਟੀ ਨਿਭਾਈ।

# ਸ਼੍ਰੀ ਮਹਾ ਲਕਸ਼ਮੀ ਰਾਮਲੀਲਾ ਮੰਚ ਤੇ ਮਹਾਰਾਜਾ ਦਸ਼ਰਥ ਦਾ ਦਰਬਾਰ ਸਜਾਇਆ



**ਨਾਭਾ, 27 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੀ ਮਹਾ ਲਕਸ਼ਮੀ ਰਾਮਲੀਲਾ ਕਲੱਬ ਪੁਰਾਣਾ ਹਾਈਕੋਰਟ ਨਾਭਾ ਵੱਲੋਂ ਮਹੰਤ ਕਾਲਾ ਦਾਸ ਦੀ ਅਗਵਾਈ ਹੇਠ ਬਹੁਤ ਹੀ ਸ਼ਾਨਦਾਰ ਰਾਮਲੀਲਾ ਖੇਡੀ ਜਾ ਰਹੀ ਹੈ ਦਿਲ ਖਿੱਚਵੇਂ ਸੀਨਾ ਨੇ ਦਰਸ਼ਕਾਂ ਦਾ ਮਨ ਮੋਹ ਲਿਆ, ਬੀਤੀ ਰਾਤ ਮੰਚ ਤੇ ਮਹਾਰਾਜਾ ਦਸ਼ਰਥ ਦਾ ਦਰਬਾਰ ਸਜਾਇਆ ਗਿਆ, ਜੰਗਲ ਦੇ ਖਤਰਨਾਕ ਰਾਕਸ਼ਾਂ ਨੇ ਰਿਸ਼ੀ ਵਿਸ਼ਵਾਮਿੱਤਰ ਦਾ ਯੱਗ ਭੰਗ ਕਰ ਦਿੱਤਾ। ਰਿਸ਼ੀ ਵਿਸ਼ਵਾਮਿੱਤਰ ਮਹਾਰਾਜਾ ਦਸ਼ਰਥ ਦੇ ਦਰਬਾਰ 'ਚ ਰਾਕਸ਼ਾਂ ਤੋਂ ਦੁਖੀ ਹੋ ਕੇ ਫਰਿਆਦ ਲੈ ਕੇ ਆਏ ਮਹਾਰਾਜਾ ਦਸ਼ਰਥ ਨੇ ਸ਼੍ਰੀ ਰਾਮ ਅਤੇ ਲਕਸ਼ਮਣ ਨੂੰ ਰਿਸ਼ੀ ਵਿਸ਼ਵਾਮਿੱਤਰ ਦੇ ਨਾਲ ਰਾਕਸ਼ਾਂ ਦਾ ਖਾਤਮਾ ਕਰਨ ਲਈ ਭੇਜਿਆ, ਰਾਮ ਲਕਸ਼ਮਣ ਨੇ ਭਾਰੀ ਗਿਣਤੀ 'ਚ ਖੂੰਖ਼ਾਰ ਰਾਕਸ਼ਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਜੰਗਲ ਦੀ ਖ਼ਤਰਨਾਕ ਰਾਖਸ਼ੀ ਚਾਚੀ ਤਾੜਕਾ ਦਾ ਵੀ ਵੱਧ ਕਰ ਦਿੱਤਾ ਅਤੇ ਰਿਸ਼ੀ ਵਿਸ਼ਵਾਮਿੱਤਰ ਦਾ ਯੱਗ ਸਫ਼ਲ ਕਰਵਾਇਆ, ਰਿਸ਼ੀ ਵਿਸ਼ਵਾਮਿੱਤਰ ਰਾਮ ਲਕਸ਼ਮਣ ਸਮੇਤ ਮਹਾਰਾਜਾ ਜਨਕ ਵੱਲੋਂ ਆਪਣੀ ਪੁੱਤਰੀ ਸੀਤਾ ਦੇ ਵਿਆਹ ਲਈ ਰਚਾਏ ਸਵੰਬਰ 'ਚ ਸ਼ਾਮਿਲ ਹੋਣ ਲਈ ਜਨਕਪੁਰੀ ਲਈ ਰਵਾਨਾ ਹੋ ਗਏ, ਜਨਕ ਦੇ ਰੋਲ 'ਚ ਨਰੇਸ਼ ਹੰਸ, ਲਕਸ਼ਮਣ ਦੇ ਰੋਲ 'ਚ ਜੋਨੀ ਮੁਖੀ, ਰਾਮ ਦਾ ਕਿਰਦਾਰ ਹੇਮਰਾਜ ਪਵਾਰ, ਵਿਸ਼ਵਾਮਿੱਤਰ ਦੇ ਰੂਪ 'ਚ ਗੋਪਾਲ ਬਾਵਾ ਅਤੇ ਗੁਰੂ ਵਸ਼ਿਸ਼ਟ ਦੀ ਭੂਮਿਕਾ ਸਾਧੂ ਰਾਮ ਸ਼ਰਮਾ ਵੱਲੋਂ ਨਿਭਾਈ ਜਾ ਰਹੀ ਹੈ, ਪੰਡਾਲ ਦੀ ਸਾਜ ਸਜਾਵਟ ਰਾਮਲੀਲਾ ਦੀ ਸ਼ਾਨ ਵਧਾ ਰਹੀ ਹੈ। ਮੰਚ ਸੰਚਾਲਨ ਸਟੇਜ ਦੇ ਧਨੀ ਸੰਜੀਵ ਕੁਮਾਰ ਸੰਜੂ ਨਗਰ ਕੌਂਸਲ ਵਾਲੇ ਬਹੁਤ ਹੀ ਵਧੀਆ ਤਰੀਕੇ ਨਾਲ ਨਿਭਾ ਰਹੇ ਹਨ।

# ਕੇਂਦਰੀ ਅਤੇ ਰਾਜ ਅੰਕੜਾ ਸੰਗਠਨਾਂ (CoCSSO) ਦੀ 29ਵੀਂ ਕਾਨਫਰੰਸ 25-26 ਸਤੰਬਰ, 2025 ਨੂੰ ਚੰਡੀਗੜ੍ਹ ਵਿਖੇ ਆਯੋਜਿਤ ਕੀਤੀ ਜਾਵੇਗੀ

**ਚੰਡੀਗੜ੍ਹ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਅੰਕੜਾ ਅਤੇ ਪ੍ਰੋਗਰਾਮ ਲਾਗੂਕਰਨ ਮੰਤਰਾਲਾ ਚੰਡੀਗੜ੍ਹ ਦੇ ਜੇਡਬਲਿਊ ਮੈਰੀਅਟ, ਵਿਖੇ ਕੇਂਦਰੀ ਅਤੇ ਰਾਜ ਅੰਕੜਾ ਸੰਗਠਨਾਂ (CoCSSO) ਦੀ 29ਵੀਂ ਕਾਨਫਰੰਸ ਦਾ ਆਯੋਜਨ ਕਰ ਰਿਹਾ ਹੈ। ਇਹ ਕਾਨਫਰੰਸ ਭਾਰਤੀ ਅੰਕੜਾ ਪ੍ਰਣਾਲੀ ਦੀ ਕੁਸ਼ਲਤਾ ਨੂੰ ਵਧਾਉਣ ਲਈ ਕੇਂਦਰੀ ਅਤੇ ਰਾਜ ਅੰਕੜਾ ਏਜੰਸੀਆਂ ਦਰਮਿਆਨ ਚਰਚਾ ਅਤੇ ਬਿਹਤਰ ਤਾਲਮੇਲ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਦੀ ਹੈ।

ਇਸ ਵਰ੍ਹੇ ਦੀ ਦੋ-ਦਿਨਾ ਕਾਨਫਰੰਸ ਦਾ ਵਿਸ਼ਾ ਹੈ ÷ਸਥਾਨਕ ਪੱਧਰ ਦੇ ਸ਼ਾਸਨ ਨੂੰ ਮਜ਼ਬੂਤ ਬਣਾਉਣਾ÷ ਜਿਸ ਦਾ ਉਦੇਸ਼ ਸਥਾਨਕ-ਪੱਧਰ ਦੇ ਡੇਟਾ ਦੀ ਗੁਣਵੱਤਾ ਅਤੇ ਉਪਲਬਧਤਾ ਨੂੰ ਬਿਹਤਰ ਬਣਾਉਣ ਲਈ ਕੇਂਦਰੀ ਅਤੇ ਰਾਜ ਅੰਕੜਾ ਵਿਭਾਗਾਂ ਵਿਚਕਾਰ ਸਹਿਯੋਗ ਵਧਾਉਣ 'ਤੇ ਧਿਆਨ ਕੇਂਦ੍ਰਿਤ ਕਰਨਾ ਹੈ, ਜੋ ਕਿ ਪ੍ਰਭਾਵਸ਼ਾਲੀ ਸ਼ਾਸਨ ਅਤੇ ਸਬੂਤ-ਅਧਾਰਤ ਨੀਤੀ ਨਿਰਮਾਣ ਲਈ ਬਹੁਤ ਜ਼ਰੂਰੀ ਹੈ।

ਕਾਨਫਰੰਸ ਦਾ ਵਿੱਚ ਮਹੱਤਵਪੂਰਨ ਆਕਰਸ਼ਣ ਅੰਕੜਾ ਅਤੇ ਪ੍ਰੋਗਰਾਮ ਲਾਗੂਕਰਨ ਮੰਤਰਾਲੇ ਦੀਆਂ ਪ੍ਰਮੁੱਖ ਡਿਜੀਟਲ ਪਹਿਲਕਦਮੀਆਂ ਜਿਵੇਂ ਕਿ ਸੁਧਾਰੀ ਗਈ ਐਮਓਐਸਪੀਆਈ ਵੈੱਬਸਾਈਟ, ਗੋਆਈਸਟੈਟਸ ਐਪ ਦਾ ਆਈਓਐੱਸ ਸੰਸਕਰਣ, ਅਤੇ ਪੈਮਾਨਾ ਮਡੀਐੱਸ 2.0 ਜਿਹੇ ਪੋਰਟਲਾਂ ਦੀ ਸ਼ੁਰੂਆਤ ਹੋਵੇਗੀ, ਨਾਲ ਹੀ ਚਿਲਡਰਨ ਇਨ ਇੰਡੀਆ 2025 ਅਤੇ ਐਨਵਾਇਰਨਮੈਂਟਲ ਅਕਾਉਂਟਿੰਗ ਆਨ ਫੋਰੈਸਟ 2025 ਵਰਗੇ ਮਹੱਤਵਪੂਰਨ ਪ੍ਰਕਾਸ਼ਨਾਂ ਦਾ ਵੀ ਉਦਘਾਟਨ ਹੋਵੇਗਾ। ਇਸ ਤੋਂ ਇਲਾਵਾ, ਕਾਨਫਰੰਸ ਵਿੱਚ ਰਾਜਾਂ/ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੀਆਂ ਅੰਕੜਾ ਸਮਰੱਥਾਵਾਂ ਨੂੰ ਮਜ਼ਬੂਤ ਕਰਨ, ਐਮਪੀਲੈਡਜ਼ ਸਕੀਮ ਲਾਗੂ ਕਰਨ ਵਿੱਚ ਪ੍ਰਗਤੀ ਅਤੇ ਮੁੱਦਿਆਂ, ਕੁੱਲ ਘਰੇਲੂ ਉਤਪਾਦ ਉਦਯੋਗਿਕ ਉਤਪਾਦਨ ਸੂਚਕਾਂਕ ਅਤੇ ਖਪਤਕਾਰ ਕੀਮਤ ਸੂਚਕਾਂਕ (ਕੰਜ਼ਿਊਮਰ ਪ੍ਰਾਈਸ ਇੰਡੈਕਸ) ਵਰਗੇ ਮੁੱਖ ਮੈਕ੍ਰੋ-ਆਰਥਿਕ ਸੂਚਕਾਂ ਲਈ ਅਧਾਰ ਸਾਲ ਅਭਿਆਸਾਂ ਵਿੱਚ ਸੋਧ, ਐੱਸਡੀਜੀਜ਼ ਦੀ ਉਪ-ਰਾਸ਼ਟਰੀ ਪੱਧਰ ਦੀ ਨਿਗਰਾਨੀ, ਡੇਟਾਸੈੱਟਾਂ ਦਾ ਤਾਲਮੇਲ ਅਤੇ ਮਾਨਕੀਕਰਣ ਵਰਗੇ ਵਿਸ਼ਿਆਂ 'ਤੇ ਚਰਚਾ ਹੋਵੇਗੀ।

ਕਾਨਫਰੰਸ ਦੇ ਉਦਘਾਟਨੀ ਸੈਸ਼ਨ ਵਿੱਚ ਰਾਓ ਇੰਦਰਜੀਤ ਸਿੰਘ, ਅੰਕੜਾ ਅਤੇ ਪ੍ਰੋਗਰਾਮ ਲਾਗੂਕਰਨ ਮੰਤਰਾਲੇ ਦੇ ਮਾਣਯੋਗ ਰਾਜ ਮੰਤਰੀ (ਸੁਤੰਤਰ ਚਾਰਜ), ਯੋਜਨਾ ਮੰਤਰਾਲੇ ਦੇ ਰਾਜ ਮੰਤਰੀ (ਸੁਤੰਤਰ ਚਾਰਜ) ਅਤੇ ਸੱਭਿਆਚਾਰ ਮੰਤਰਾਲੇ ਵਿੱਚ ਰਾਜ ਮੰਤਰੀ; ਸ੍ਰੀ ਨਾਇਬ ਸਿੰਘ ਸੈਣੀ, ਮਾਣਯੋਗ ਮੁੱਖ ਮੰਤਰੀ ਹਰਿਆਣਾ; ਸ੍ਰੀ ਭਵਾਨੀ ਸਿੰਘ ਪਠਾਨੀਆ, ਮਾਣਯੋਗ ਉਪ ਚੇਅਰਮੈਨ ਰਾਜ ਯੋਜਨਾ ਬੋਰਡ, ਹਿਮਾਚਲ ਪ੍ਰਦੇਸ਼ ਸਰਕਾਰ; ਹਰਿਆਣਾ, ਪੰਜਾਬ ਅਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਮੁੱਖ ਸਕੱਤਰ ਅਤੇ ਡਾ. ਸੌਰਭ ਗਰਗ, ਸਕੱਤਰ, ਐਮਓਐਸਪੀਆਈ ਸਮੇਤ ਹੋਰ ਪਤਵੰਤੇ ਹਿੱਸਾ ਲੈਣਗੇ। ਕਾਨਫਰੰਸ ਵਿੱਚ ਕੇਂਦਰੀ ਮੰਤਰਾਲਿਆਂ, ਰਾਜ ਸਰਕਾਰਾਂ, ਸੰਯੁਕਤ ਰਾਸ਼ਟਰ ਏਜੰਸੀਆਂ, ਵਿਸ਼ਵ ਬੈਂਕ ਅਤੇ ਹੋਰ ਮੁੱਖ ਸੰਗਠਨਾਂ ਦੇ ਲਗਭਗ 350 ਨੁਮਾਇੰਦਿਆਂ ਦੇ ਸ਼ਾਮਲ ਹੋਣ ਦੀ ਉਮੀਦ ਹੈ।

ਪ੍ਰਧਾਨ ਮੰਤਰੀ ਨੇ ਭਾਰਤ ਦੇ ਰਿਵਾਇਤੀ ਮੈਡੀਸਨ ਖੇਤਰ ਵਿੱਚ ਆਏ ਜ਼ਿਕਰਯੋਗ ਬਦਲਾਅ ਅਤੇ ਲੋਕਾਂ 'ਤੇ ਧਰਤੀ ਲਈ ਵਧੇਰੇ ਸੰਤੁਲਿਤ ਅਤੇ ਟਿਕਾਊ ਭਵਿੱਖ ਵਿੱਚ ਇਸ ਦੇ ਯੋਗਦਾਨ 'ਤੇ ਇੱਕ ਲੇਖ ਸਾਂਝਾ ਕੀਤਾ

ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ ਅੱਜ ਕੇਂਦਰੀ ਮੰਤਰੀ ਸ੍ਰੀ ਪ੍ਰਤਾਪਰਾਓ ਜਾਧਵ ਦਾ ਇੱਕ ਲੇਖ ਸਾਂਝਾ ਕੀਤਾ, ਜਿਸ ਵਿੱਚ ਭਾਰਤ ਦੇ ਰਿਵਾਇਤੀ ਮੈਡੀਸਨ ਖੇਤਰ ਵਿੱਚ ਜ਼ਿਕਰਯੋਗ ਬਦਲਾਅ ਦਾ ਜ਼ਿਕਰ ਕਰਕੇ ਦੱਸਿਆ ਗਿਆ ਹੈ ਕਿ ਇਹ ਲੋਕਾਂ ਅਤੇ ਧਰਤੀ ਦੋਵਾਂ ਦੇ ਵਧੇਰੇ ਸੰਤੁਲਿਤ ਅਤੇ ਟਿਕਾਊ ਭਵਿੱਖ ਵਿੱਚ ਯੋਗਦਾਨ ਦੇ ਰਿਹਾ ਹੈ। ਪੀਐੱਮਓ ਇੰਡੀਆ ਹੈਂਡਲ ਵੱਲੋਂ ਸੋਸ਼ਲ ਮੀਡੀਆ ਐਕਸ 'ਤੇ ਪੋਸਟ ਵਿੱਚ ਕਿਹਾ ਗਿਆ ਕਿ ਲੇਖ ਵਿੱਚ, ਸਿਹਤ ਅਤੇ ਪਰਿਵਾਰ ਭਲਾਈ ਰਾਜ ਮੰਤਰੀ ਸ੍ਰੀ ਨੇ ਇਸ ਗੱਲ 'ਤੇ ਚਾਨਣਾ ਪਾਇਆ ਹੈ ਕਿ ਕਿਵੇਂ ਭਾਰਤ ਦੇ ਰਿਵਾਇਤੀ ਮੈਡੀਸਨ ਖੇਤਰ ਵਿੱਚ ਜ਼ਿਕਰਯੋਗ ਬਦਲਾਅ ਆਇਆ ਹੈ, ਜਿਸ ਨੇ ਲੋਕਾਂ ਅਤੇ ਧਰਤੀ ਦੋਵਾਂ ਦੇ ਵਧੇਰੇ ਸੰਤੁਲਿਤ ਅਤੇ ਟਿਕਾਊ ਭਵਿੱਖ ਵਿੱਚ ਯੋਗਦਾਨ ਦਿੱਤਾ ਹੈ। ਜ਼ਰੂਰ ਪੜ੍ਹੋ!

# ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਪਿੰਡ ਜੈਤੇਵਾਲੀ ਮਾਮਲੇ ਵਿੱਚ ਐਸ.ਐਸ.ਪੀ. ਜਲੰਧਰ ਤੋਂ ਰਿਪੋਰਟ ਤਲਬ

**ਚੰਡੀਗੜ੍ਹ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਜਲੰਧਰ ਨਾਲ ਲੱਗਦੇ ਪਿੰਡ ਜੈਤੇਵਾਲੀ ਵਿਖੇ ਸੰਤ ਕ੍ਰਿਸ਼ਨ ਨਾਥ ਚਹੇੜੂ ਅਤੇ ਦਲਿਤ ਭਾਈਚਾਰੇ ਪ੍ਰਤੀ ਅਪਸ਼ਬਦ ਬੋਲਣ ਦੇ ਮਾਮਲੇ ਵਿੱਚ ਐਸ.ਐਸ.ਪੀ. ਜਲੰਧਰ ਤੋਂ ਰਿਪੋਰਟ ਤਲਬ ਕੀਤੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮਾਮਲਾ ਕਮਿਸ਼ਨ ਦੇ ਚੇਅਰਮੈਨ ਸ. ਜਸਵੀਰ ਸਿੰਘ ਗੜ੍ਹੀ ਦੇ ਧਿਆਨ ਵਿੱਚ ਇੱਕ ਅਖ਼ਬਾਰ ਰਾਹੀਂ ਆਇਆ ਸੀ, ਜਿਸ ਦਾ ਸੂ-ਮੋਟੋ ਨੋਟਿਸ ਲੈਂਦਿਆਂ ਐਸ.ਐਸ.ਪੀ. ਜਲੰਧਰ ਤੋਂ ਇਸ ਮਾਮਲੇ ਵਿੱਚ 25 ਸਤੰਬਰ,2025 ਨੂੰ ਸਬੰਧਤ ਉਪ ਕਪਤਾਨ ਪੁਲਿਸ ਰਾਹੀਂ ਰਿਪੋਰਟ ਪੇਸ਼ ਕਰਨ ਦੇ ਹੁਕਮ ਦਿੱਤੇ ਹਨ।

# ਪੰਜਾਬ ਦੇ ਉਦਯੋਗਪਤੀਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਮੁੱਖ ਮੰਤਰੀ ਰੰਗਲਾ ਪੰਜਾਬ ਫੰਡ ਲਈ ਲਗਭਗ 6 ਕਰੋੜ ਰੁਪਏ ਦੇ ਚੈੱਕ ਸੌਂਪੇ

**ਚੰਡੀਗੜ੍ਹ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਕੈਬਨਿਟ ਮੰਤਰੀ ਸ੍ਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਪੰਜਾਬ ਵਿੱਚ 2,300 ਪਿੰਡ ਭਿਆਨਕ ਹੜ੍ਹਾਂ ਦੀ ਮਾਰ ਹੇਠ ਆਏ ਹਨ, ਜਿਸ ਨਾਲ 20 ਲੱਖ ਤੋਂ ਵੱਧ ਆਬਾਦੀ ਪ੍ਰਭਾਵਿਤ ਹੋਈ ਅਤੇ ਪੰਜ ਲੱਖ ਏਕੜ ਰਕਬੇ 'ਚ ਖੜ੍ਹੀਆਂ ਫ਼ਸਲਾਂ ਨੂੰ ਭਾਰੀ ਨੁਕਸਾਨ ਪਹੁੰਚਿਆ ਹੈ। ਉਨ੍ਹਾਂ ਕਿਹਾ ਕਿ ਇਸਦੇ ਨਾਲ ਹੀ ਹੜ੍ਹਾਂ ਕਾਰਨ 56 ਲੋਕਾਂ ਨੂੰ ਆਪਣੀ ਜਾਨ ਗੁਆਉਣੀ ਪਈ ਅਤੇ ਲਗਭਗ ਸੱਤ ਲੱਖ ਲੋਕ ਬੇਘਰ ਹੋ ਗਏ ਹਨ। ਇਸ ਤੋਂ ਇਲਾਵਾ 3,200 ਸਰਕਾਰੀ ਸਕੂਲ ਨੁਕਸਾਨੇ ਗਏ ਹਨ, 19 ਕਾਲਜ ਮਲਬੇ ਵਿੱਚ ਤਬਦੀਲ ਹੋਏ ਹਨ, 1,400 ਕਲੀਨਿਕਾਂ ਅਤੇ ਹਸਪਤਾਲਾਂ ਦਾ ਵੱਡਾ ਨੁਕਸਾਨ ਹੋਇਆ, 8,500 ਕਿਲੋਮੀਟਰ ਸੜਕਾਂ ਤਬਾਹ ਹੋ ਗਈਆਂ ਹਨ ਅਤੇ 2,500 ਪੁਲ ਢਹਿ ਗਏ ਹਨ। ਉਨ੍ਹਾਂ ਅੱਗੇ ਦੱਸਿਆ ਕਿ ਕੁੱਲ ਨੁਕਸਾਨ ਦਾ ਅਨੁਮਾਨ ਲਗਭਗ 14,000 ਕਰੋੜ ਰੁਪਏ ਬਣਦਾ ਹੈ, ਪਰ ਅਸਲ ਅੰਕੜੇ ਇਸ ਤੋਂ ਵੀ ਵੱਧ ਹੋ ਸਕਦੇ ਹਨ।

ਮੀਡੀਆ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ੍ਰੀ ਸੰਜੀਵ ਅਰੋੜਾ ਨੇ ਕਿਹਾ ਕਿ ਪੰਜਾਬ ਦੇ ਉਦਯੋਗਪਤੀਆਂ ਨੇ ਕੁਦਰਤੀ ਆਫ਼ਤ ਦੀ ਇਸ ਘੜੀ ਵਿੱਚ ਪੰਜਾਬੀਆਂ ਦੇ ਮੁੜ ਵਸੇਬੇ ਲਈ ਆਪਣਾ ਵਿਸ਼ੇਸ਼ ਸਮਰਥਨ ਦਿੱਤਾ ਹੈ ਅਤੇ ਪੰਜਾਬ ਦੇ ਹੜ੍ਹ ਪ੍ਰਭਾਵਿਤ ਲੋਕਾਂ ਲਈ ਮੁੱਖ ਮੰਤਰੀ ਰੰਗਲਾ ਪੰਜਾਬ ਫੰਡ ਵਿੱਚ ਖੁੱਲ੍ਹੇ ਦਿਲ ਨਾਲ ਯੋਗਦਾਨ ਪਾਇਆ ਹੈ। ਇਸ ਪਹਿਲਕਦਮੀ ਵਿੱਚ ਕੈਬਨਿਟ ਮੰਤਰੀ ਸ੍ਰੀ ਸੰਜੀਵ ਅਰੋੜਾ ਨੇ ਖੁਦ ਹੜ੍ਹ ਪ੍ਰਭਾਵਿਤ ਲੋਕਾਂ ਦੀ ਰਾਹਤ ਅਤੇ ਮੁੜ ਵਸੇਬੇ ਲਈ 50 ਲੱਖ ਰੁਪਏ ਦਿੱਤੇ ਹਨ।ਕੈਬਨਿਟ ਮੰਤਰੀ ਸ੍ਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਉਦਯੋਗਪਤੀਆਂ ਨੇ ਅੱਜ ਹੜ੍ਹ ਪ੍ਰਭਾਵਿਤ ਲੋਕਾਂ ਦੀ ਰਾਹਤ ਅਤੇ ਮੁੜ ਵਸੇਬੇ ਲਈ ਮੁੱਖ ਮੰਤਰੀ ਪੰਜਾਬ ਨੂੰ ਆਪਣਾ ਯੋਗਦਾਨ ਦਿੱਤਾ ਹੈ। ਇਸ ਸਬੰਧੀ ਉਦਯੋਗਪਤੀਆਂ ਮੌਂਟੀ ਕਾਰਲੋ ਗਰੁੱਪ ਦੇ ਸ੍ਰੀ ਕਮਲ ਓਸਵਾਲ ਨੇ 1 ਕਰੋੜ ਰੁਪਏ, ਹੈਪੀ ਫੋਰਜਿੰਗ ਦੀ ਸ੍ਰੀਮਤੀ ਮੇਗਾ ਗਰਗ ਨੇ 1 ਕਰੋੜ ਰੁਪਏ, ਸੀਗਲ ਇੰਡੀਆ ਪ੍ਰਾਈਵੇਟ ਲਿਮਟਿਡ ਦੇ ਸ੍ਰੀ ਐਮ.ਪੀ ਸਹਿਗਲ ਨੇ 50 ਲੱਖ ਰੁਪਏ, ਓਕਟੇਵ ਐਪੇਰਲਸ ਦੇ ਸ੍ਰੀ ਅਭਿਸ਼ੇਕ ਅਰੋੜਾ ਨੇ 50 ਲੱਖ ਰੁਪਏ, ਵਰਧਮਾਨ ਸਪਿਨਿੰਗ ਮਿੱਲਜ਼ ਦੇ ਸ੍ਰੀ ਨੀਰਜ ਜੈਨ ਨੇ 50 ਲੱਖ ਰੁਪਏ, ਟ ?ਰਾਈਡੈਂਟ ਗਰੁੱਪ ਦੇ ਸ੍ਰੀ ਦੀਪਕ ਨੰਦਾ ਨੇ 50 ਲੱਖ ਰੁਪਏ, ਜੀ.ਬੀ. ਰਿਐਲਿਟੀ ਦੇ ਸ੍ਰੀ ਗੁਰਵਿੰਦਰ ਭੱਟੀ ਨੇ 25 ਲੱਖ ਰੁਪਏ, ਬੈਕਟਰ ਫੂਡਜ਼ , ਕਰੀਮਿਕਾ ਦੇ ਸ੍ਰੀ ਪਰਵੀਨ ਗੋਇਲ ਨੇ 20 ਲੱਖ ਰੁਪਏ, ਏਰੀ ਸੁਡਾਨਾ ਸਪਿਨਿੰਗ ਮਿੱਲਜ਼ ਦੇ ਸ੍ਰੀ ਸਿਧਾਰਥ ਖੰਨਾ ਨੇ 20 ਲੱਖ ਰੁਪਏ, ਰੌਕਮੈਨ ਫਾਊਂਡੇਸ਼ਨ ਦੇ ਸ੍ਰੀ ਸੁਮਨ ਮੁੰਝਲ ਨੇ 10 ਲੱਖ ਰੁਪਏ, ਸੀ.ਆਈ.ਸੀ.ਯੂ. ਪ੍ਰੈਜੀਡੈਂਟ ਸ੍ਰੀ ਉਪਕਾਰ ਸਿੰਘ ਆਹੂਜਾ ਨੇ 5 ਲੱਖ ਰੁਪਏ ਅਤੇ ਰਾਲਸਨ ਦੇ ਸ੍ਰੀ ਸੰਜੀਵ ਪਾਹਵਾ ਨੇ ਹੜ੍ਹ ਪ੍ਰਭਾਵਿਤ ਲੋਕਾਂ ਅਤੇ ਉਨ੍ਹਾਂ ਦੇ ਰਾਹਤ ਕਾਰਜਾਂ ਲਈ 2.5 ਲੱਖ ਰੁਪਏ ਦਾ ਯੋਗਦਾਨ ਪਾਇਆ।

ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਉਦਯੋਗਪਤੀ ਪੰਜਾਬ ਦੀ ਭਲਾਈ ਲਈ ਵਚਨਬੱਧ ਹਨ। ਉਨ੍ਹਾਂ ਨੇ ਉਦਯੋਗਪਤੀਆਂ ਵੱਲੋ ਮੁੱਖ ਮੰਤਰੀ ਰੰਗਲਾ ਪੰਜਾਬ ਫੰਡ ਲਈ ਦਿੱਤੇ ਗਏ ਯੋਗਦਾਨ ਲਈ ਧੰਨਵਾਦ ਪ੍ਰਗਟ ਕੀਤਾ ਅਤੇ ਬਾਕੀ ਉੱਦਮੀਆਂ ਨੂੰ ਵੀ ਇਸ ਨੇਕ ਕਾਰਜ ਦੇ ਸਮਰਥਨ ਲਈ ਅੱਗੇ ਆਉਣ ਦੀ ਅਪੀਲ ਕੀਤੀ

# ਜ਼ਿਲ੍ਹਾ ਮੈਜਿਸਟਰੇਟ ਵੱਲੋਂ ਤਿਉਹਾਰਾਂ ਮੌਕੇ ਪਟਾਖੇ ਤੇ ਆਤਿਸ਼ਬਾਜ਼ੀ ਚਲਾਉਣ ਲਈ ਸਮਾਂ ਨਿਰਧਾਰਿਤ

**ਹੁਸ਼ਿਆਰਪੁਰ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਮੈਜਿਸਟਰੇਟ ਆਸ਼ਿਕਾ ਜੈਨ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਆਉਣ ਵਾਲੇ ਦਿਨਾਂ ਵਿਚ ਤਿਉਹਾਰਾਂ ਦੇ ਮੱਦੇਨਜ਼ਰ ਜ਼ਿਲ੍ਹੇ ਦੀ ਹੱਦ ਅੰਦਰ ਪਟਾਖੇ ਚਲਾਉਣ ਸਬੰਧੀ ਹੁਕਮ ਜਾਰੀ ਕੀਤੇ ਹਨ।

ਜਾਰੀ ਹੁਕਮਾਂ ਵਿਚ ਉਨ੍ਹਾਂ ਨੇ ਜ਼ਿਲ੍ਹੇ ਵਿਚ ਪਟਾਖੇ ਅਤੇ ਆਤਿਸ਼ਬਾਜ਼ੀ ਚਲਾਉਣ ਲਈ ਦਿਨ ਅਤੇ ਸਮਾਂ ਨਿਰਧਾਰਿਤ ਕੀਤਾ ਹੈ ਅਤੇ ਹਦਾਇਤ ਕੀਤੀ ਹੈ ਕਿ ਇਸ ਨਿਰਧਾਰਿਤ ਸਮੇਂ ਤੋਂ ਬਾਅਦ ਜਾਂ ਇਸ ਤੋਂ ਪਹਿਲਾਂ ਪਟਾਖੇ ਅਤੇ ਆਤਿਸ਼ਬਾਜ਼ੀ ਚਲਾਉਣ 'ਤੇ ਪੂਰਨ ਪਾਬੰਦੀ ਹੋਵੇਗੀ।

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜਾਰੀ ਹੁਕਮਾਂ ਵਿਚ ਕਿਹਾ ਗਿਆ ਹੈ ਕਿ 20 ਅਕਤੂਬਰ 2025 ਨੂੰ ਦੀਵਾਲੀ ਵਾਲੇ ਦਿਨ ਸਵੇਰੇ 8 ਵਜੇ ਤੋਂ ਰਾਤ 10 ਵਜੇ ਤੱਕ, 5 ਨਵੰਬਰ ਨੂੰ ਗੁਰਪੁਰਬ ਵਾਲੇ ਦਿਨ ਸਵੇਰੇ 4 ਵਜੇ ਤੋਂ ਸਵੇਰੇ 5 ਵਜੇ ਤੱਕ ਤੇ ਰਾਤ 9 ਵਜੇ ਤੋਂ ਰਾਤ 10 ਵਜੇ ਤੱਕ ਅਤੇ 25-26 ਦਸੰਬਰ ਨੂੰ ਕ੍ਰਿਸਮਸ ਤੇ 31 ਦਸੰਬਰ (ਅੱਧੀ ਰਾਤ) ਨਵੇਂ ਸਾਲ ਦੇ ਮੌਕੇ 'ਤੇ ਰਾਤ 11:55 ਤੋਂ 12:30 ਵਜੇ ਤੱਕ ਪਟਾਖੇ ਚਲਾਏ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸਾਈਲੈਂਸ ਜ਼ੋਨਾਂ ਜਿਵੇਂ ਕਿ ਹਸਪਤਾਲ, ਵਿੱਦਿਅਕ ਸੰਸਥਾਵਾਂ, ਅਦਾਲਤਾਂ ਅਤੇ ਧਾਰਮਿਕ ਸਥਾਨਾਂ ਆਦਿ ਦੇ 100 ਮੀਟਰ ਦੇ ਘੇਰੇ ਅੰਦਰ ਪਟਾਖੇ ਚਲਾਉਣ ਦੀ ਇਜਾਜ਼ਤ ਨਹੀਂ ਹੋਵੇਗੀ। ਉਨ੍ਹਾਂ ਸਮੂਹ ਉਪ ਮੰਡਲ ਮੈਜਿਸਟਰੇਟਾਂ, ਇਲਾਕਾ ਮੈਜਿਸਟਰੇਟਾਂ, ਜ਼ਿਲ੍ਹਾ ਪੁਲਿਸ ਨੂੰ ਹਦਾਇਤ ਕੀਤੀ ਕਿ ਉਹ ਸਰਕਾਰ ਵੱਲੋਂ ਸਮੇਂ-ਸਮੇਂ 'ਤੇ ਜਾਰੀ ਹੁਕਮਾਂ ਅਤੇ ਹਦਾਇਤਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ।

# ਚੇਅਰਮੈਨ ਪੰਜਾਬ ਰਾਜ ਘੱਟ ਗਿਣਤੀ ਕਮਿਸ਼ਨ ਵੱਲੋਂ ਕੀਤਾ ਗਿਆ ਜਿਲ੍ਹਾ ਤਰਨ ਤਾਰਨ ਦਾ ਦੌਰਾ

**ਤਰਨ ਤਾਰਨ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਸ਼੍ਰੀ ਜਤਿੰਦਰ ਮਸੀਹ ਗੌਰਵ, ਚੇਅਰਮੈਨ ਪੰਜਾਬ ਰਾਜ ਘੱਟ ਗਿਣਤੀ ਕਮਿਸ਼ਨ ਵੱਲੋਂ ਅੱਜ ਜਿਲ੍ਹਾ ਤਰਨ ਤਾਰਨ ਦਾ ਦੌਰਾ ਕੀਤਾ ਗਿਆ ਅਤੇ ਪੇਂਡੂ ਵਿਕਾਸ ਭਵਨ, ਤਰਨ ਤਾਰਨ ਵਿਖੇ ਮੀਟਿੰਗ ਵਿੱਚ ਘੱਟ ਗਿਣਤੀ ਵਰਗ ਦੇ ਵਿਅਕਤੀਆਂ ਦੀਆਂ ਸ਼ਿਕਾਇਤਾਂ ਸੁਣੀਆਂ ਗਈਆਂ ਅਤੇ ਜਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਅਹਿਮ ਮੀਟਿੰਗ ਕੀਤੀ ਗਈ।

ਜਿਸ ਵਿੱਚ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਤਰਨ ਤਾਰਨ, ਸ਼ ?ਰੀ ਸੰਦੀਪ ਮਲਹੋਤਰਾ, ਐੱਸ ਡੀ ਐੱਮ ਪੱਟੀ ਸ਼ ?ਰੀ ਪ੍ਰੀਤਇੰਦਰ ਸਿੰਘ, ਐੱਸ.ਪੀ. ਹੈੱਡਕੁਆਟਰ ਸ਼ ?ਰੀ ਅਜੈਰਾਜ ਸਿੰਘ, ਸ਼ ?ਰੀ ਪਿਆਰ ਸਿੰਘ, ਜਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ, ਸ਼ ?ਰੀ ਬਿਕਰਮਜੀਤ ਸਿੰਘ, ਜਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਫ਼ਸਰ, ਸ਼ ?ਰੀ ਪਰਮਜੀਤ ਸਿੰਘ, ਡਿਪਟੀ ਜਿਲ੍ਹਾ ਸਿੱਖਿਆ ਅਫ਼ਸਰ ਆਦਿ ਅਫ਼ਸਰ ਮੌਜੂਦ ਸਨ।

ਚੇਅਰਮੈਨ ਸਾਹਿਬ ਨੇ ਕਿਹਾ ਕਿ ਘੱਟ ਗਿਣਤੀ ਵਰਗ ਨਾਲ ਸਬੰਧਤ ਵਿਅਕਤੀਆਂ ਦੀਆਂ ਸ਼ਿਕਾਇਤਾਂ ਸੁਣੀਆਂ ਗਈਆਂ

ਜਿਸ ਵਿੱਚ ਜਿਆਦਾਤਰ ਸ਼ਿਕਾਇਤਾਂ ਖਾਸ ਕਰਕੇ ਪਿੰਡਾਂ ਵਿੱਚ ਘੱਟ ਗਿਣਤੀ ਵਰਗ ਦੇ ਕਬਰਸਤਾਂਨਾ ਨਾਲ ਸਬੰਧਤ ਸਨ।

ਚੇਅਰਮੈਨ ਸਾਹਿਬ ਵੱਲੋ ਸਬੰਧਤ ਅਫ਼ਸਰ ਸਾਹਿਬਾਨ ਨੂੰ ਹਦਾਇਤ ਕੀਤੀ ਗਈ ਕਿ ਘੱਟ ਗਿਣਤੀ ਵਰਗ ਦੇ ਕਬਰਸਤਾਂਨਾ ਨਾਲ ਸਬੰਧਤ ਸ਼ਿਕਾਇਤਾਂ ਦੇ ਨਾਲ-ਨਾਲ ਹੋਰ ਸ਼ਿਕਾਇਤਾਂ ਨੂੰ ਵੀ ਜਲਦ ਤੋਂ ਜਲਦ ਦੂਰ ਕੀਤਾ ਜਾਵੇ।

# ਮੇਅਰ ਪਦਮਜੀਤ ਮਹਿਤਾ ਨਾਲ ਮੁਲਾਕਾਤ ਤੋਂ ਬਾਅਦ ਦੁਕਾਨਦਾਰਾਂ ਨੇ ਖ਼ਤਮ ਕੀਤਾ ਵਿਰੋਧ, ਹੁਣ ਭਾਗੂ ਰੋਡ ਹੋਵੇਗਾ 50 ਫੁੱਟ ਚੌੜਾ



**ਬਠਿੰਡਾ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਭਾਗੂ ਰੋਡ ਨੂੰ ਚੌੜਾ ਕਰਨ ਨੂੰ ਲੈ ਕੇ ਲੰਬੇ ਸਮੇਂ ਤੋਂ ਚੱਲ ਰਿਹਾ ਵਿਵਾਦ ਆਖਰਕਾਰ ਖਤਮ ਹੋ ਗਿਆ ਹੈ। ਭਾਗੂ ਰੋਡ ਦੇ ਦੁਕਾਨਦਾਰਾਂ ਦੇ ਇੱਕ ਵਫ਼ਦ ਨੇ ਨਗਰ ਨਿਗਮ ਦੇ ਮੇਅਰ ਸ਼੍ਰੀ ਪਦਮਜੀਤ ਸਿੰਘ ਮਹਿਤਾ ਨਾਲ ਮੁਲਾਕਾਤ ਕੀਤੀ। ਭਾਗੂ ਰੋਡ ਨੂੰ ਚੌੜਾ ਕਰਨ ਲਈ ਆਪਣਾ ਪੂਰਾ ਸਮਰਥਨ ਦੇਣ ਦਾ ਐਲਾਨ ਕਰਦੇ ਹੋਏ, ਦੁਕਾਨਦਾਰਾਂ ਨੇ ਤਿਉਹਾਰਾਂ ਦੇ ਸੀਜ਼ਨ ਦੇ ਮੱਦੇਨਜ਼ਰ ਆਪਣੀਆਂ ਦੁਕਾਨਾਂ ਖਾਲੀ ਕਰਨ ਅਤੇ ਢਾਹੁਣ ਲਈ ਕੁਝ ਸਮਾਂ ਮੰਗਿਆ।

ਮੇਅਰ ਸ਼੍ਰੀ ਪਦਮਜੀਤ ਸਿੰਘ ਮਹਿਤਾ ਨੇ ਕਿਹਾ ਕਿ ਨਗਰ ਨਿਗਮ ਵੱਲੋਂ ਪਿਛਲੇ ਲੰਬੇ ਸਮੇਂ ਤੋਂ ਭਾਗੂ ਰੋਡ ਨੂੰ ਚੌੜਾ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਸ਼ਹਿਰ ਵਿੱਚ ਲਗਾਤਾਰ ਵਧਦੀ ਆਵਾਜਾਈ ਅਤੇ ਭੀੜ ਨੂੰ ਦੇਖਦੇ ਹੋਏ ਇਹ ਕਦਮ ਜ਼ਰੂਰੀ ਸੀ। ਸ਼ੁਰੂ ਵਿੱਚ, ਭਾਗੂ ਰੋਡ ਨੂੰ 60 ਫੁੱਟ ਤੱਕ ਚੌੜਾ ਕਰਨ ਦੀ ਯੋਜਨਾ ਸੀ, ਪਰ ਦੁਕਾਨਦਾਰਾਂ ਅਤੇ ਸਥਾਨਕ ਨਿਵਾਸੀਆਂ ਨੇ ਸੜਕ ਨੂੰ 50 ਫੁੱਟ ਤੱਕ ਚੌੜਾ ਕਰਨ ਦੀ ਅਪੀਲ ਕੀਤੀ ਹੈ। ਮੇਅਰ ਸ਼੍ਰੀ ਮਹਿਤਾ ਨੇ ਕਿਹਾ ਕਿ ਦੁਕਾਨਦਾਰਾਂ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਦੇ ਹੋਏ, ਸੜਕ ਨੂੰ ਹੁਣ 50 ਫੁੱਟ ਤੱਕ ਚੌੜਾ ਕੀਤਾ ਜਾਵੇਗਾ।

ਮੇਅਰ ਸ਼੍ਰੀ ਮਹਿਤਾ ਨੇ ਕਿਹਾ ਕਿ ਦੁਕਾਨਦਾਰਾਂ ਨੇ ਤਿਉਹਾਰਾਂ ਦੇ ਸੀਜ਼ਨ ਦੇ ਮੱਦੇਨਜ਼ਰ ਆਪਣੀਆਂ ਦੁਕਾਨਾਂ ਖਾਲੀ ਕਰਨ ਅਤੇ ਢਾਹੁਣ ਲਈ ਸਮਾਂ ਮੰਗਿਆ ਹੈ। ਇਸ ਬੇਨਤੀ ਨੂੰ ਸਵੀਕਾਰ ਕਰਦੇ ਹੋਏ, ਉਨ੍ਹਾਂ ਨੂੰ 30 ਅਕਤੂਬਰ ਤੱਕ ਦਾ ਸਮਾਂ ਦਿੱਤਾ ਗਿਆ ਹੈ। ਇਸ ਤੋਂ ਬਾਅਦ, ਭਾਗੂ ਰੋਡ ਨੂੰ ਚੌੜਾ ਕਰਨ ਦੀ ਪ੍ਰਕਿਰਿਆ ਸ਼ੁਰੂ ਹੋਵੇਗੀ। ਚੌੜਾ ਕਰਨ ਦੌਰਾਨ, ਸੜਕ ਦੇ ਦੋਵੇਂ ਪਾਸੇ ਸਥਿਤ ਦੁਕਾਨਾਂ ਅਤੇ ਘਰਾਂ ਦੇ ਹਿੱਸੇ ਢਾਹੇ ਜਾਣਗੇ।

ਮੇਅਰ ਨੇ ਕਿਹਾ ਕਿ ਭਾਗੂ ਰੋਡ ਦੇ ਚੌੜਾ ਹੋਣ ਨਾਲ ਜਿੱਥੇ ਟ ?ਰੈਫਿਕ ਵਿਵਸਥਾ ਵਿੱਚ ਸੁਧਾਰ ਹੋਵੇਗਾ, ਉਥੇ ਹੀ ਵਪਾਰਕ ਗਤੀਵਿਧੀਆਂ ਨੂੰ ਵੀ ਹੁਲਾਰਾ ਮਿਲੇਗਾ। ਉਨ੍ਹਾਂ ਕਿਹਾ ਕਿ ਨਗਰ ਨਿਗਮ ਇਹ ਯਕੀਨੀ ਬਣਾਉਣ ਲਈ ਯਤਨਸ਼ੀਲ ਹੈ ਕਿ ਵਿਕਾਸ ਕਾਰਜ ਦੌਰਾਨ ਕਿਸੇ ਨੂੰ ਵੀ ਬੇਲੋੜੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ, ਇਸੇ ਕਰਕੇ ਦੁਕਾਨਦਾਰਾਂ ਨੂੰ ਸਮਾਂ ਦਿੱਤਾ ਗਿਆ ਹੈ।

# ਏ.ਸੀ.ਪੀ. ਦੇ ਪੁੱਤ ਸਣੇ ਚਾਰ ਗ੍ਰਿਫ਼ਤਾਰ

**ਫਰੀਦਾਬਾਦ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਇੱਥੋਂ ਦੇ ਥਾਰ ਸਟੰਟ ਮੌਤ ਮਾਮਲੇ ਵਿੱਚ ਪੁਲੀਸ ਨੇ ਏ.ਸੀ.ਪੀ. ਦੇ ਪੁੱਤਰ ਸਮੇਤ ਚਾਰ ਨੌਜਵਾਨਾਂ ਨੂੰ ਹਿਰਾਸਤ ਵਿੱਚ ਲਿਆ ਹੈ। ਉਨ੍ਹਾਂ ਤੋਂ ਪੁੱਛ ਪੜਤਾਲ ਕੀਤੀ ਜਾ ਰਹੀ ਹੈ। ਐਤਵਾਰ ਦੇਰ ਰਾਤ ਫਰੀਦਾਬਾਦ ਵਿੱਚ ਸੈਕਟਰ 12 ਟਾਊਨ ਪਾਰਕ ਨੇੜੇ ਇੱਕ ਸਟੰਟ ਦੌਰਾਨ ਏ.ਸੀ.ਪੀ. ਸਰਾਏ ਰਾਜੇਸ਼ ਲੋਹਾਨ ਦੀ ਥਾਰ ਐੱਸ.ਯੂ.ਵੀ. ਨੇ ਇੱਕ ਪ੍ਰਾਪਰਟੀ ਡੀਲਰ ਨੂੰ ਕੁਚਲ ਦਿੱਤਾ ? ਸੀ। ਉਸ ਦੀ ਹਸਪਤਾਲ ਵਿੱਚ ਇਲਾਜ ਦੌਰਾਨ ਮੌਤ ਹੋ ਗਈ ਸੀ। ਪੁਲੀਸ ਨੇ ਦੱਸਿਆ ਕਿ ਸੈਂਟਰਲ ਥਾਣੇ ਵਿੱਚ ਇੱਕ ਅਣਪਛਾਤੇ ਕਾਰ ਚਾਲਕ ਵਿਰੁੱਧ ਕਤਲ ਦਾ ਮਾਮਲਾ ਦਰਜ ਕੀਤਾ ਗਿਆ ਸੀ। ਕਾਰ ਏ.ਸੀ.ਪੀ. ਸਰਾਏ ਰਾਜੇਸ਼ ਕੁਮਾਰ ਲੋਹਾਨ ਦੇ ਨਾਂ 'ਤੇ ਰਜਿਸਟਰਡ ਹੈ। ਸ਼ਿਕਾਇਤਕਰਤਾ ਵਿੱਕੀ ਨੇ ਦੱਸਿਆ ਕਿ ਉਸ ਦਾ ਵੱਡਾ ਭਰਾ ਮਨੋਜ ਕੁਮਾਰ ਐਤਵਾਰ ਨੂੰ ਆਪਣੇ ਦੋਸਤਾਂ ਅਨਿਲ ਰਾਣਾ, ਪ੍ਰਵੇਸ਼, ਰਾਹੁਲ, ਅਮਨ, ਸ਼ਿਵਮ ਅਤੇ ਨਵਦੀਪ ਨਾਲ ਵ੍ਰਿੰਦਾਵਨ ਗਿਆ ਸੀ। ਵਾਪਸ ਆਉਂਦੇ ਸਮੇਂ, ਉਹ ਬਾਈਪਾਸ ਰੋਡ 'ਤੇ ਸੈਕਟਰ ਨੌਂ ਵਿੱਚ ਪ੍ਰਵੇਸ਼ ਦੀ ਦੁਕਾਨ 'ਤੇ ਰੁਕੇ। ਉੱਥੋਂ, ਨਵਦੀਪ ਅਤੇ ਅਮਨ ਆਪਣੀਆਂ ਸਾਈਕਲਾਂ ਲੈ ਕੇ ਡਿਵਾਈਡਿੰਗ ਰੋਡ 'ਤੇ ਧਰਮਾ ਢਾਬੇ ਵੱਲ ਖਾਣਾ ਲੈਣ ਗਏ, ਇਸੇ ਦੌਰਾਨ ਦੁਰਘਟਨਾ ਵਾਪਰੀ।

# ਖੁਰਾਕ ਤੇ ਸਪਲਾਈ ਮੰਤਰੀ ਵੱਲੋਂ ਪੈਟਰੋਲ ਪੰਪ ਦਾ ਅਚਾਨਕ ਨਿਰੀਖਣ

**ਅੰਬਾਲਾ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**




ਖੁਰਾਕ ,ਸਪਲਾਈ ਤੇ ਉਪਭੋਗਤਾ ਮਾਮਲੇ ਵਿਭਾਗ ਦੇ ਮੰਤਰੀ ਰਾਜੇਸ਼ ਨਾਗਰ ਨੇ ਅੰਬਾਲਾ ਸ਼ਹਿਰ ਨੇੜੇ ਕਾਕਰੂ ਵਿਖੇ ਸਥਿਤ ਗੌਤਮ ਪੈਟਰੋਲ ਪੰਪ ਦਾ ਅਚਾਨਕ ਨਿਰੀਖਣ ਕੀਤਾ। ਇਸ ਦੌਰਾਨ ਮੰਤਰੀ ਨੇ ਪੰਪ 'ਤੇ ਲੱਗੀਆਂ ਨੋਜ਼ਲਾਂ ਰਾਹੀਂ ਪੈਟਰੋਲ ਦੀ ਮਾਤਰਾ ਅਤੇ ਪੈਮਾਨੇ ਦੀ ਜਾਂਚ ਕੀਤੀ। ਉਨ੍ਹਾਂ ਨੇ ਲਗਪਗ 14 ਨੋਜ਼ਲਾਂ ਰਾਹੀਂ ਪੈਟਰੋਲ ਦੀ ਮਾਪਤੋਲ ਕਰਵਾ ਕੇ ਸਾਰੀ ਕਾਰਵਾਈ ਦਾ ਖ਼ੁਦ ਜਾਇਜ਼ਾ ਲਿਆ।

ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸ੍ਰੀ ਨਾਗਰ ਨੇ ਦੱਸਿਆ ਕਿ ਜਾਂਚ ਦੌਰਾਨ ਪੈਟਰੋਲ ਪੰਪ ਦੀਆਂ ਸਾਰੀਆਂ ਵਿਵਸਥਾਵਾਂ ਠੀਕ ਮਿਲੀਆਂ ਹਨ। ਉਨ੍ਹਾਂ ਨੇ ਕਿਹਾ ਕਿ ਉਪਭੋਗਤਾਵਾਂ ਲਈ ਪੀਣ ਵਾਲੇ ਪਾਣੀ, ਬਾਥਰੂਮ ਅੱਗ ਬੁਝਾਉਣ ਵਾਲੇ ਯੰਤਰਾਂ ਸਮੇਤ ਹੋਰ ਸਹੂਲਤਾਂ ਦੀ ਵੀ ਜਾਂਚ ਕੀਤੀ ਗਈ।

ਉਨ੍ਹਾਂ ਕਿਹਾ ਕਿ ਪੈਟਰੋਲ ਪੰਪਾਂ 'ਤੇ ਹਮੇਸ਼ਾਂ ਹਦਾਇਤਾਂ ਦੀ ਪਾਲਣਾ ਹੋਣੀ ਚਾਹੀਦੀ ਹੈ। ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਇਸ ਤਰ੍ਹਾਂ ਦੇ ਨਿਰੀਖਣ ਭਵਿੱਖ ਵਿੱਚ ਵੀ ਜਾਰੀ ਰਹਿਣਗੇ। ਇਸ ਮੌਕੇ 'ਤੇ ਮਾਪਤੋਲ ਵਿਭਾਗ ਦੇ ਇੰਸਪੈਕਟਰ ਦਲੀਪ ਕੁਮਾਰ ਸਮੇਤ ਸੰਬੰਧਤ ਅਧਿਕਾਰੀ ਵੀ ਹਾਜਰ ਸਨ।

# ਅਨਾਜ ਮੰਡੀ 'ਚ ਖਰੀਦ ਪ੍ਰਬੰਧਾਂ ਦਾ ਜਾਇਜ਼ਾ



**ਨਰਾਇਣਗੜ੍ਹ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨਾਰਾਇਣਗੜ੍ਹ ਅਨਾਜ ਮੰਡੀ ਵਿੱਚ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਹੋਣ ਮਗਰੋਂ ਸਾਬਕਾ ਵਿਧਾਇਕ ਡਾ. ਪਵਨ ਸੈਣੀ ਨੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ।

ਇਸ ਮੌਕੇ ਭਾਜਪਾ ਜ਼ਿਲ੍ਹਾ ਉਪ ਪ੍ਰਧਾਨ ਸੰਦੀਪ ਸੈਣੀ ਅੰਬਲੀ, ਮਾਰਕੀਟ ਕਮੇਟੀ ਦੇ ਸਕੱਤਰ ਅਖਿਲੇਸ਼ ਸ਼ਰਮਾ, ਖਰੀਦ ਏਜੰਸੀ ਹੈਫੇਡ ਦੇ ਅਧਿਕਾਰੀ ਅਤੇ ਕਮਿਸ਼ਨ ਏਜੰਟ ਮਦਨ ਚਾਨਣਾ, ਓਮ ਪ੍ਰਕਾਸ਼ ਚਾਨਣਾ ਅਤੇ ਹੋਰ ਕਮਿਸ਼ਨ ਏਜੰਟ ਮੌਜੂਦ ਸਨ।

ਪਵਨ ਸੈਣੀ ਨੇ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਕਿਸਾਨਾਂ ਦੇ ਹਿੱਤ ਸਭ ਤੋਂ ਉੱਪਰ ਹਨ। ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਨੇ ਪਹਿਲੇ ਨਰਾਤੇ 'ਤੇ ਝੋਨੇ ਦੀ ਖਰੀਦ ਸ਼ੁਰੂ ਕਰ ਕੇ ਕਿਸਾਨਾਂ ਨੂੰ ਇੱਕ ਤੋਹਫ਼ਾ ਦਿੱਤਾ ਹੈ, ਜਦੋਂ ਕਿ ਝੋਨੇ ਦਾ ਖਰੀਦ ਸੀਜ਼ਨ ਆਮ ਤੌਰ 'ਤੇ ਪਹਿਲੀ ਅਕਤੂਬਰ ਤੋਂ ਸ਼ੁਰੂ ਹੁੰਦਾ ਹੈ। ਉਨ੍ਹਾਂ ਕਿਹਾ ਕਿ ਇਹ ਫ਼ੈਸਲਾ ਕਿਸਾਨਾਂ ਪ੍ਰਤੀ ਸਰਕਾਰ ਦੀ ਸੰਵੇਦਨਸ਼ੀਲਤਾ ਨੂੰ ਦਰਸਾਉਂਦਾ ਹੈ।

ਉਨ੍ਹਾਂ ਖਰੀਦ ਏਜੰਸੀ ਦੇ ਅਧਿਕਾਰੀਆਂ ਨੂੰ ਪਾਰਦਰਸ਼ਤਾ ਅਤੇ ਵਰਤੋਂ ਵਿੱਚ ਸੌਖ ਯਕੀਨੀ ਬਣਾਉਣ ਅਤੇ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਕਿਸਾਨਾਂ ਨੂੰ ਕੋਈ ਮੁਸ਼ਕਲ ਨਾ ਆਵੇ। ਉਨ੍ਹਾਂ ਕਿਹਾ ਕਿ ਸਰਕਾਰ ਨੇ ਮੰਡੀਆਂ ਵਿੱਚ ਬਿਜਲੀ, ਪਾਣੀ ਅਤੇ ਸਫਾਈ ਦੇ ਢੁਕਵੇਂ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਸਬੰਧਤ ਅਧਿਕਾਰੀਆਂ ਨੂੰ ਪਹਿਲਾਂ ਹੀ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਕਰ ਦਿੱਤੇ ਹਨ। ਮਾਰਕੀਟ ਕਮੇਟੀ ਦੇ ਸਕੱਤਰ ਅਖਿਲੇਸ਼ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਾਰਾਇਣਗੜ੍ਹ ਅਨਾਜ ਮੰਡੀ ਅਤੇ ਖਰੀਦ ਕੇਂਦਰਾਂ ਭਰੇੜੀ ਅਤੇ ਬਰਖੇੜੀ ਵਿੱਚ ਝੋਨੇ ਦੀ ਆਮਦ ਸ਼ੁਰੂ ਹੋਣ ਤੋਂ ਪਹਿਲਾਂ ਹੀ ਬਿਜਲੀ, ਪਾਣੀ ਆਦਿ ਦੇ ਪ੍ਰਬੰਧ ਕੀਤੇ ਗਏ ਹਨ।

# ਝੀਂਡਾ ਨੂੰ ਸਾਜ਼ਿਸ਼ ਤਹਿਤ ਕੀਤਾ ਜਾ ਰਿਹੈ ਬਦਨਾਮ: ਇੰਦਰਜੀਤ ਸਿੰਘ



**ਸ਼ਾਹਬਾਦ ਮਾਰਕੰਡਾ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਮੈਂਬਰ ਇੰਦਰਜੀਤ ਸਿੰਘ ਨੇ ਕਿਹਾ ਹੈ ਕਿ ਖੁਦ ਨੂੰ ਪੰਥ ਪ੍ਰਚਾਰਕ ਕਹਿਣ ਵਾਲੇ ਬਲਜੀਤ ਸਿੰਘ ਦਾਦੂਵਾਲ ਹਰਿਆਣਾ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ 'ਤੇ ਬੇਬੁਨਿਆਦ ਇਲਜ਼ਾਮ ਲਗਾ ਰਹੇ ਹਨ ।ਸੰਸਥਾ ਦੇ ਮੁੱਖ ਦਫਤਰ ਵਿਚ ਮੀਡੀਆ ਨਾਲ ਗੱਲਬਾਤ ਕਰਦਿਆਂ ਮੈਂਬਰ ਇੰਦਰਜੀਤ ਸਿੰਘ ਨੇ ਕਿਹਾ ਕਿ ਐਡਹਾਕ ਕਮੇਟੀ ਵੇਲੇ ਕੁੱਲ 345 ਕਰਮਚਾਰੀਆਂ ਦੀ ਭਰਤੀ ਹੋਈ ਸੀ। ਜਿਨ੍ਹਾਂ 'ਚ 133 ਪੰਜਾਬ ਦੇ ਵਾਸੀਆਂ ਦੀ ਨਿਯੁਕਤੀ ਕੀਤੀ ਗਈ ਸੀ ਤੇ 71 ਕਰਮਚਾਰੀਆਂ ਦੀ ਨਿਯੁਕਤੀ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਆਪਣੀ ਸਿਫਾਰਸ਼ 'ਤੇ ਕਰਵਾਈ ਸੀ। ਉਨ੍ਹਾਂ ਦੱਸਿਆ ਕਿ ਜਥੇਦਾਰ ਜਗਦੀਸ਼ ਸਿੰਘ ਝੀਂਡਾ ਦੇ ਪ੍ਰਧਾਨ ਬਣਨ ਤੋਂ ਬਾਅਦ ਹਰਿਆਣਾ ਕਮੇਟੀ ਦੇ ਮੁੱਖ ਦਫਤਰ ਵੱਲੋਂ 20 ਕਰੋੜ ਰੁਪਏ ਦੀ ਐੱਫ ਡੀ ਕਰਵਾਈ ਗਈ ਹੈ ਜਦੋਂ ਕਿ ਜਥੇਦਾਰ ਭੁਪਿੰਦਰ ਸਿੰਘ ਅਸੰਧ ਅਤੇ ਬਲਜੀਤ ਸਿੰਘ ਦਾਦੂਵਾਲ ਦੀ ਕਮੇਟੀ ਵੇਲੇ ਇਹ ਅੰਕੜਾ ਸਿਫਰ ਰਿਹਾ। ਇੰਦਰਜੀਤ ਸਿੰਘ ਨੇ ਕਿਹਾ ਕਿ ਜਥੇਦਾਰ ਝੀਡਾਂ ਨੇ ਬਤੌਰ ਪ੍ਰਧਾਨ ਕਮੇਟੀ ਦੀ ਕਮਾਨ ਸੰਭਾਲਣ ਤੋਂ ਬਾਅਦ ਕੋਈ ਵੀ ਨਵੀਂ ਭਰਤੀ ਨਹੀਂ ਕੀਤੀ।

ਉਹ ਬੇਦਾਗ ਅਤੇ ਸਾਫ ਸੁਥਰੀ ਛਵੀ ਦੇ ਵਿਅਕਤੀ ਹਨ। ਉਨ੍ਹਾਂ ਕਿਹਾ ਕਿ ਕਰੀਬ 30 ਸਾਲ ਤੱਕ ਸੰਘਰਸ਼ ਕਰ ਕੇ ਹਰਿਆਣਾ ਕਮੇਟੀ ਦੀ ਆਵਾਜ਼ ਬੁਲੰਦ ਕਰਨ ਅਤੇ ਕਿਸੇ ਵੀ ਨੇਤਾ ਦੇ ਦਬਾਅ ਵਿਚ ਨਾ ਆਉਣ ਵਾਲੇ ਝੀਂਡਾ ਨੂੰ ਬਦਨਾਮ ਕਰਨ ਦੇ ਲਈ ਸੋਚੀ ਸਮਝੀ ਸਾਜ਼ਿਸ਼ ਰਚੀ ਜਾ ਰਹੀ ਹੈ।

# ਸੜਕਾਂ ਦੀ ਮੁਰੰਮਤ 'ਤੇ ਖਰਚੇ ਜਾਣਗੇ 20 ਕਰੋੜ ਰੁਪਏ: ਰਾਮ ਕੁਮਾਰ




**ਜੀਂਦ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਫ਼ੀਦੋਂ ਦੇ ਵਿਧਾਇਕ ਰਾਮ ਕੁਮਾਰ ਗੌਤਮ ਨੇ ਪਿੰਡ ਸਰਨਾਖੇੜੀ ਵਿੱਚ ਸਫ਼ੀਦੋਂ ਵਿਧਾਨਸਭਾ ਹਲਕੇ ਦੀ 20 ਕਰੋੜ, 48 ਲੱਖ, 54 ਹਜ਼ਾਰ ਰੁਪਏ ਦੀ ਲਾਗਤ ਨਾਲ ਬਣਨ ਵਾਲੀਆਂ 37 ਕਿਲੋਮੀਟਰ ਲੰਮੀਆਂ ਅੱਠ ਵੱਖ-ਵੱਖ ਸੜਕਾਂ ਦੀ ਮੁਰੰਮਤ ਦੇ ਕੰਮ ਦੀ ਸ਼ੁਰੂਆਤ ਕੀਤੀ।

ਇਸ ਮੌਕੇ ਵਿਧਾਇਕ ਦਾ ਪਿੰਡ ਵਾਸੀਆਂ ਵੱਲੋਂ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਵਿਧਾਇਕ ਰਾਮ ਕੁਮਾਰ ਗੌਤਮ ਨੇ ਕਿਹਾ ਕਿ ਇਨ੍ਹਾਂ ਸੜ੍ਹਕਾਂ ਦੇ ਬਣਨ ਨਾਲ ਜਿੱਥੇ ਲੋਕਾਂ ਨੂੰ ਆਵਾਜਾਈ ਕਰਨ ਵਿੱਚ ਸੁਵਿਧਾ ਮਿਲੇਗੀ, ਉੱਥੇ ਯਾਤਰਾ ਕਰਨ ਵਿੱਚ ਸਮਾਂ ਵੀ ਘੱਟ ਲੱਗੇਗਾ ਅਤੇ ਸਫ਼ੀਦੋਂ ਵਿਧਾਨਸਭਾ ਇਲਾਕੇ ਦੀ ਤਰੱਕੀ ਵੀ ਹੋਵੇਗੀ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਸੜਕਾਂ ਨੂੰ ਅਪਣੀ ਸੰਪਤੀ ਸਮਝਕੇ ਇਨ੍ਹਾਂ ਦੀ ਸੁਰੱਖਿਆ ਵਿੱਚ ਸਰਕਾਰ ਦਾ ਸਹਿਯੋਗ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਫ਼ੀਦੋਂ ਵਿਧਾਨਸਭਾ ਹਲਕੇ ਦੇ ਲੋਕਾਂ ਨੇ ਜੋ ਭਰੋਸਾ ਉਨ੍ਹਾਂ ਉੱਤੇ ਜਤਾਇਆ ਹੈ, ਉਸ ਉੱਤੇ ਉਹ ਖਰਾ ਉਤਰਣਗੇ। ਬਾਅਦ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਉਨ੍ਹਾਂ ਕਿਹਾ ਕਿ ਕਿ ਸਾਢੇ 3 ਕਰੋੜ ਰੁਪਏ ਦੀ ਰਾਸ਼ੀ ਨਾਲ ਸਫ਼ੀਦੋਂ ਰੋਡ ਤੋਂ ਡਿਡਵਾੜਾ ਤੱਕ, ਖਰਕ ਗਾਦੀਆਂ ਤੋਂ ਤੇਲੀਖੇੜਾ ਤੱਕ, 3 ਕਰੋੜ, 80 ਲੱਖ ਰੁਪਏ ਦੀ ਲਾਗਤ ਨਾਲ ਨਿਮਨਾਬਾਦ ਤੋਂ ਖਾਤਲਾ, ਬਾਗੜੂ ਤੋਂ ਰਾਜਾ ਵਾਲੀ ਸੜਕ, ਹਰੀਗੜ੍ਹ ਤੋਂ ਰਾਮਨਗਰ 10 ਕਰੋੜ 90 ਲੱਖ ਰੁਪਏ ਦੀ ਲਾਗਤ ਤੋਂ ਪਾਣੀਪਤ-ਸਫ਼ੀਦੋਂ ਰੋਡ ਤੋਂ ਭੁਸਲਾਨਾ, ਹਾਟ ਤੋਂ ਭੰਵੇਵਾ ਤੱਕ ਦੀ ਸੜਕਾਂ ਦੀ ਵਿਸ਼ੇਸ਼ ਮੁਰੰਮਤ ਕੀਤੀ ਜਾਵੇਗਾ। ਇਨ੍ਹਾਂ ਸੜਕਾਂ ਦੇ ਮੁਰੰਮਤ ਦੇ ਕੰਮ ਦਾ ਨੀਂਹ-ਪੱਥਰ ਰੱਖਦੇ ਹੋਏ ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ 10 ਕਰੋੜ 7 ਲੱਖ ਰੁਪਏ ਦੀ ਰਾਸ਼ੀ ਤੋਂ ਸਫੀਦੋ ਨਰਸਿੰਗ ਕਾਲਜ ਦੀ ਨਵੀਂ ਬਿਲਡਿੰਗ ਦੀ ਉਸਾਰੀ ਕੀਤੀ ਜਾਵੇਗਾ। ਜਾਮਨੀ ਪਿੰਡ ਵਿੱਚ ਲੜਕੀਆਂ ਦੇ ਕਾਲਜ ਲਈ ਨਵੇਂ ਭਵਨ ਦਾ ਨਿਰਮਾਣ ਵੀ ਕੀਤਾ ਜਾਵੇਗਾ। ਇਸ ਤੋਂ ਇਲਾਵਾ ਹੋਰ ਵੀ ਨਿਰਮਾਣ ਕਾਰਜ ਕੀਤੇ ਜਾਣਗੇ ਉਨ੍ਹਾਂ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਨਹੀ ਆਉਣ ਦਿੱਤੀ ਜਾਵੇਗੀ।

# ਕੂੜੇ ਦੇ ਢੇਰ ਕਾਰਨ ਲੋਕ ਪ੍ਰੇਸ਼ਾਨ

**ਰਤੀਆ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਇੱਥੋਂ ਦੇ ਅਗਰਸੈਨ ਚੌਕ ਦੇ ਵਸਨੀਕ ਸਫਾਈ ਦੀ ਘਾਟ ਅਤੇ ਕਈ ਦਿਨਾਂ ਤੋਂ ਲੱਗੇ ਹੋਏ ਕੂੜੇ ਦੇ ਢੇਰਾਂ 'ਤੇ ਗੁੱਸਾ ਜ਼ਾਹਰ ਕਰ ਰਹੇ ਹਨ। ਇਸ ਸਬੰਧੀ ਲੋਕਾਂ ਨੇ ਮੰਤਰੀ ਵਿਪੁਲ ਗੋਇਲ ਤੋਂ ਢੁਕਵੀਂ ਕਾਰਵਾਈ ਕਰਨ ਦੀ ਮੰਗ ਕੀਤੀ ਹੈ।

ਅਗਰਸੈਨ ਸਮਾਜ ਦੇ ਜ਼ਿਲ੍ਹਾ ਪ੍ਰਧਾਨ ਮੋਹਿਤ ਗਰਗ ਅਤੇ ਰਤੀਆ ਦੇ ਨਗਰ ਨਿਗਮ ਦੇ ਮੁਖੀ ਲਵਕੇਸ਼ ਮਿੱਤਲ ਨੇ ਨਗਰ ਨਿਗਮ ਮੰਤਰੀ ਵਿਪੁਲ ਗੋਇਲ ਨੂੰ ਸ਼ਿਕਾਇਤ ਭੇਜੀ ਹੈ, ਜਿਸ ਵਿੱਚ ਕਿਹਾ ਗਿਆ ਹੈ ਕਿ ਰਤੀਆ ਦੇ ਮੰਡੀ ਰੋਡ 'ਤੇ ਸਥਿਤ ਅਗਰਸੈਨ ਚੌਕ ਨੇੜੇ ਕਈ ਦਿਨਾਂ ਕੂੜੇ ਦੇ ਢੇਰ ਲੱਗੇ ਹੋਏ ਹਨ। ਨਗਰ ਨਿਗਮ ਵੱਲੋਂ ਇਸ ਕੂੜੇ ਨੂੰ ਇੱਥੋਂ ਨਹੀਂ ਚੁੱਕਿਆ ਜਾ ਰਿਹਾ।

ਜਦੋਂ ਲੋਕ ਅੱਜ ਅਗਰਸੇਨ ਜੈਅੰਤੀ ਮੌਕੇ ਅਗਰਸੈਨ ਚੌਕ ਪਹੁੰਚੇ ਤਾਂ ਉਨ੍ਹਾਂ ਨੇ ਇਸ ਦੇ ਆਲੇ-ਦੁਆਲੇ ਕੂੜੇ ਦੇ ਢੇਰ ਦੇਖੇ। ਹਾਲਾਂਕਿ, ਉਹ ਨਗਰ ਨਿਗਮ ਵੱਲੋਂ ਕਈ ਦਿਨਾਂ ਤੋਂ ਕੂੜਾ ਇਕੱਠਾ ਨਾ ਕਰਨ 'ਤੇ ਨਾਰਾਜ਼ ਸਨ। ਲੋਕਾਂ ਨੇ ਮੰਤਰੀ ਤੋਂ ਚੌਕ ਦੇ ਆਲੇ-ਦੁਆਲੇ ਸਹੀ ਸਫਾਈ ਬਹਾਲ ਕਰਨ ਦੀ ਮੰਗ ਕੀਤੀ ਹੈ।

ਜਦੋਂ ਇਸ ਬਾਰੇ ਨਗਰ ਨਿਗਮ ਦੇ ਸੈਨੀਟੇਸ਼ਨ ਇੰਸਪੈਕਟਰ ਨਾਲ ਸੰਪਰਕ ਕੀਤਾ ਗਿਆ, ਤਾਂ ਉਨ੍ਹਾਂ ਦੱਸਿਆ ਕਿ ਗੱਡੀ ਖਰਾਬ ਹੋ ਗਈ ਸੀ, ਜਿਸ ਕਾਰਨ ਕੁਝ ਕੂੜਾ ਇੱਥੇ ਪਿਆ ਰਹਿ ਗਿਆ ਸੀ। ਛੁੱਟੀ ਹੋਣ ਕਾਰਨ ਅੱਜ ਕੂੜਾ ਇਕੱਠਾ ਕਰਨ ਦਾ ਕੰਮ ਉਪਲਬਧ ਨਹੀਂ ਸੀ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਕੂੜਾ ਇਕੱਠਾ ਕਰਨ ਦਾ ਕੰਮ ਜਲਦੀ ਹੀ ਪੂਰਾ ਹੋ ਜਾਵੇਗਾ।

# 'ਔਰਤ ਨੇ ਝੂਠੀ ਸ਼ਿਕਾਇਤ ਦਰਜ ਕਰਵਾ ਕੇ ਸਮਝੌਤੇ ਲਈ 42 ਹਜ਼ਾਰ ਰੁਪਏ ਮੰਗੇ'

**ਰਤੀਆ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੁਲੀਸ ਸੁਪਰਡੈਂਟ ਸਿਧਾਂਤ ਜੈਨ ਦੀ ਅਗਵਾਈ ਹੇਠ ਕਈ ਅਪਰਾਧਾਂ ਦੇ ਮਾਮਲੇ ਵਿੱਚ, ਖਾਸ ਕਰ ਕੇ ਧੋਖਾਧੜੀ ਅਤੇ ਝੂਠੀਆਂ ਸ਼ਿਕਾਇਤਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਇਸ ਸਬੰਧ ਵਿੱਚ ਰਤੀਆ ਸਿਟੀ ਪੁਲੀਸ ਸਟੇਸ਼ਨ ਨੇ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ।

ਰਤੀਆ ਸਿਟੀ ਪੁਲੀਸ ਸਟੇਸ਼ਨ ਦੇ ਇੰਚਾਰਜ ਸਬ-ਇੰਸਪੈਕਟਰ ਰਣਜੀਤ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਪਗਵਿੰਦਰ ਸਿੰਘ ਵਾਸੀ ਪਿੰਡ ਬ੍ਰਾਹਮਣਵਾਲਾ ਪਲਾਟ ਨੇ ਦੋਸ਼ ਲਗਾਇਆ ਕਿ ਪਰਵਿੰਦਰ ਕੌਰ ਉਰਫ ਪੂਜਾ ਪਿੰਡ ਮੀਰਾਣਾ ਅਤੇ ਹਰੀ ਸਿੰਘ ਨੇ ਉਸ ਨਾਲ ਧੋਖਾ ਕੀਤਾ ਹੈ। ਸ਼ਿਕਾਇਤ ਅਨੁਸਾਰ 17 ਸਤੰਬਰ ਨੂੰ ਮੁਲਜ਼ਮ ਔਰਤ ਨੇ ਉਸ ਵਿਰੁੱਧ ਛੇੜਛਾੜ ਦੀ ਝੂਠੀ ਸ਼ਿਕਾਇਤ ਦਰਜ ਕਰਵਾਈ ਸੀ। ਇਸ ਤੋਂ ਬਾਅਦ 20 ਸਤੰਬਰ ਨੂੰ ਇੱਕ ਪੰਚਾਇਤ ਮੀਟਿੰਗ ਦੌਰਾਨ, ਉਸ 'ਤੇ ਸਮਝੌਤੇ ਦੇ ਨਾਂ 'ਤੇ 42 ਹਜ਼ਾਰ ਰੁਪਏ ਦੇਣ ਲਈ ਦਬਾਅ ਪਾਇਆ ਗਿਆ। ਸ਼ਿਕਾਇਤਕਰਤਾ ਕੋਲ ਪੂਰੀ ਘਟਨਾ ਦੀ ਵੀਡੀਓ ਰਿਕਾਰਡਿੰਗ ਵੀ ਹੈ। ਸ਼ਿਕਾਇਤ ਦੇ ਆਧਾਰ 'ਤੇ ਰਤੀਆ ਸਿਟੀ ਪੁਲੀਸ ਸਟੇਸ਼ਨ ਨੇ ਐੱਫ ਆਈ ਆਰ ਦਰਜ ਕਰ ਕੇ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ। ਤੇਜ਼ੀ ਨਾਲ ਕਾਰਵਾਈ ਕਰਦੇ ਹੋਏ ਪੁਲੀਸ ਨੇ ਮੁਲਜ਼ਮ ਔਰਤ ਪਰਵਿੰਦਰ ਕੌਰ ਉਰਫ ਪੂਜਾ ਅਤੇ ਹਰੀ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ। ਇਸ ਮਾਮਲੇ ਵਿੱਚ ਹੋਰ ਖੁਲਾਸੇ ਕਰਨ ਲਈ ਪੁਲੀਸ ਅੱਗੇ ਦੀ ਕਾਰਵਾਈ ਕਰ ਰਹੀ ਹੈ।

ਪੁਲੀਸ ਅਧਿਕਾਰੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਹੋਰ ਵੀ ਮੁਲਜ਼ਮਾਂ ਦੀ ਸ਼ਮੂਲੀਅਤ ਹੋ ਸਕਦੀ ਹੈ। ਪੜਤਾਲ ਦੇ ਆਧਾਰ 'ਤੇ ਮਾਮਲੇ ਵਿੱਚ ਬਾਕੀ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਜਾਵੇਗਾ। ਇਸ ਤੋਂ ਪਹਿਲਾਂ ਵੀ ਰਤੀਆ ਪੁਲੀਸ ਨੇ ਧੋਖਾਧੜੀ ਦੇ ਕਈ ਮਾਮਲਿਆਂ ਵਿੱਚ ਕਾਰਵਾਈ ਕਰ ਕੇ ਖੁਲਾਸੇ ਕੀਤੇ ਹਨ। ਉਕਤ ਮਾਲਮੇ ਵਿੱਚ ਮੁਲਜ਼ਮ ਔਰਤ ਨੂੰ ਗ੍ਰਿਫ਼ਤਾਰ ਕਰ ਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

# ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ

**ਸ਼ਾਹਬਾਦ ਮਾਰਕੰਡਾ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਨਾਰਕੋਟਿਕਸ ਕੰਟਰੋਲ ਬਿਊਰੋ ਦਾ ਸੰਕਲਪ ਨਸ਼ੇ ਦੇ ਵਿਰੁੱਧ ਯੁੱਧ ਇਕ ਅੰਦੋਲਨ ਦਾ ਰੂਪ ਲੈ ਚੁੱਕਾ ਹੈ, ਜੋ ਸੂਬੇ ਦੇ ਪਿੰਡ-ਪਿੰਡ ਤੇ ਸ਼ਹਿਰਾਂ ਵਿਚ ਜੰਗੀ ਪੱਧਰ 'ਤੇ ਕੰਮ ਕਰ ਰਿਹਾ ਹੈ। ਇਸ ਕੜੀ ਵਿਚ ਨਮਕ ਲੋਟਾ ਅਭਿਆਨ ਇਕ ਮਜ਼ਬੂਤ ਸਾਧਨ ਬਣ ਕੇ ਸਾਹਮਣੇ ਆਇਆ ਹੈ।

ਜਾਣਕਾਰੀ ਦਿੰਦੇ ਹੋਏ ਏਐਸ ਆਈ ਅਸ਼ੋਕ ਕੁਮਾਰ ਵਰਮਾ ਨੇ ਦੱਸਿਆ ਕਿ ਸ਼ਹਿਰ ਵਿੱਚ ਵੱਖ-ਵੱਖ ਪ੍ਰੋਗਰਾਮਾਂ ਤਹਿਤ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਏ ਐਸ ਆਈ ਅਸ਼ੋਕ ਵਰਮਾ ਜੋ ਸੂਬੇ ਵਿਚ ਨਸ਼ਿਆਂ ਦੇ ਖਿਲਾਫ ਸਾਈਕਲ ਰਾਹੀਂ ਜਾ ਕੇ ਨਸ਼ਿਆਂ ਖਿਲਾਫ ਪ੍ਰਚਾਰ ਕਰ ਰਹੇ ਹਨ।

ਉਨ੍ਹਾਂ ਨੇ ਅੱਜ ਵਿਸ਼ੇਸ਼ ਤੌਰ 'ਤੇ ਹਾਟ ਸਪਾਟ ਗਾਂਧੀ ਨਗਰ ਕੁਰੂਕਸ਼ੇਤਰ ਵਿਚ ਦੋ ਥਾਵਾਂ 'ਤੇ ਸਥਾਨਕ ਲੋਕਾਂ ਨੂੰ ਇੱਕਠਾ ਕਰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਇਆ।

ਕੌਮੀ ਪੱਤ੍ਰਿਕਾ

# ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਵੱਲੋਂ ਸ਼੍ਰੀ ਕਾਲੀ ਮਾਤਾ ਮੰਦਿਰ ਵਿਖੇ ਸ਼੍ਰੀ ਹਨੂੰਮਾਨ ਚਾਲੀਸਾ ਦਾ ਪਾਠ ਆਯੋਜਨ

**ਪਟਿਆਲਾ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰ ਮੰਗਲਵਾਰ ਦੀ ਤਰ੍ਹਾਂ, ਸ਼ਿਵ ਸੈਨਾ ਹਿੰਦੁਸਤਾਨ ਦੇ ਧਾਰਮਿਕ ਵਿੰਗ, ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਵੱਲੋਂ, ਇਸ ਮੰਗਲਵਾਰ ਨੂੰ ਵੀ ਉੱਤਰੀ ਭਾਰਤ ਦੇ ਪ੍ਰਸਿੱਧ ਤੀਰਥ ਸਥਾਨ, ਸ਼੍ਰੀ ਕਾਲੀ ਮਾਤਾ ਮੰਦਿਰ, ਪਟਿਆਲਾ, ਪੰਜਾਬ ਵਿਖੇ ਸਨਾਤਨ ਹਿੰਦੂ ਧਰਮ ਦੇ ਪ੍ਰਚਾਰ ਲਈ ਸ਼੍ਰੀ ਹਨੂੰਮਾਨ ਚਾਲੀਸਾ ਦਾ ਪਾਠ ਕੀਤਾ ਗਿਆ। ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੇ ਵਿਆਸ ਪੀਠ ਤੋਂ ਸ਼੍ਰੀ ਕਾਲੀ ਮਾਤਾ ਮੰਦਿਰ ਵਿੱਚ, ਧਾਰਮਿਕ ਪ੍ਰਚਾਰਕ ਮਹੰਤ ਰਾਕੇਸ਼ ਜੀ ਅਤੇ ਉਨ੍ਹਾਂ ਦੇ ਨਾਲ ਭਜਨ ਗਾਇਕਾ ਗੰਜੀਆ ਜੀ, ਭੈਣ ਬੀਨਾ ਬਾਂਸਲ, ਸ਼੍ਰੀ ਭਾਰਤ ਭੂਸ਼ਣ ਸ਼ਰਮਾ ਜੀ ਅਤੇ ਮੋਨੂ ਮਿਸ਼ਰਾ ਨੇ ਖਾਸ ਕਰਕੇ ਸਨਾਤਨ ਹਿੰਦੂ ਗ੍ਰੰਥਾਂ ਤੋਂ ਧਰਮ ਦਾ ਪ੍ਰਚਾਰ ਕਰਦੇ ਹੋਏ ਕਿਹਾ ਕਿ ਜੀਵਨ ਦਾ ਸਫ਼ਰ ਵੀ ਅਜੀਬ ਹੈ, ਅਸੀਂ ਸਾਰੇ ਇਸ ਸੰਸਾਰ ਵਿੱਚ ਕੁਝ ਵੀ ਨਹੀਂ ਲੈ ਕੇ ਆਉਂਦੇ ਹਾਂ ਅਤੇ ਉਸ ਤੋਂ ਬਾਅਦ ਅਸੀਂ ਹਰ ਚੀਜ਼ ਲਈ ਸਾਰਿਆਂ ਨਾਲ ਲੜਦੇ ਹਾਂ, ਅਸੀਂ ਹਰ ਚੀਜ਼ ਤੋਂ ਖੋਹ ਕੇ ਸਭ ਕੁਝ ਇਕੱਠਾ ਕਰਦੇ ਹਾਂ, ਕਿਸੇ ਦੇ ਭਲਾਈ ਜਾਂ ਨੁਕਸਾਨ ਬਾਰੇ ਸੋਚੇ ਬਿਨਾਂ, ਅਸੀਂ ਸਭ ਕੁਝ ਇਕੱਠਾ ਕਰਦੇ ਹਾਂ ਪਰ ਅੰਤ ਵਿੱਚ ਅਸੀਂ ਸਭ ਕੁਝ ਛੱਡ ਕੇ ਚਲੇ ਜਾਂਦੇ ਹਾਂ, ਇਸ ਲਈ ਜਦੋਂ ਸਭ ਕੁਝ ਛੱਡਣਾ ਹੀ ਪੈਂਦਾ ਹੈ, ਤਾਂ ਕਿਸੇ ਤੋਂ ਖੋਹ ਕੇ, ਖੋਹ ਕੇ ਅਤੇ ਧੋਖਾ ਦੇ ਕੇ ਉਹ ਚੀਜ਼ ਪ੍ਰਾਪਤ ਕਰਨ ਦਾ ਕੀ ਫਾਇਦਾ ਹੈ, ਜੇਕਰ ਅਸੀਂ ਖੋਹਿਆ ਹੈ, ਜੇਕਰ ਇਕੱਠਾ ਕਰਨਾ ਹੈ, ਜੇਕਰ ਸਾਨੂੰ ਲੁੱਟਣਾ ਹੈ, ਤਾਂ ਪਰਮਾਤਮਾ ਦਾ ਨਾਮ ਜਪੋ, ਭਜਨ ਕਰੋ ਅਤੇ ਚੰਗੇ ਕਰਮ ਇਕੱਠੇ ਕਰੋ ਤਾਂ ਜੋ ਸਾਡਾ ਇਹ ਜਨਮ ਸਫਲ ਹੋ ਜਾਵੇ ਅਤੇ ਸਾਨੂੰ ਭਵਿੱਖ ਵਿੱਚ ਵੀ ਜਨਮ-ਮਰਨ ਦੇ ਬੰਧਨ ਤੋਂ ਮੁਕਤੀ ਮਿਲੇ, ਯਾਤਰਾ ਸ਼ੁਰੂ ਕਰਨ ਵਾਲੇ ਵੀ ਮੰਜ਼ਿਲ 'ਤੇ ਪਹੁੰਚਦੇ ਹਨ, ਇੱਕ ਵਾਰ ਤੁਰਨ ਦੀ ਹਿੰਮਤ ਹੋਣੀ ਜ਼ਰੂਰੀ ਹੈ ਕਿਉਂਕਿ ਰਸਤੇ ਵੀ ਚੰਗੇ ਲੋਕਾਂ ਦੀ ਉਡੀਕ ਕਰੋ, ਇਸ ਲਈ ਆਪਣੇ ਆਪ ਨੂੰ ਅਜਿਹਾ ਬਣਾਓ ਕਿ ਹਰ ਰਸਤਾ ਪਰ ਰਸਤਾ ਤੁਹਾਡਾ ਇੰਤਜ਼ਾਰ ਕਰਦਾ ਹੈ।



ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੇ ਸੰਸਥਾਪਕ ਸ਼੍ਰੀ ਪਵਨ ਕੁਮਾਰ ਗੁਪਤਾ ਨੇ ਸਮਝਾਇਆ ਕਿ ਨਵਰਾਤਰੀ ਦੌਰਾਨ, ਦੇਵੀ ਜਗਦੰਬਾ ਦੇ ਨੌਂ ਰੂਪਾਂ ਦੀ ਪੂਜਾ ਕੀਤੀ ਜਾਂਦੀ ਹੈ, ਜੋ ਘਰ ਵਿੱਚ ਖੁਸ਼ੀ, ਖੁਸ਼ਹਾਲੀ, ਪ੍ਰਸਿੱਧੀ ਅਤੇ ਮਹਿਮਾ ਲਿਆਉਂਦੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਇਹ ਤਿਉਹਾਰ ਸਮਾਜਿਕ ਸਦਭਾਵਨਾ ਅਤੇ ਭਾਈਚਾਰੇ ਨੂੰ ਵੀ ਮਜ਼ਬੂਤ ਕਰਦਾ ਹੈ, ਭਾਵੇਂ ਇਹ ਗਰਬਾ ਰਾਤਾਂ ਰਾਹੀਂ ਹੋਵੇ ਜਾਂ ਦੁਰਗਾ ਪੂਜਾ ਪੰਡਾਲਾਂ ਰਾਹੀਂ। ਨਵਰਾਤਰੀ ਸਿਰਫ਼ ਇੱਕ ਧਾਰਮਿਕ ਰਸਮ ਨਹੀਂ ਹੈ, ਸਗੋਂ ਜੀਵਨ ਦਾ ਸੰਦੇਸ਼ ਹੈ। ਇਹ ਸਾਨੂੰ ਸ਼ਕਤੀ ਦਾ ਸਤਿਕਾਰ ਕਰਨਾ, ਚੰਗਿਆਈ ਦਾ ਸਮਰਥਨ ਕਰਨਾ ਅਤੇ ਬੁਰਾਈ ਨੂੰ ਖਤਮ ਕਰਨਾ ਸਿਖਾਉਂਦਾ ਹੈ। ਇਹ ਤਿਉਹਾਰ ਸਿਹਤ, ਵਿਸ਼ਵਾਸ ਅਤੇ ਸਮਾਜਿਕ ਏਕਤਾ ਦਾ ਇੱਕ ਸ਼ਾਨਦਾਰ ਮਿਸ਼ਰਣ ਹੈ।

## ਡਿਪਟੀ ਕਮਿਸ਼ਨਰ ਵੱਲੋਂ ਪਰਾਲੀ ਸਾੜਨ ਤੋਂ ਰੋਕਣ ਲਈ ਅਧਿਕਾਰੀਆਂ ਨੂੰ ਕਿਸਾਨਾਂ ਤੱਕ ਸਿੱਧੀ ਪਹੁੰਚ ਬਣਾਉਣ ਦੀ ਹਦਾਇਤ

# ਕਿਸਾਨ ਪਰਾਲੀ ਸੰਭਾਲਣ ਲਈ ਮਸ਼ੀਨਰੀ ਲੈਣ ਵਾਸਤੇ ਕੰਟਰੋਲ ਰੂਮ 0175-2350550 'ਤੇ ਸੰਪਰਕ ਕਰਨ : ਡਾ. ਪ੍ਰੀਤੀ ਯਾਦਵ

**ਪਟਿਆਲਾ, 24 ਸਤੰਬਰ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਜ਼ਿਲ੍ਹੇ 'ਚ ਪਰਾਲੀ ਨੂੰ ਸਾੜਨ ਤੋਂ ਰੋਕਣ ਲਈ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਏ.ਡੀ.ਸੀ. ਸਿਮਰਪ੍ਰੀਤ ਕੌਰ, ਐਸ.ਪੀਜ, ਐਸ.ਡੀ.ਐਮ, ਸਮੂਹ ਡੀ.ਐਸ.ਪੀਜ, ਬੀਡੀਪੀਓਜ ਸਮੇਤ ਕਲੱਸਟਰ ਤੇ ਨੋਡਲ ਅਧਿਕਾਰੀਆਂ ਨਾਲ ਬੈਠਕ ਕਰਕੇ ਕਿਸਾਨਾਂ ਨਾਲ ਸਿੱਧਾ ਸੰਪਰਕ ਬਣਾਉਣ 'ਤੇ ਜ਼ੋਰ ਦਿੱਤਾ।

ਡਿਪਟੀ ਕਮਿਸ਼ਨਰ ਨੇ ਸਾਰੇ ਸਬੰਧਤ ਅਧਿਕਾਰੀਆਂ ਤੇ ਸਮੂਹ ਥਾਣਾ ਮੁਖੀਆਂ ਅਤੇ ਨੂੰ ਹਦਾਇਤ ਕੀਤੀ ਕਿ ਪਰਾਲੀ ਸਾੜਨ ਤੋਂ ਰੋਕਣ ਲਈ ਮਾਣਯੋਗ ਸੁਪਰੀਮ ਕੋਰਟ ਦੇ ਆਦੇਸ਼ਾਂ ਤੇ ਅਤੇ ਹਵਾ ਗੁਣਵੱਤਾ ਮੋਨੀਟਰਿੰਗ ਕਮਿਸ਼ਨ ਦੇ ਨਿਰਦੇਸ਼ਾਂ ਦੀ ਪਾਲਣਾ ਇੰਨ-ਬਿੰਨ ਤੇ ਸਖਤੀ ਨਾਲ ਕਰਨੀ ਯਕੀਨੀ ਬਣਾਈ ਜਾਵੇ।

ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਪਿੰਡਾਂ 'ਚ ਤਾਇਨਾਤ ਪਿੰਡ ਪੱਧਰ ਤੇ ਕਲਸਟਰ ਪੱਧਰ ਦੇ ਨੋਡਲ ਅਫ਼ਸਰਾਂ ਦੀ ਜੇਕਰ ਕੋਈ ਅਣਗਹਿਲੀ ਸਾਹਮਣੇ ਆਈ ਤਾਂ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨੇ ਇਹ ਵੀ ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚ ਕੋਈ ਵੀ ਕੰਬਾਇਨ ਬਿਨ੍ਹਾਂ ਸੁਪਰ ਐਸ.ਐਮ.ਐਸ. ਚਲਾਏ ਝੋਨੇ ਦੀ ਕਟਾਈ ਨਾ ਕਰੇ ਤੇ ਨਾ ਹੀ ਸਵੇਰੇ 10 ਵਜੇ ਤੋਂ ਪਹਿਲਾਂ ਤੇ ਸ਼ਾਮ 6 ਵਜੇ ਤੋਂ ਬਾਅਦ ਝੋਨੇ ਦੀ ਕਟਾਈ ਕੀਤੀ ਜਾਵੇ ਅਤੇ ਜੇਕਰ ਅਜਿਹਾ ਸਾਹਮਣੇ ਆਇਆ ਤਾਂ ਕਾਰਵਾਈ ਹੋਵੇਗੀ ਤੇ ਕੰਬਾਇਨ ਜ਼ਬਤ ਕਰ ਲਈ ਜਾਵੇਗੀ।



ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਪਰਾਲੀ ਸਾੜਨ ਤੋਂ ਰੋਕਣ ਲਈ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲੈਂਦੇ ਹੋਏ।

ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਵੀ ਕੀਤੀ ਕਿ ਉਹ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਕਿਉਂਕਿ ਅਜਿਹਾ ਕਰਨ ਨਾਲ ਵਾਤਾਵਰਣ ਗੰਧਲਾ ਹੁੰਦਾ ਹੈ ਅਤੇ ਲੋਕਾਂ ਨੂੰ ਇਸ ਨਾਲ ਸਾਹ ਤੇ ਹੋਰ ਭਿਆਨਕ ਬਿਮਾਰੀਆਂ ਲੱਗਣ ਦਾ ਖ਼ਤਰਾ ਹੈ, ਇਸ ਲਈ ਕਿਸਾਨ ਪਰਾਲੀ ਸੰਭਾਲਣ ਲਈ ਬੇਲਰ, ਇਨ-ਸੀਟੂ ਤੇ ਐਕਸ-ਸੀਟੂ ਗਤੀਵਿਧੀਆਂ ਵੀ ਤੇਜ ਕੀਤੀਆਂ ਗਈਆਂ ਹਨ, ਕਿਸਾਨ ਲੋੜੀਂਦੀ ਮਸ਼ੀਨਰੀ ਹੈਪੀ ਸੀਡਰ, ਸੁਪਰ ਸੀਡਰ ਤੇ ਸਰਫ਼ੇਸ ਸੀਡਰ ਆਦਿ ਲੈਣ ਲਈ ਜ਼ਿਲ੍ਹਾ ਪ੍ਰਸ਼ਾਸਨ ਦੇ ਕੰਟਰੋਲ ਸੈਂਟਰ ਦੇ ਫੋਨ ਨੰਬਰ 0175-2350550 'ਤੇ ਸੰਪਰਕ ਕਰਨ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਰਾਲੀ ਪ੍ਰਬੰਧਨ ਤੇ ਖਾਸ ਕਰਕੇ ਕਣਕ ਦੀ ਬਿਜਾਈ ਬਿਨ੍ਹਾਂ ਪਰਾਲੀ ਸਾੜੇ ਕਰਨ ਲਈ ਕਿਸਾਨਾਂ ਮੁਹੱਈਆ ਕਰਵਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ ਮੁਤਾਬਕ ਕਿਸਾਨਾਂ ਨੂੰ ਪਰਾਲੀ ਬਿਨ੍ਹਾਂ ਸਾੜੇ ਇਸਦੇ ਸੁਚੱਜੇ ਪ੍ਰਬੰਧਨ ਲਈ ਹਰ ਸੰਭਵ ਸਹਾਇਤਾ ਕੀਤੀ ਜਾ ਰਹੀ ਹੈ।

ਐਸ.ਪੀ. ਸਿਟੀ ਪਲਵਿੰਦਰ ਸਿੰਘ ਚੀਮਾ ਨੇ ਕਿਹਾ ਕਿ ਜੇਕਰ ਕਿਸੇ ਖੇਤ ਵਿੱਚ ਅੱਗ ਲੱਗਦੀ ਹੈ ਤਾਂ ਇਸ ਲਈ ਮਾਣਯੋਗ ਸੁਪਰੀਮ ਕੋਰਟ ਦੇ ਆਦੇਸ਼ਾਂ ਮੁਤਾਬਕ ਸਬੰਧਤ ਕਲੱਸਟਰ ਅਫ਼ਸਰ, ਨੋਡਲ ਅਫ਼ਸਰ ਤੇ ਸਬੰਧਤ ਇਲਾਕੇ ਦਾ ਥਾਣਾ ਮੁਖੀ ਜਿੰਮੇਵਾਰ ਹੋਵੇਗਾ, ਇਸ ਲਈ ਕੋਈ ਵੀ ਅਣਗਹਿਲੀ ਨਾ ਵਰਤੀ ਜਾਵੇ। ਉਨ੍ਹਾਂ ਇਹ ਵੀ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਕਿਸਾਨਾਂ ਤੱਕ ਪਿੰਡ-ਪਿੰਡ ਪਹੁੰਚ ਬਣਾਕੇ ਪਰਾਲੀ ਨਾ ਸਾੜਨ ਲਈ ਜਾਗਰੂਕ ਵੀ ਕਰ ਰਹੀਆਂ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਨੈਸ਼ਨਲ ਗਰੀਨ ਟ੍ਰਿਬਿਊਨਲ ਵੱਲੋਂ ਪਰਾਲੀ ਸਾੜਨ ਉੱਤੇ ਪੂਰੀ ਤਰ੍ਹਾਂ ਰੋਕ ਲਗਾਈ ਗਈ ਹੈ ਅਤੇ ਇਸੇ ਤਹਿਤ ਹੀ ਵਾਤਾਵਰਣ ਦੀ ਸੰਭਾਲ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਮੁਤਾਬਕ ਸਮੁੱਚਾ ਜ਼ਿਲ੍ਹਾ ਪ੍ਰਸ਼ਾਸਨ ਖੇਤਾਂ ਵਿੱਚ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਕਿਸੇ ਵੀ ਕੀਮਤ ਉੱਤੇ ਖੇਤਾਂ ਵਿੱਚ ਅੱਗ ਨਹੀਂ ਲੱਗਣ ਦਿੱਤੀ ਜਾਵੇਗੀ। ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਬੇਲਰਾਂ ਤੇ ਪਰਾਲੀ ਨੂੰ ਖੇਤਾਂ ਵਿੱਚ ਮਿਲਾਉਣ ਤੇ ਐਕਸ ਸੀਟੂ ਤੇ ਇਨਸੀਟੂ ਤਕਨੀਕਾਂ ਨਾਲ ਪਰਾਲੀ ਨੂੰ ਠਿਕਾਣੇ ਲਗਾਉਣ ਦੇ ਉਚੇਚੇ ਪ੍ਰਬੰਧ ਕੀਤੇ ਗਏ ਹਨ। ਇਸ ਲਈ ਕੋਈ ਵੀ ਕਿਸਾਨ ਅਗਲੀ ਫ਼ਸਲ ਬੀਜਣ ਲਈ ਕਾਹਲੀ ਵਿੱਚ ਖੇਤਾਂ 'ਚ ਪਰਾਲੀ ਨੂੰ ਅੱਗ ਨਾ ਲਗਾਵੇ।

ਉਨ੍ਹਾਂ ਕਿਹਾ ਕਿ ਜਿਹੜਾ ਕਿਸਾਨ ਪਰਾਲੀ ਨੂੰ ਅੱਗ ਨਹੀਂ ਲਗਾਏਗਾ ਉਨ੍ਹਾਂ ਨੂੰ ਸਨਮਾਨਤ ਕੀਤਾ ਜਾਵੇਗਾ। ਇਸ ਮੌਕੇ ਐਸ.ਪੀ. ਸਵਰਨਜੀਤ ਕੌਰ, ਐਸ.ਪੀ. ਮਨੋਜ ਗੋਰਸੀ, ਡੀ.ਐਸ.ਪੀ. ਗੁਰਪ੍ਰਤਾਪ ਸਿੰਘ, ਮੁੱਖ ਖੇਤੀਬਾੜੀ ਅਫ਼ਸਰ ਡਾ. ਜਸਵਿੰਦਰ ਸਿੰਘ, ਡੀ.ਆਰ. ਸੰਗਰਾਮ ਸਿੰਘ ਸੰਧੂ, ਜ਼ਿਲ੍ਹਾ ਪ੍ਰੀਸ਼ਦ ਦੇ ਡਿਪਟੀ ਸੀਈਓ ਅਮਨਪ੍ਰੀਤ ਕੌਰ, ਡੀ.ਡੀ.ਪੀ.ਓ. ਮੋਹਿੰਦਰਜੀਤ ਸਿੰਘ ਸਮੇਤ ਹੋਰ ਅਧਿਕਾਰੀ ਵੱਡੀ ਗਿਣਤੀ 'ਚ ਮੌਜੂਦ ਸਨ।

# ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਪਟਿਆਲਾ ਮੰਡੀ 'ਚ ਝੋਨੇ ਦੀ ਖ਼ਰੀਦ ਕਰਵਾਈ ਸ਼ੁਰੂ



**ਪਟਿਆਲਾ, 24 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਅੱਜ ਪਟਿਆਲਾ ਦੀ ਅਨਾਜ ਮੰਡੀ ਵਿਖੇ ਝੋਨੇ ਦੀ ਸਰਕਾਰੀ ਖ਼ਰੀਦ ਦੀ ਸ਼ੁਰੂਆਤ ਕੀਤੀ। ਇਸ ਮੌਕੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਝੋਨੇ ਦੀ ਖਰੀਦ ਮੌਕੇ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦੇਵੇਗੀ। ਇਸ ਮੌਕੇ ਉਨ੍ਹਾਂ ਦੇ ਨਾਲ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਵੀ ਮੌਜੂਦ ਸਨ। ਇਸ ਮੌਕੇ ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਫ਼ਸਲ ਦਾ ਇੱਕ ਇੱਕ ਦਾਣਾ ਖਰੀਦਣ ਲਈ ਪੂਰੀ ਤਰ੍ਹਾਂ ਤਿਆਰ ਹੈ ਅਤੇ ਖਰੀਦ ਕੀਤੇ ਝੋਨੇ ਦੀ ਨਾਲੋ ਨਾਲ ਅਦਾਇਗੀ ਵੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕਿਸਾਨ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ ਇਸ ਲਈ ਪੂਰੇ ਪ੍ਰਬੰਧ ਕੀਤੇ ਗਏ ਹਨ।

ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਮੌਜੂਦਾ ਸੀਜ਼ਨ ਦੌਰਾਨ ਪੰਜਾਬ ਮੰਡੀ ਬੋਰਡ ਵੱਲੋਂ 1822 ਖ਼ਰੀਦ ਕੇਂਦਰ ਸਥਾਪਤ ਕੀਤੇ ਹਨ, ਜਿਥੇ ਝੋਨੇ ਦੀ ਖਰੀਦ ਅਤੇ ਲਿਫ਼ਟਿੰਗ ਦੇ ਪੁਖ਼ਤਾ ਪ੍ਰਬੰਧ ਹਨ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ ਇਸ ਲਈ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਭਰ 'ਚ 190 ਲੱਖ ਮੀਟ੍ਰਿਕ ਟਨ (ਐਲ.ਐਮ.ਟੀ.) ਝੋਨੇ ਦੀ ਖਰੀਦ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ। ਇਸ ਤੋਂ ਪਹਿਲਾ ਉਨ੍ਹਾਂ ਆੜ੍ਹਤੀਆ ਐਸੋਸੀਏਸ਼ਨ ਦੇ ਨੁਮਾਇੰਦਿਆਂ ਅਤੇ ਵੱਖ-ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨਾਲ ਗੱਲਬਾਤ ਕੀਤੀ।

ਇਸ ਮੌਕੇ ਡੀ.ਐਫ.ਐਸ.ਸੀ. ਡਾ. ਰਵਿੰਦਰ ਕੌਰ ਤੇ ਜ਼ਿਲ੍ਹਾ ਮੰਡੀ ਅਫ਼ਸਰ ਮਨਦੀਪ ਸਿੰਘ, ਆੜ੍ਹਤੀ ਐਸੋਸੀਏਸ਼ਨ ਪੰਜਾਬ ਦੇ ਸੀਨੀ.ਵਾਈਸ ਪ੍ਰਧਾਨ ਅਤੇ ਨਵੀਂ ਅਨਾਜ ਮੰਡੀ ਪਟਿਆਲਾ ਦੇ ਪ੍ਰਧਾਨ ਇੰਜ. ਸਤਵਿੰਦਰ ਸਿੰਘ ਸੈਣੀ, ਐਸ.ਡੀ.ਓ ਸਤਨਾਮ ਸਿੰਘ ਸੈਕਟਰੀ ਮਾਰਕੀਟ ਕਮੇਟੀ ਪਟਿਆਲਾ ਅਸ਼ਵਨੀ ਮਹਿਤਾ ਵਿਜੇ ਪਾਲ ਸੌਰਵ ਬੱਤਾ ਰੁਪਿੰਦਰ ਸਿੰਘ ਰੂਪੀ ਕਰੂਨ ਗਰਗ ਅਤੇ ਆੜ੍ਹਤੀ ਐਸੋਸੀਏਸ਼ਨ ਜਿਲਾ ਪਟਿਆਲਾ ਦੇ ਜਨਰਲ ਸਕੱਤਰ ਦੀਪਕ ਬਾਂਸਲ ਡਕਾਲਾ ਚਰਨ ਦਾਸ ਗੋਇਲ ਨਰੇਸ਼ ਮਿੱਤਲ ਭੋਲਾ ਖਰਦਮਣ ਰਾਏ ਗੁਪਤਾ ਦਰਬਾਰਾ ਸਿੰਘ ਜਾਲਾ ਹਰਦੇਵ ਸਿੰਘ ਅਨੰਦਪੁਰ ਕੇਸ਼ੋ ਦਵਿੰਦਰ ਕੁਮਾਰ ਬੱਗਾ ਪ੍ਰਗਟ ਸਿੰਘ ਜਾਲਾ ਵਿਸ਼ਵ ਗੋਇਲ ਕਾਕੂ ਪਰਮਜੀਤ ਸਿੰਘ ਮਿਰਜ਼ਾਪੁਰ ਰਣਧੀਰ ਸਿੰਘ ਨਲੀਨੀ ਰਾਕੇਸ਼ ਭਾਨਰਾ ਰਣਵੀਰ ਸਿੰਘ ਰਾਏ (ਰਾਣਾ) ਕਰਮ ਚੰਦ ਬਾਂਸਲ ਸੋਹਨ ਲਾਲ ਕਾਂਸਲ ਸੁਰਮਖ ਸਿੰਘ ਦਿਨੇਸ਼ ਅਗਰਵਾਲ ਜੌਲੀ ਗਰਗ ਅਨਿਲ ਕੁਮਾਰ ਨਰਿੰਦਰ ਲੌਟ ਲੱਕੀ ਲੋਟ ਸਮੇਤ ਵੱਡੀ ਗਿਣਤੀ ਕਿਸਾਨ ਅਤੇ ਆੜ੍ਹਤੀਏ ਮੌਜੂਦ ਸਨ।

# ਡੀ.ਸੀ. ਵੱਲੋਂ ਝੋਨੇ ਦੀ ਖਰੀਦ ਨਿਰਵਿਘਨ ਤੇ ਸੁਚਾਰੂ ਢੰਗ ਨਾਲ ਕਰਵਾਉਣ ਲਈ ਖਰੀਦ ਏਜੰਸੀਆਂ ਨਾਲ ਮੀਟਿੰਗ



**ਪਟਿਆਲਾ, 24 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਝੋਨੇ ਦੀ ਖਰੀਦ ਪ੍ਰਕ੍ਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਅਧਿਕਾਰੀਆਂ ਅਤੇ ਖਰੀਦ ਏਜੰਸੀਆਂ ਦੇ ਨੁਮਾਇੰਦਿਆਂ ਨਾਲ ਇਕ ਅਹਿਮ ਮੀਟਿੰਗ ਕੀਤੀ।

ਇਸ ਮੌਕੇ ਡਾ. ਪ੍ਰੀਤੀ ਯਾਦਵ ਨੇ ਡੀ.ਐਫ.ਐਸ.ਸੀ ਅਤੇ ਜ਼ਿਲ੍ਹਾ ਮੰਡੀ ਅਫ਼ਸਰ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਦੀ ਹਰੇਕ ਮੰਡੀ 'ਚ ਸਾਫ਼ ਸਫ਼ਾਈ, ਬਾਰਦਾਨੇ, ਢੋਆ-ਢੋਆਈ, ਲੇਬਰ, ਕਿਸਾਨਾਂ ਲਈ ਪੀਣ ਵਾਲੇ ਪਾਣੀ ਤੇ ਟੁਆਇਲਟਸ ਸਮੇਤ ਹਰ ਤਰ੍ਹਾਂ ਦੇ ਪ੍ਰਬੰਧਾਂ ਦੀ ਰੋਜ਼ਾਨਾ ਸਮੀਖਿਆ ਕੀਤੀ ਜਾਵੇ ਤਾਂ ਜੋ ਮੰਡੀ 'ਚ ਆਪਣੇ ਫ਼ਸਲ ਲੈਕੇ ਆਏ ਕਿਸਾਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਦੱਸਿਆ ਕਿ ਝੋਨੇ ਦੇ ਇਸ ਸੀਜਨ 'ਚ ਜ਼ਿਲ੍ਹੇ ਦੇ ਖਰੀਦ ਕੇਂਦਰਾਂ 'ਚ 12.35 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋਣ ਦੀ ਸੰਭਾਵਨਾ ਹੈ ਅਤੇ ਜ਼ਿਲ੍ਹਾ ਪ੍ਰਸ਼ਾਸਨ ਝੋਨੇ ਦੀ ਫ਼ਸਲ ਦੀ ਖਰੀਦ ਸੁਚਾਰੂ ਢੰਗ ਨਾਲ ਕਰਵਾਉਣ ਲਈ ਪੂਰੀ ਤਰ੍ਹਾਂ ਤਿਆਰ ਹੈ।

ਡਿਪਟੀ ਕਮਿਸ਼ਨਰ ਨੇ ਖਰੀਦ ਏਜੰਸੀਆਂ ਦੇ ਜ਼ਿਲ੍ਹਾ ਮੈਨੇਜਰਾਂ ਨੂੰ ਹਦਾਇਤ ਕੀਤੀ ਕਿ ਉਹ ਆਪਣੀਆਂ ਅਲਾਟ ਹੋਈਆਂ ਮੰਡੀਆਂ 'ਚ ਤਾਇਨਾਤ ਇੰਸਪੈਕਟਰਾਂ ਨੂੰ ਝੋਨੇ ਦੀ ਫ਼ਸਲ ਦੀ ਖਰੀਦ ਨਿਰਵਿਘਨ ਢੰਗ ਨਾਲ ਕਰਵਾਉਣ ਅਤੇ ਖਰੀਦੀ ਜਿਣਸ ਦੀ ਨਾਲੋਂ ਨਾਲ ਲਿਫਟਿੰਗ ਯਕੀਨੀ ਬਣਾਉਣ। ਇਸ ਤੋਂ ਬਿਨ੍ਹਾਂ ਸਮੁੱਚੇ ਐਸ.ਡੀ.ਐਮਜ ਵੱਲੋਂ ਆੜਤੀਆਂ ਨਾਲ ਮੀਟਿੰਗ ਕਰਕੇ ਝੋਨੇ ਦੀ ਖਰੀਦ ਨਿਰਵਿਘਨ ਯਕੀਨੀ ਬਣਾਈ ਜਾਵੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਝੋਨੇ ਦੀ ਖਰੀਦ ਦਾ ਰੋਜ਼ਾਨਾ ਜਾਇਜ਼ਾ ਲਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਕਿਸਾਨਾਂ ਦੀ ਫ਼ਸਲ ਦਾ ਇੱਕ ਇੱਕ ਦਾਣਾ ਖਰੀਦ ਕਰੇਗੀ ਤੇ ਕਿਸਾਨਾਂ ਨੂੰ ਮੰਡੀਆਂ 'ਚ ਕੋਈ ਦਿਕਤ ਨਹੀਂ ਆਉਣ ਦਿਤੀ ਜਾਵੇਗੀ।

ਡਾ. ਪ੍ਰੀਤੀ ਯਾਦਵ ਨੇ ਕਿਸਾਨਾਂ ਨੂੰ ਅਪੀਲ ਵੀ ਕੀਤੀ ਕਿ ਉਹ ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲੈਕੇ ਆਉਣ ਅਤੇ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਈ ਜਾਵੇ ਕਿਉਂਕਿ ਜ਼ਿਲ੍ਹੇ 'ਚ ਝੋਨੇ ਦੀ ਪਰਾਲੀ ਤੇ ਰਹਿੰਦ ਖੂੰਹਦ ਨੂੰ ਸਾੜਨ 'ਤੇ ਪਾਬੰਦੀ ਲੱਗੀ ਹੋਈ ਹੈ। ਇਸ ਤੋਂ ਬਿਨ੍ਹਾਂ ਕੰਬਾਇਨਾਂ ਨਾਲ ਝੋਨਾ ਰਾਤ ਸਮੇਂ ਨਾ ਕੱਟਿਆ ਜਾਵੇ, ਇਸ ਨਾਲ ਝੋਨੇ ਵਿੱਚ ਨਮੀ ਦੀ ਮਾਤਰਾ ਵੱਧ ਜਾਣ ਕਰਕੇ ਝੋਨਾ ਵਿੱਕਣ ਵਿੱਚ ਦਿੱਕਤ ਆਉਦੀ ਹੈ।

ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ, ਡੀ.ਐਫ.ਐਸ.ਸੀ. ਰਵਿੰਦਰ ਕੌਰ ਅਤੇ ਜ਼ਿਲ੍ਹਾ ਮੰਡੀ ਅਫ਼ਸਰ ਮਨਦੀਪ ਸਿੰਘ, ਡੀ.ਐਮ. ਵੇਅਰ ਹਾਊਸ ਨਿਰਮਲ ਸਿੰਘ, ਡੀ.ਐਮ. ਮਾਰਕਫੈਡ ਵਿਪਨ ਸਿੰਗਲਾ, ਡੀ.ਐਮ. ਪਨਸਪ ਬਨਦੀਪ ਸਿੰਘ ਵੀ ਮੌਜੂਦ ਸਨ।

# ਕੇਰਲਾ ਦੇ ਸਾਜੀ ਜੋਹਨ ਵੱਲੋਂ ਪਟਿਆਲਾ ਦੇ ਅਮਰੂਦ ਅਸਟੇਟ ਵਜੀਦਪੁਰ ਦਾ ਦੌਰਾ



**ਪਟਿਆਲਾ, 24 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਟੇਟ ਹੋਰਟੀਕਲਚਰ ਮਿਸ਼ਨ ਡਾਇਰੈਕਟਰ ਅਤੇ ਸਟੇਟ ਐਗਰੀਕਲਚਰ ਪ੍ਰਾਈਸਸ ਬੋਰਡ, ਕੇਰਲਾ ਦੇ ਸਾਜੀ ਜੋਹਨ ਨੇ ਅੱਜ ਅਮਰੂਦ ਅਸਟੇਟ ਵਜੀਦਪੁਰ ਦਾ ਦੌਰਾ ਕਰਦਿਆਂ ਇਥੇ ਚੱਲ ਰਹੀਆਂ ਬਾਗਬਾਨੀ ਯੋਜਨਾਵਾਂ ਅਤੇ ਕਿਸਾਨਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਦੀ ਵਿਸਥਾਰ ਨਾਲ ਜਾਣਕਾਰੀ ਲੈਣ ਲਈ ਤਕਨੀਕੀ ਟੀਮ ਨਾਲ ਮੁਲਾਕਾਤ ਕੀਤੀ।

ਸਾਜੀ ਜੋਹਨ ਨੇ ਅਸਟੇਟ ਵਿੱਚ ਉਪਲਬਧ ਸਹੂਲਤਾਂ ਜਿਵੇਂ ਕਿ ਵਾਜਿਬ ਕੀਮਤਾਂ 'ਤੇ ਮਸ਼ੀਨਰੀ ਕਿਰਾਏ 'ਤੇ ਦੇਣਾ , ਉੱਤਮ ਕੁਆਲਟੀ ਦੇ ਅਮਰੂਦਾਂ ਦੇ ਬੂਟੇ ਕਿਸਾਨਾਂ ਨੂੰ ਮੁਹੱਈਆ ਕਰਵਾਉਣ, ਨਵੇਂ ਬਾਗ ਲਗਵਾਉਣ ਲਈ ਤਕਨੀਕੀ ਮਦਦ, ਫਲ ਮੱਖੀ ਤੋਂ ਬਚਾਅ ਲਈ ਫਰੂਟ ਫਲਾਈ ਟ੍ਰੈਪ ਉਪਲਬਧ ਕਰਵਾਉਣ ਅਤੇ ਨਵੇਂ ਕਿਸਾਨਾਂ ਨੂੰ ਬਾਗਬਾਨੀ ਨਾਲ ਜੋੜਨ ਵਰਗੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਉਨ੍ਹਾਂ ਅਸਟੇਟ ਵਿੱਚ ਚੱਲ ਰਹੀ ਪੌਲੀ ਕਲੀਨਿਕ ਲੈਬ ਦਾ ਵੀ ਦੌਰਾ ਕੀਤਾ ਅਤੇ ਉੱਥੇ ਮੌਜੂਦ ਲੈਬ ਅਟੈਂਡੈਂਟ ਮਿਸ ਸਿਮਰਨ ਵੱਲੋਂ ਮਿੱਟੀ ਅਤੇ ਪਾਣੀ ਦੇ ਟੈਸਟਿੰਗ ਪ੍ਰਕਿਰਿਆ ਬਾਰੇ ਵਿਸਥਾਰ ਨਾਲ ਜਾਣਕਾਰੀ ਲਈ।

ਇਸ ਤੋਂ ਇਲਾਵਾ, ਸਟੇਟ ਵਿਭਾਗ ਅਤੇ ਆਰਗੈਨਿਕ ਖੇਤੀ ਨੂੰ ਵਧਾਵਾ ਦੇਣ ਵਾਲੇ ਅਗਾਂਹਵਧੂ ਕਿਸਾਨਾਂ ਵੱਲੋਂ ਲਗਾਈਆਂ ਗਈਆਂ ਸਟਾਲਾਂ ਦਾ ਵੀ ਜਾਇਜ਼ਾ ਲਿਆ । ਇਨ੍ਹਾਂ ਸਟਾਲਾਂ ਵਿੱਚ ਆਰਗੈਨਿਕ ਸਬਜ਼ੀਆਂ, ਫਲ, ਖਾਦਾਂ ਅਤੇ ਹੋਰ ਉਤਪਾਦ ਪ੍ਰਦਰਸ਼ਤ ਕੀਤੇ ਗਏ ਸਨ। ਇਸ ਦੌਰੇ ਦੌਰਾਨ ਜੋਹਨ ਵੱਲੋਂ ਯੂਨੀਵਰਸਿਟੀ ਐਗਰੀ-ਟਿਸ਼ੂ ਕਲਚਰ ਯੂਨਿਟ, ਪਿੰਡ ਮੁੰਡ ਖੇੜਾ ਦਾ ਵੀ ਦੌਰਾ ਕੀਤਾ ਗਿਆ। ਉੱਥੇ ਯੂਨਿਟ ਇੰਚਾਰਜ ਅਸ਼ਵਨੀ ਸਿੰਗਲਾ ਅਤੇ ਪਰਵਿੰਦਰ ਸਿੰਘ ਵੱਲੋਂ ਉਨ੍ਹਾਂ ਨੂੰ ਆਲੂ ਦੀ ਪੈਦਾਵਾਰ ਲਈ ਵਰਤੀ ਜਾਂਦੀ ਐਰੋਪੋਨਿਕ ਵਿਧੀ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।

ਇਸ ਦੌਰਾਨ ਉਨ੍ਹਾਂ ਦੇ ਨਾਲ ਬਾਗਬਾਨੀ ਵਿਭਾਗ ਦੇ ਡਾ: ਹਰਪ੍ਰੀਤ ਸਿੰਘ ਸੇਠੀ (ਡਿਪਟੀ ਡਾਇਰੈਕਟਰ, ਹੋਰਟੀਕਲਚਰ, ਮੋਹਾਲੀ), ਡਾ. ਹਰਿੰਦਰਪਾਲ ਸਿੰਘ (ਬਾਗਬਾਨੀ ਵਿਕਾਸ ਅਫਸਰ, ਅਮਰੂਦ ਅਸਟੇਟ ਵਜੀਦਪੁਰ), ਡਾ. ਦਿਲਪ੍ਰੀਤ ਸਿੰਘ (ਮਿਸ਼ਨ ਸਕੱਤਰ, ਐਨ.ਐਚ.ਐਮ. ਪਟਿਆਲਾ), ਡਾ. ਨਵਨੀਤ ਕੌਰ (ਬਾਗਬਾਨੀ ਵਿਕਾਸ ਅਫਸਰ, ਸਰਕਾਰੀ ਖੁਦ ਲੈਬ, ਪਟਿਆਲਾ), ਗੁਰਦਿਆਲ ਸਿੰਘ ਅਤੇ ਗਗਨਦੀਪ ਵੈਦ (ਬਾਗਬਾਨੀ ਉਪ-ਨਿਰੀਖਕ) ਵੀ ਮੌਜੂਦ ਸਨ।

# ਅੱਸੂ ਦੇ ਨਰਾਤਿਆਂ 'ਚ ਸ੍ਰੀ ਕਾਲੀ ਦੇਵੀ ਮੰਦਿਰ ਵਿਖੇ ਤਿੰਨੋਂ ਸਮੇਂ ਚੱਲ ਰਹੇ ਭੰਡਾਰੇ 'ਚ ਸ਼ਰਧਾਲੂਆਂ ਨੂੰ ਵਰਤਾਇਆ ਜਾ ਰਿਹਾ ਹੈ ਸਵਾਦਿਸ਼ਟ ਲੰਗਰ

**ਪਟਿਆਲਾ, 24 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਇਤਿਹਾਸਕ ਤੇ ਪੁਰਾਤਨ ਸ੍ਰੀ ਕਾਲੀ ਦੇਵੀ ਮੰਦਿਰ ਵਿਖੇ ਚੱਲ ਰਹੇ ਅੱਸੂ ਦੇ ਨਵਰਾਤਰਿਆਂ ਦੌਰਾਨ ਪੁੱਜ ਰਹੇ ਵੱਡੀ ਗਿਣਤੀ ਸ਼ਰਧਾਲੂਆਂ ਦੀ ਸਹੂਲਤ ਲਈ ਮੰਦਿਰ ਦੀ ਐਡਵਾਇਜਰੀ ਮੈਨੇਜਿੰਗ ਕਮੇਟੀ ਵੱਲੋਂ ਤਿੰਨ ਸਮੇਂ ਲਗਾਏ ਜਾ ਰਹੇ ਲੰਗਰ ਭੰਡਾਰੇ ਵਿੱਚ ਸ਼ਰਧਾਲੂਆਂ ਨੂੰ ਸਵਾਦਲਾ ਲੰਗਰ ਵਰਤਾਇਆ ਜਾ ਰਿਹਾ ਹੈ। ਇਸੇ ਦੌਰਾਨ ਮੰਦਿਰ ਵਿਖੇ ਚੱਲ ਰਹੇ ਧਾਰਮਿਕ ਭਜਨ ਵੀ ਅਧਿਆਤਮਿਕ ਮਾਹੌਲ 'ਚ ਦੂਰੋਂ-ਦੂਰੋਂ ਆ ਰਹੇ ਸ਼ਰਧਾਲੂ ਮਾਂ ਦੇਵੀ ਦੇ ਭਗਤੀ ਰਸ ਵਿੱਚ ਲੀਨ ਹੋ ਜਾਂਦੇ ਹਨ।



ਇਸ ਵਾਰ ਜਿੱਥੇ ਮੰਦਿਰ ਦੀ ਸਜਾਵਟ ਤੇ ਹੋਰ ਵਿਸ਼ੇਸ ਪ੍ਰਬੰਧਾਂ ਲਈ ਜ਼ਿਲ੍ਹਾ ਪ੍ਰਸ਼ਾਸਨ ਤੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਸਮੇਤ ਨਗਰ ਨਿਗਮ ਦੇ ਨਾਲ-ਨਾਲ ਸੁਰੱਖਿਆ ਪ੍ਰਬੰਧਾਂ ਲਈ ਪਟਿਆਲਾ ਪੁਲਿਸ ਦੀ ਸ਼ਲਾਘਾ ਕੀਤੀ ਜਾ ਰਹੀ ਹੈ, ਉਥੇ ਹੀ ਸ਼ਰਧਾਲੂਆਂ ਦੀ ਆਮਦ ਨੂੰ ਲੈਕੇ ਹੋਰ ਵਿਆਪਕ ਪ੍ਰਬੰਧਾਂ ਲਈ ਦੀ ਐਡਵਾਇਜਰੀ ਮੈਨੇਜਿੰਗ ਕਮੇਟੀ ਦੇ ਮੈਂਬਰਾਂ ਸੀ.ਏ. ਅਜੇ ਅਲੀਪੁਰੀਆ, ਸੰਜੇ ਸਿੰਗਲਾ ਤੇ ਡਾ. ਰਾਜਨ ਗੁਪਤਾ ਆਦਿ ਦੀ ਸੂਝ-ਬੂਝ ਦੀ ਵੀ ਭਰਵੀਂ ਪ੍ਰਸ਼ੰਸਾ ਕੀਤੀ ਜਾ ਰਹੀ ਹੈ।

ਸੀ.ਏ. ਅਜੇ ਅਲੀਪੁਰੀਆ ਨੇ ਦੱਸਿਆ ਕਿ ਸਵੇਰੇ 8.30 ਵਜੇ ਰੋਜ਼ਾਨਾ ਸਵੇਰੇ ਮੰਦਿਰ 'ਚ ਹਵਨ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸ਼ਰਧਾਲੂਆਂ ਨੂੰ ਸਵੇਰੇ 8 ਵਜੇ ਤੋਂ ਸਵੇਰੇ 9.30 ਵਜੇ ਤੱਕ, ਦੁਪਹਿਰ 12.30 ਤੋਂ ਬਾਅਦ ਦੁਪਹਿਰ 3 ਵਜੇ ਤੱਕ ਅਤੇ ਸ਼ਾਮ ਨੂੰ 7 ਵਜੇ ਤੋਂ ਰਾਤ 9.30 ਵਜੇ ਤੱਕ ਸਵਾਦਲਾ ਭੋਜਨ ਪਰੋਸਿਆ ਜਾਂਦਾ ਹੈ।

ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਇਸ ਪਵਿੱਤਰ, ਪੁਰਾਤਨ ਤੇ ਇਤਿਹਾਸਕ ਸ੍ਰੀ ਕਾਲੀ ਦੇਵੀ ਮੰਦਿਰ ਦੀ ਪੂਰੀ ਦੁਨੀਆ 'ਚ ਮਹਾਨਤਾ ਅਤੇ ਮਾਨਤਾ ਹੈ, ਇਸ ਲਈ 22 ਸਤੰਬਰ ਤੋਂ 30 ਸਤੰਬਰ ਤੱਕ ਅੱਸੂ ਦੇ ਨਵਰਾਤਰਿਆਂ ਦੇ ਦਿਨਾਂ ਦੌਰਾਨ ਦੂਰੋਂ-ਦੂਰੋਂ ਸ਼ਰਧਾਲੂ ਇੱਥੇ ਨਤਮਸਤਕ ਹੋਣ ਲਈ ਪੁੱਜ ਰਹੇ ਹਨ।

# ਜ਼ਿਲ੍ਹਾ ਸਕੂਲ ਖੇਡਾਂ ਕ੍ਰਿਕਟ 'ਚ ਅੰਡਰ 19 ਪਟਿਆਲਾ 1 ਜ਼ੋਨ ਨੇ ਜਿੱਤਿਆ ਗੋਲਡ



**ਪਟਿਆਲਾ, 24 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਖੇਡ ਟੂਰਨਾਮੈਂਟ ਕਮੇਟੀ ਦੇ ਪ੍ਰਧਾਨ ਸੰਜੀਵ ਸ਼ਰਮਾ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਪਟਿਆਲਾ ਅਤੇ ਡਾ: ਰਵਿੰਦਰ ਪਾਲ ਸਿੰਘ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਦੇ ਦਿਸ਼ਾ ਨਿਰਦੇਸ਼ ਅਤੇ ਪ੍ਰਬੰਧਕ ਸਕੱਤਰ ਡਾ: ਦਲਜੀਤ ਸਿੰਘ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਤੇ ਸਕੱਤਰ ਜ਼ਿਲ੍ਹਾ ਟੂਰਨਾਮੈਂਟ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ 69ਵੀਆਂ ਜ਼ਿਲ੍ਹਾ ਸਕੂਲ ਖੇਡਾਂ ਕਰਵਾਈਆਂ ਜਾ ਰਹੀਆਂ ਹਨ। ਜ਼ਿਲ੍ਹਾ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਅੰਡਰ 19 ਲੜਕਿਆਂ ਦੇ ਕ੍ਰਿਕਟ ਮੁਕਾਬਲੇ ਸੇਂਟ ਜੇਵੀਅਰ ਇੰਟਰਨੈਸ਼ਨਲ ਸਕੂਲ ਵਿਖੇ ਕਰਵਾਏ ਗਏ। ਉਨ੍ਹਾਂ ਦੱਸਿਆ ਕਿ ਫਾਈਨਲ ਮੈਚ ਵਿੱਚ ਪਟਿਆਲਾ 1 ਨੇ ਪਟਿਆਲਾ 2 ਨੂੰ ਹਰਾ ਕੇ ਜਿੱਤਿਆ ਗੋਲਡ ਮੈਡਲ,ਪਟਿਆਲਾ 2 ਨੇ ਜਿੱਤਿਆ ਸਿਲਵਰ ਮੈਡਲ। ਹਾਰਡ ਲਾਈਨ ਦਾ ਮੈਚ ਪਟਿਆਲਾ 3 ਜ਼ੋਨ ਨੇ ਘਨੌਰ ਜ਼ੋਨ ਨੂੰ ਹਰਾ ਬਰਾਊਨ ਮੈਡਲ ਪ੍ਰਾਪਤ ਕੀਤਾ। ਸਕੂਲ ਦੇ ਡਾਇਰੈਕਟਰ ਬਲਜੀਤ ਸਿੰਘ ਧਾਲੀਵਾਲ ਤੇ ਗੁਰਪ੍ਰੀਤ ਕੌਰ ਧਾਲੀਵਾਲ ਨੇ ਜ਼ਿਲ੍ਹਾ ਕ੍ਰਿਕਟ ਟੂਰਨਾਮੈਂਟ ਕਰਵਾਉਣ ਵਿੱਚ ਪੂਰਾ ਸਹਿਯੋਗ ਦਿੱਤਾ।

ਇਸ ਮੌਕੇ ਤੇ ਖੇਡ ਕਨਵੀਨਰ ਜੱਗਾ ਸਿੰਘ ਪ੍ਰਿੰਸੀਪਲ ਕਪੂਰੀ, ਸਿੰਮੀ ਗਿੱਲ ਪ੍ਰਿੰਸੀਪਲ ਸੇਂਟ ਜੇਵੀਅਰ ਇੰਟਰਨੈਸ਼ਨਲ ਸਕੂਲ, ਸ਼ਸ਼ੀ ਮਾਨ ਜ਼ੋਨਲ ਸਕੱਤਰ ਪਟਿਆਲਾ 3, ਅਮਨਿੰਦਰ ਸਿੰਘ ਬਾਬਾ ਜ਼ੋਨਲ ਸਕੱਤਰ ਪਟਿਆਲਾ 1,ਹਰੀਸ਼ ਸਿੰਘ ਰਾਵਤ, ਸਤਵਿੰਦਰ ਸਿੰਘ ਚੀਮਾ, ਤੇਜਿੰਦਰ ਸਿੰਘ ਤੇਜ਼ੀ ਥਾਣੇਦਾਰ, ਸੁਰਿੰਦਰਪਾਲ ਸਿੰਘ ਐਸਪੀ, ਪ੍ਰਿਤਪਾਲ ਸਿੰਘ, ਸਿਮਰਨਜੀਤ ਕੌਰ, ਨਿਰਭੈ ਸਿੰਘ, ਅਰੁਣ ਕੁਮਾਰ, ਵਿਕਾਸ ਜਿੰਦਲ, ਵਿਨੋਦ ਕੁਮਾਰ, ਪਰਵੀਨ ਕੁਮਾਰ, ਸੁਨੀਲ ਕੁਮਾਰ, ਸਤਵਿੰਦਰ ਸਿੰਘ ਕੋਚ, ਅਜਮੇਰ ਸਿੰਘ, ਰਾਜਿੰਦਰ ਸਿੰਘ ਚਾਨੀ, ਗੁਰਪ੍ਰੀਤ ਸਿੰਘ ਝੰਡਾ ਤੇ ਜਸਵਿੰਦਰ ਸਿੰਘ ਗੱਜੂਮਾਜਰਾ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਵਿੱਚ ਗੈਰ-ਕਾਨੂੰਨੀ 5 ਕਿਲੋਗ੍ਰਾਮ ਐਲ.ਪੀ.ਜੀ ਸਿਲੰਡਰਾਂ ਦੀ ਵਿਕਰੀ, ਸਟੋਰੇਜ ਅਤੇ ਵਰਤੋਂ 'ਤੇ ਤੁਰੰਤ ਪਾਬੰਦੀ ਦੇ ਹੁਕਮ ਕੀਤੇ ਜਾਰੀ




**ਲੁਧਿਆਣਾ, 24 ਸਤੰਬਰ**
**-ਕੁਲਦੀਪ ਦੁੱਗਰੀ-**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਲੁਧਿਆਣਾ ਜ਼ਿਲ੍ਹੇ ਵਿੱਚ ਗੈਰ-ਕਾਨੂੰਨੀ 5 ਕਿਲੋਗ੍ਰਾਮ ਐਲ.ਪੀ.ਜੀ ਸਿਲੰਡਰਾਂ ਦੀ ਵਿਕਰੀ, ਸਟੋਰੇਜ ਅਤੇ ਵਰਤੋਂ 'ਤੇ ਤੁਰੰਤ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ।

ਉਨ੍ਹਾਂ ਨੇ ਕਿਹਾ ਕਿ ਗੈਰ-ਆਈ.ਐਸ.ਆਈ/ਬੀ.ਆਈ.ਐਸ ਪ੍ਰਮਾਣਿਤ ਸਿਲੰਡਰਾਂ ਦੀ ਰੀਫ਼ਿਲਿੰਗ, ਆਵਾਜਾਈ ਅਤੇ ਵਰਤੋਂ ਵਿਸਫੋਟਕ ਐਕਟ ਅਤੇ ਗੈਸ ਸਿਲੰਡਰ ਨਿਯਮ 2016 ਦੀ ਉਲੰਘਣਾ ਹੈ, ਜੋ ਜਾਨ ਤੇ ਜਾਇਦਾਦ ਲਈ ਗੰਭੀਰ ਖ਼ਤਰਾ ਹੈ।

ਡਿਪਟੀ ਕਮਿਸ਼ਨਰ ਨੇ ਭਾਂਡਿਆਂ ਦੀਆਂ ਦੁਕਾਨਾਂ, ਫੂਡ ਸਟਾਲਾਂ ਅਤੇ ਪ੍ਰਵਾਸੀ ਆਬਾਦੀ ਵਾਲੇ ਖੇਤਰਾਂ ਦੀ ਸਖ਼ਤ ਨਿਗਰਾਨੀ ਲਈ ਨਿਰੀਖਣ ਟੀਮਾਂ ਨੂੰ ਨਿਰਦੇਸ਼ ਦਿੱਤੇ ਹਨ ਅਤੇ ਐਲ.ਪੀ.ਜੀ ਕੰਪਨੀਆਂ ਨੂੰ ਜਾਗਰੂਕਤਾ ਮੁਹਿੰਮ ਚਲਾਉਣ ਲਈ ਕਿਹਾ ਹੈ। ਉਨ੍ਹਾਂ ਨੇ ਨਾਗਰਿਕਾਂ ਨੂੰ ਉਲੰਘਣਾਵਾਂ ਦੀ ਸੂਚਨਾ ਦੇਣ ਦੀ ਅਪੀਲ ਕਰਦੇ ਹੋਏ ਚੇਤਾਵਨੀ ਦਿੱਤੀ ਕਿ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਪੰਜਾਬ ਰੋਡਵੇਜ਼ ਟਰਾਂਸਪੋਰਟ ਕਾਰਪੋਰੇਸ਼ਨ ਦੇ ਡਰਾਈਵਰਾਂ ਅਤੇ ਕੰਡਕਟਰਾ ਵੱਲੋਂ ਨਸ਼ਿਆਂ ਵਿਰੁੱਧ ਲਾਮਬੰਦ ਹੋ ਕੇ ਚੱਲਣ ਦਾ ਪ੍ਰਣ ਲੈਣਾ ਸ਼ਲਾਘਾਯੋਗ ਉਪਰਾਲਾ : ਇੰਸਪੈਕਟਰ ਜਸਪਾਲ ਸਿੰਘ

**ਪਟਿਆਲਾ, 24 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰੋਡਵੇਜ਼ ਟਰਾਂਸਪੋਰਟ ਕਾਰਪੋਰੇਸ਼ਨ ਦੇ ਟ੍ਰੇਨਿੰਗ ਸਕੂਲ ਵੱਲੋਂ ਮੈਨੇਜਿੰਗ ਡਾਇਰੈਕਟਰ ਬਿਕਰਮਜੀਤ ਸਿੰਘ ਸ਼ੇਰਗਿੱਲ, ਚੇਅਰਮੈਨ ਰਣਜੋਧ ਸਿੰਘ ਹਡਾਣਾ ਦੀ ਅਗਵਾਈ ਅਤੇ ਸਾਂਝ ਕੇਂਦਰ ਸਿਟੀ 1 ਪਟਿਆਲਾ ਪੁਲਿਸ ,ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਨਾਲ ਅਤੇ ਡਾਇਰੈਕਟਰ ਜਨਰਲ ਆਫ਼ ਪੁਲਿਸ ਗੌਰਵ ਯਾਦਵ, ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ ਕਮਾਊਨਟੀ ਅਫੇਅਰ ਗੁਰਪ੍ਰੀਤ ਕੌਰ ਦਿਉਂ, ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ, ਐਸ ਐਸ ਪੀ ਪਟਿਆਲਾ ਵਾਰੁਣ ਸ਼ਰਮਾ,ਐਸ ਪੀ ਹੈਡਕੁਆਰਟਰ -ਕਮ- ਜ਼ਿਲ੍ਹਾ ਕਮਾਊਨਟੀ ਅਫੇਅਰ ਅਫ਼ਸਰ ਵੈਭਵ ਚੋਧਰੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਯੁੱਧ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਅਤੇ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਐਸ ਆਈ ਪ੍ਰਦੀਪ ਕੁਮਾਰ ਇੰਚਾਰਜ ਸਾਝ ਕੇਂਦਰ ਸਿਟੀ 1 ਪਟਿਆਲਾ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਬਰ ਜ਼ਿਲ੍ਹਾ ਸਾਝ ਕੇਂਦਰ, ਮੈਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ, ਮੈਬਰ ਵੂਮੈਨ ਕੋਸਲਿੰਗ ਸੈਲ ਪਟਿਆਲਾ ਨੇ ਕੀਤੀ। ਇਸ ਮੌਕੇ ਇੰਸਪੈਕਟਰ ਜਸਪਾਲ ਸਿੰਘ ਇੰਚਾਰਜ ਪੀ ਆਰ ਟੀ ਸੀ ਟ੍ਰੇਨਿੰਗ ਸਕੂਲ ਨੇ ਸਾਰੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ।ਇਸ ਮੌਕੇ ਵਿਸ਼ੇਸ਼ ਤੌਰ ਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਬਰ ਨਸ਼ਾ ਮੁਕਤ ਭਾਰਤ ਅਭਿਆਨ, ਰੁਦਰਪ੍ਰਤਾਪ ਸਿੰਘ, ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਹਰਮਨਜੀਤ ਸਿੰਘ ਰੰਧਾਵਾ ,ਭਿੰਦਰ ਜਲਵੇੜਾ ਵੀ ਹਾਜ਼ਰ ਸਨ। ਇਸ ਮੌਕੇ ਸੰਬੋਧਨ ਕਰਦਿਆਂ ਇੰਸਪੈਕਟਰ ਜਸਪਾਲ ਸਿੰਘ ਅਤੇ ਐਸ ਆਈ ਪ੍ਰਦੀਪ ਕੁਮਾਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪੀ ਆਰ ਟੀ ਸੀ ਟ੍ਰੇਨਿੰਗ ਸਕੂਲ ਦੇ ਡਰਾਈਵਰ ਅਤੇ ਕੰਡਕਟਰ ਵਲੋਂ ਅੱਗੇ ਆ ਕੇ ਸਹਿਯੋਗ ਦੇਣ ਲਈ ਪ੍ਰਣ ਕਰਨਾ ਸ਼ਲਾਘਾਯੋਗ ਉਪਰਾਲਾ ਹੈ। ਉਹਨਾਂ ਕਿਹਾ ਕਿ ਪੰਜਾਬ ਵਿਚੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਪਬਲਿਕ ਦਾ ਸਹਿਯੋਗ ਬਹੁਤ ਜ਼ਰੂਰੀ ਹੈ ਤਾਂ ਹੀ ਅਸੀਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰ ਸਕਾਂਗੇ, ਉਹਨਾਂ ਕਿਹਾ ਕਿ ਨਸ਼ੇ ਤਾ ਹੀ ਖਤਮ ਹੋਣਗੇ ਜੇਕਰ ਨਸ਼ਿਆਂ ਦੀ ਡਿਮਾਂਡ ਖਤਮ ਹੋਵੇਗੀ, ਉਹਨਾਂ ਕਿਹਾ ਕਿ ਜ਼ਿਲ੍ਹਾ ਸਾਝ ਕੇਂਦਰ ਪਟਿਆਲਾ, ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ ਨੋਜਵਾਨਾ ਨੂੰ ਨਾਲ ਲੈਕੇ ਨਸ਼ਿਆਂ ਦਲਦਲ ਵਿੱਚ ਫਸ ਚੁੱਕੇ ਨੋਜਵਾਨਾ ਉਹਨਾਂ ਦੀ ਕੋਸਲਿੰਗ ਕਰਕੇ ਨਸ਼ਿਆਂ ਵਿਚੋਂ ਬਾਹਰ ਕੱਢਣ ਲਈ ਨੋਜਵਾਨਾ ਨੂੰ ਪ੍ਰੇਰਿਤ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਨਸ਼ਾ ਛੱਡਣ ਵਾਲੇ ਨੋਜਵਾਨਾ ਦਾ ਇਲਾਜ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਸਰਕਾਰ ਵੱਲੋਂ ਮੁਫ਼ਤ ਕੀਤਾ ਜਾਂਦਾ ਹੈ।




# ਭਿਆਨਕ ਅੱਗ ਨਾਲ ਘਰ ਵਿਚ ਹਾਦਸਾ, 17 ਸਾਲਾ ਨੌਜਵਾਨ ਤੇ ਵ੍ਹੀਲਚੇਅਰ:ਬਾਊਂਡ ਦਾਦੀ ਦੀ ਮੌਤ



**ਲੁਧਿਆਣਾ, 24 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਸਵੇਰੇ ਇੱਕ ਬਹੁ-ਮੰਜ਼ਿਲਾ ਰਿਹਾਇਸ਼ੀ-ਕਮ-ਹੋਜ਼ਰੀ ਧਾਗਾ ਯੂਨਿਟ ਵਿੱਚ ਭਿਆਨਕ ਅੱਗ ਲੱਗਣ ਨਾਲ ਦੋ ਜਾਨਾਂ ਦੁੱਖਦਾਈ ਤਰੀਕੇ ਨਾਲ ਖੋਣੀਆਂ ਪਈਆਂ।

ਮ੍ਰਿਤਕਾਂ ਵਿੱਚ 17 ਸਾਲਾ ਨੌਜਵਾਨ ਅਤੇ ਵ੍ਹੀਲਚੇਅਰ-ਬਾਊਂਡ ਦਾਦੀ ਸ਼ਾਮਲ ਹਨ।

ਅੱਗ ਲੱਗਣ ਦੀ ਘਟਨਾ ਸਵੇਰੇ ਕਰੀਬ 4 ਵਜੇ ਦੀ ਹੈ। ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨੇ ਤੁਰੰਤ ਕਾਰਵਾਈ ਕਰਦੇ ਹੋਏ ਅੱਗ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਕੀਤੀ, ਪਰ ਤੇਜ਼ੀ ਨਾਲ ਫੈਲੀ ਅੱਗ ਕਾਰਨ ਦੋਨਾਂ ਨੂੰ ਬਚਾਇਆ ਨਹੀਂ ਜਾ ਸਕਿਆ।

ਪੁਲਿਸ ਦੇ ਸ਼ੁਰੂਆਤੀ ਅੰਦਾਜ਼ੇ ਮੁਤਾਬਕ, ਅੱਗ ਦਾ ਕਾਰਣ ਸ਼ਾਰਟ ਸਰਕਿਟ ਹੋ ਸਕਦਾ ਹੈ। ਸਥਾਨਕ ਪੁਲਿਸ ਅਤੇ ਫਾਇਰ ਡਿਪਾਰਟਮੈਂਟ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਮੌਕੇ ਤੋਂ ਸਬੂਤ ਇਕੱਠੇ ਕੀਤੇ ਜਾ ਰਹੇ ਹਨ।

ਜ਼ਿਲ੍ਹਾ ਪ੍ਰਸ਼ਾਸਨ ਨੇ ਪੀੜਤ ਪਰਿਵਾਰ ਪ੍ਰਤੀ ਡੂੰਘੀ ਸੰਵੇਦਨਾ ਪ੍ਰਗਟਾਈ ਹੈ ਅਤੇ ਯਕੀਨੀ ਬਣਾਇਆ ਹੈ ਕਿ ਪੂਰੀ ਜਾਂਚ ਤੋਂ ਬਾਅਦ ਹੀ ਅੱਗ ਲੱਗਣ ਦੇ ਅਸਲ ਕਾਰਣਾਂ ਦਾ ਖੁਲਾਸਾ ਕੀਤਾ ਜਾਵੇਗਾ।

# ਅਰਜੁਨ ਰੁੱਖ ਦੇ ਫ਼ਾਇਦੇ



*ਅਰਜੁਨ ਦੇ ਛਿਲਕਿਆਂ ਨਾਲ ਕਈ ਬਿਮਾਰੀਆਂ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ ਜਿਵੇਂ ਤੇਜ਼ ਧੜਕਣ ਨੂੰ ਸਹੀ ਮਾਤਰਾ 'ਚ ਲਿਆਉਣਾ, ਸੋਜ ਦੂਰ ਕਰਨਾ, ਹੱਡੀਆਂ ਮਜ਼ਬੂਤ ਕਰਨਾ ਆਦਿ...*

ਅਰਜੁਨ ਰੁੱਖ 60 ਤੋਂ 80 ਫੀਟ ਉੱਚਾ ਹੁੰਦਾ ਹੈ। ਇਸ ਦੇ ਪੱਤੇ ਅਮਰੂਦ ਦੇ ਪੱਤਿਆਂ ਵਰਗੇ ਹੁੰਦੇ ਹਨ। ਇਸ ਦਾ ਫਲ ਪਕਣ 'ਤੇ ਲਾਲ-ਭੂਰੇ ਰੰਗ ਦੇ ਹੁੰਦੇ ਹਨ। ਇਹ ਜ਼ਿਆਦਾਤਰ ਹਿਮਾਚਲ, ਬੰਗਾਲ, ਮੱਧ ਪ੍ਰਦੇਸ਼ ਦੇ ਜੰਗਲਾਂ ਤੇ ਨਦੀ ਕਿਨਾਰੇ ਜ਼ਿਆਦਾ ਪਾਇਆ ਜਾਂਦਾ ਹੈ।

### ਇਸ ਦੇ ਛਿਲਕਿਆਂ ਦਾ ਸੇਵਨ

ਛਿਲਕਿਆਂ ਦੇ ਸੇਵਨ ਨਾਲ ਅਨੇਕਾਂ ਬਿਮਾਰੀਆਂ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ। ਤੇਜ਼ ਧੜਕਣ ਨੂੰ ਸਹੀ ਮਾਤਰਾ 'ਚ ਲਿਆਉਣਾ, ਸੋਜ ਨੂੰ ਦੂਰ ਕਰਨਾ, ਇਹ ਹੱਡੀਆਂ ਨੂੰ ਮਜ਼ਬੂਤ ਕਰਦੇ ਹੈ। ਇਸ ਦੇ ਛਿਲਕਿਆਂ ਦਾ ਚੂਰਨ ਬਣਾ ਲਵੋ। ਇਸ ਚੂਰਨ ਨੂੰ ਹਰ ਰੋਜ਼ ਅੱਧਾ ਚਮਚ ਦੁੱਧ ਦੇ ਨਾਲ ਖਾਓ ਇਸ ਨਾਲ ਹੱਡੀਆਂ ਪ੍ਰਤੀ ਅਨੇਕਾਂ ਰੋਗ ਦੂਰ ਹੋ ਜਾਂਦੇ ਹਨ।

### ਮੋਟਾਪਾ ਦੂਰ

ਮੋਟਾਪੇ ਤੋਂ ਪਰੇਸ਼ਾਨ ਲੋਕ ਅਰਜੁਨ ਦੇ ਛਿਲਕਿਆਂ ਦਾ ਕਾੜ੍ਹਾ ਬਣਾ ਕੇ ਇਕ ਸਮੇਂ ਪੀਣ ਨਾਲ ਕਾਫ਼ੀ ਫ਼ਾਇਦਾ ਮਿਲਦਾ ਹੈ। ਇਸ ਕਾੜ੍ਹੇ ਦਾ ਅਸਰ ਇਕ ਮਹੀਨੇ 'ਚ ਦਿਖਾਈ ਦੇਣ ਲੱਗ ਜਾਂਦਾ ਹੈ।

### ਸੁੰਦਰਤਾ ਲਈ ਇਸਤੇਮਾਲ

ਇਸ ਦੇ ਇਸਤੇਮਾਲ ਨਾਲ ਚਿਹਰਾ ਸਾਫ਼ ਤੇ ਚਮੜੀ ਟਾਇਟ ਹੋ ਜਾਵੇਗੀ। ਅਰਜੁਨ ਦੇ ਛਿਲਕੇ, ਬਾਦਾਮ, ਹਲਦੀ ਨੂੰ ਬਰਾਬਰ ਮਾਤਰਾ 'ਚ ਲੈ ਕੇ ਪੀਸ ਲਵੋ ਤੇ ਇਸ ਦਾ ਲੇਪ ਬਣਾ ਕੇ ਚਿਹਰੇ 'ਤੇ ਲਗਾ ਲਵੋ ਇਸ ਨਾਲ ਚਮੜੀ ਚਮਕਦਾਰ ਹੋ ਸਕਦੀ ਹੈ।

### ਖ਼ਾਂਸੀ ਤੋਂ ਰਾਹਤ

ਇਸ ਦੇ ਛਿਲਕਿਆਂ ਦਾ ਚੂਰਨ ਬਣਾ ਲਵੋ ਤੇ ਇਸ ਦਾ ਕੋਸੇ ਪਾਣੀ ਨਾਲ ਸੇਵਨ ਕਰੋ ਇਸ ਨਾਲ ਖ਼ਾਂਸੀ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ।

### ਹਾਈ ਬਲੱਡ ਪ੍ਰੈਸ਼ਰ ਨੂੰ ਕੰਟਰੋਲ ਕਰਨਾ

ਇਸ ਦਾ ਚੂਰਨ ਕੋਲੈਸਟ੍ਰੋਲ ਨੂੰ ਘੱਟ ਕਰਦਾ ਹੈ ਤੇ ਹਾਈ ਬੀਪੀ ਨੂੰ ਕੰਟਰੋਲ ਕਰਦਾ ਹੈ। ਇਸ ਦੇ ਸੇਵਨ ਨਾਲ ਦਰਦ ਹੌਲੀ-ਹੌਲੀ ਘੱਟ ਹੁੰਦਾ ਹੈ। ਵੱਧੇ ਹੋਏ ਕੋਲੈਸਟ੍ਰੋਲ ਨੂੰ ਘੱਟ ਕਰਨ ਲਈ ਅੱਧਾ ਨੂੰ ਚਮਚ ਅਰਜੁਨ ਦੇ ਛਿਲਕਿਆਂ ਦਾ ਪਾਊਡਰ, 2 ਗਲਾਸ ਪਾਣੀ ਨੂੰ ਉਦੋਂ ਤਕ ਉਬਾਲੋ ਜਦੋਂ ਤਕ ਪਾਣੀ ਅੱਧਾ ਨਾ ਹੋ ਜਾਵੇ। ਇਸ ਪਾਣੀ ਨੂੰ ਛਾਣ ਕੇ ਤੇ ਠੰਢਾ ਹੋਣ 'ਤੇ ਇਸ ਨੂੰ ਇਕ ਸਮੇਂ ਪਿਓ। ਇਸ ਨਾਲ ਬਲੱਡ ਵੀ ਕੰਟਰੋਲ ਹੋ ਜਾਵੇਗਾ।

### ਮੂੰਹ ਦੇ ਛਾਲਿਆਂ ਲਈ

ਨਾਰੀਅਲ ਦੇ ਤੇਲ ਨੂੰ ਇਸ ਦੇ ਚੂਰਨ 'ਚ ਮਿਲਾ ਕੇ ਛਾਲਿਆਂ 'ਤੇ ਲਗਾਉਣ ਨਾਲ ਛਾਲੇ ਠੀਕ ਹੋ ਸਕਦੇ ਹਨ। ਇਸ ਦੇ ਚੂਰਨ ਨੂੰ ਗੁੜ ਨਾਲ ਸੇਵਨ ਕਰਨ 'ਤੇ ਬੁਖ਼ਾਰ 'ਚ ਕਾਫ਼ੀ ਅਰਾਮ ਮਿਲਦਾ ਹੈ।

### ਵਾਲਾਂ ਦਾ ਵਿਕਾਸ

ਅਰਜੁਨ ਦੇ ਛਿਲਕੇ ਵਾਲਾਂ ਲਈ ਫ਼ਾਇਦੇਮੰਦ ਹੈ ਤੇ ਇਨ੍ਹਾਂ ਦੇ ਵਿਕਾਸ 'ਚ ਮਦਦ ਕਰਦਾ ਹੈ। ਅਰਜੁਨ ਦੇ ਛਿਲਕਿਆਂ ਨੂੰ ਮਹਿੰਦੀ 'ਚ ਮਿਲਾ ਕੇ ਸਿਰ 'ਤੇ ਲਗਾਉਣ ਨਾਲ ਸਫ਼ੈਦ ਵਾਲ ਕਾਲੇ ਹੋਣ ਲੱਗਦੇ ਹਨ। •



**ਬ੍ਰੈਸਟ ਕੈਂਸਰ ਤੁਹਾਨੂੰ ਜ਼ਿੰਦਗੀ 'ਚ ਸਭ ਕੁੱਝ, ਸਭ ਤੋਂ ਵਧੀਆ ਕਰਨ ਤੇ ਜੀਵਨ ਦੇ ਹਰ ਪਲ ਦਾ ਆਨੰਦ ਲੈਣ ਲਈ ਮਜਬੂਰ ਕਰ ਦਿੰਦਾ ਹੈ। ਇਹ ਤੁਹਾਨੂੰ ਸਦਾ ਲਈ ਬਦਲ ਦਿੰਦਾ ਹੈ ਪਰ ਇਹ ਤਬਦੀਲੀ ਪਾਜ਼ੇਟਿਵ ਹੋ ਸਕਦੀ ਹੈ ...**
*- ਜੈਕਲਿਨ ਸਮਿਥ, ਕੈਂਸਰ ਪੀੜ੍ਹਤ ਦੇ ਵਿਚਾਰ*

# ਬ੍ਰੈਸਟ ਕੈਂਸਰ ਤੋਂ ਬਚਾਉਂਦੀ ਹੈ ਸਿਹਤਮੰਦ ਜੀਵਨ ਸ਼ੈਲੀ

ਡਾ. ਸੋਨਾਲੀ ਸ਼ਰਮਾ

ਅੱਜ ਦੀ ਔਰਤ ਦੇ ਜੀਵਨ 'ਚ ਸਭ ਤੋਂ ਵੱਡਾ ਡਰ ਬ੍ਰੈਸਟ ਕੈਂਸਰ ਦਾ ਹੈ। ਆਧੁਨਿਕ ਜੀਵਨ-ਸ਼ੈਲੀ ਤੇ ਤਣਾਉਪੂਰਣ ਜ਼ਿੰਦਗੀ ਕਾਰਨ ਔਰਤਾਂ ਨੂੰ ਇਹ ਰੋਗ ਹੋਣ ਦਾ ਖ਼ਤਰਾ ਬਹੁਤ ਵੱਧ ਗਿਆ ਹੈ। ਭਾਰਤ 'ਚ ਬ੍ਰੈਸਟ ਕੈਂਸਰ ਦੇ ਮਰੀਜ਼ਾਂ ਦੀ ਗਿਣਤੀ ਬਹੁਤ ਤੇਜ਼ੀ ਨਾਲ ਵੱਧ ਰਹੀ ਹੈ। 50 ਸਾਲ ਤੋਂ ਵੱਧ ਉਮਰ ਦੀਆਂ 68 ਫ਼ੀਸਦੀ ਔਰਤਾਂ, 40 ਤੋਂ 50 ਸਾਲ ਦੀ ਉਮਰ ਦੀਆਂ 28 ਫ਼ੀਸਦੀ ਔਰਤਾਂ ਨੂੰ ਬ੍ਰੈਸਟ ਕੈਂਸਰ ਹੋ ਰਿਹਾ ਹੈ ਅਤੇ ਬਾਕੀ 20 ਫ਼ੀਸਦੀ ਔਰਤਾਂ 20 ਤੋਂ 40 ਸਾਲ ਉਮਰ ਵਰਗ ਦੀਆਂ ਹੁੰਦੀਆਂ ਹਨ।

### ਨਿਯਮਿਤ ਜਾਂਚ

ਕੈਂਸਰ ਨੂੰ ਰੋਕਿਆ ਨਹੀਂ ਜਾ ਸਕਦਾ ਪਰ ਕੈਂਸਰ ਹੋਣ ਦਾ ਸਭ ਤੋਂ ਪਹਿਲਾ ਕਾਰਨ ਹੈ ਇਕ ਔਰਤ ਹੋਣਾ। ਕੋਈ ਭਾਵੇਂ ਇਸ ਨੂੰ ਇਕ ਔਰਤ ਹੋਣ ਦਾ ਨੁਕਸਾਨ ਮੰਨੇ ਪਰ ਸਾਨੂੰ ਪਰਮਾਤਮਾ ਵੱਲੋਂ ਦਿੱਤੇ ਗਏ ਸਰੀਰ ਰੂਪੀ ਅਨਮੋਲ ਤੋਹਫ਼ੇ ਦਾ ਭਰਪੂਰ ਆਨੰਦ ਲੈਣਾ ਚਾਹੀਦਾ ਹੈ ਕਿਉਂਕਿ ਇਲਾਜ ਨਾਲੋਂ ਪਰਹੇਜ਼ ਬਿਹਤਰ ਹੁੰਦਾ ਹੈ। ਬ੍ਰੈਸਟ ਕੈਂਸਰ ਤੋਂ ਬਚਣ ਲਈ ਬਹੁਤ ਸਾਰੀਆਂ ਗੱਲਾਂ ਦਾ ਧਿਆਨ ਰੱਖਣਾ ਪੈਂਦਾ ਹੈ, ਜਿਵੇਂ ਕਿ ਬ੍ਰੈਸਟ ਜਾਂ ਛਾਤੀ ਦੀ ਨਿਯਮਿਤ ਜਾਂਚ, ਪਰਿਵਾਰ ਦੇ ਪਿਛੋਕੜ ਦੀ ਜਾਣਕਾਰੀ, ਨਿਰੰਤਰ ਕਸਰਤ ਲਈ ਸਮਾਂ ਤੇ ਹੋਰ ਬਹੁਤ ਕੁੱਝ।

### ਖਾਣ-ਪੀਣ ਬਾਰੇ ਜਾਗਰੂਕਤਾ

ਜਦੋਂ ਗੱਲ ਖਾਣ-ਪੀਣ ਦੀਆਂ ਆਦਤਾਂ ਦੀ ਤੁਰਦੀ ਹੈ ਤਾਂ ਸੰਤੁਲਿਤ ਅਤੇ ਪੌਸ਼ਟਿਕ ਖ਼ੁਰਾਕ ਲੈ ਕੇ ਕੈਂਸਰ ਤੋਂ ਬਚਿਆ ਵੀ ਜਾ ਸਕਦਾ ਹੈ ਅਤੇ ਇਸ ਨਾਲ ਲੜਿਆ ਵੀ ਜਾ ਸਕਦਾ ਹੈ। ਹਰੀਆਂ ਸਬਜ਼ੀਆਂ, ਪਿਆਜ਼, ਬੇਰੀਜ਼, ਨਟਸ ਆਦਿ ਬ੍ਰੈਸਟ ਕੈਂਸਰ ਦੇ ਸੈੱਲਾਂ ਨੂੰ ਵਧਣ ਤੋਂ ਰੋਕਦੇ ਹਨ ਅਤੇ ਇਨ੍ਹਾਂ ਨਾਲ ਐਸਟਰੋਜਨ ਪੈਦਾ ਹੁੰਦੇ ਹਨ, ਜੋ ਬ੍ਰੈਸਟ ਕੈਂਸਰ ਨਾਲ ਲੜਨ 'ਚ ਮਦਦ ਕਰਦੇ ਹਨ। ਇਸੇ ਤਰ੍ਹਾਂ ਵਿਟਾਮਿਨ-ਡੀ, ਅਲਸੀ ਦੇ ਬੀਜਾਂ ਦੇ ਨਾਲ-ਨਾਲ ਭਰਪੂਰ ਭੋਜਨ ਵੀ ਬ੍ਰੈਸਟ ਕੈਂਸਰ ਨਾਲ ਲੜਨ 'ਚ ਮਦਦ ਕਰਦੇ ਹਨ।

ਆਪਣੇ ਜੀਵਨ 'ਚ ਖਾਣ-ਪੀਣ ਦੀਆਂ ਆਦਤਾਂ 'ਚ ਥੋੜ੍ਹੀ ਜਿਹੀ ਤਬਦੀਲੀ ਕਰ ਕੇ ਹੀ ਬ੍ਰੈਸਟ ਕੈਂਸਰ ਤੋਂ ਬਚਿਆ ਜਾ ਸਕਦਾ ਹੈ। ਮਾਸ, ਮੱਛੀ, ਡੇਅਰੀ ਉਤਪਾਦਾਂ ਅਤੇ ਤਲੇ ਹੋਏ ਭੋਜਨ ਨੂੰ ਹਮੇਸ਼ਾ ਲਈ ਅਲਵਿਦਾ ਕਹਿਣਾ ਪਏਗਾ ਤੇ ਪੌਸ਼ਟਿਕ ਭੋਜਨ ਖਾਓ ਜਿਵੇਂ ਹਰੀਆਂ ਸਬਜ਼ੀਆਂ, ਫਲ, ਤੇ ਦੁੱਧ ਤੋਂ ਬਣੇ ਪਦਾਰਥਾਂ ਦਾ ਸੇਵਨ ਕਰਨ ਨਾਲ ਰੋਗਾਂ ਨਾਲ ਲੜਨ ਦੀ ਸ਼ਕਤੀ ਵੱਧ ਸਕੇ ਅਤੇ ਤੁਹਾਨੂੰ ਬਿਮਾਰੀ ਕਾਰਨ ਐਂਟੀ-ਬਾਇਓਟਿਕ ਦਵਾਈਆਂ ਨਾ ਖਾਣੀਆਂ ਪੈਣ। ਬ੍ਰੈਸਟ ਕੈਂਸਰ ਦਾ ਇਕ ਮੁੱਖ ਕਾਰਨ ਇਹ ਵੀ ਹੁੰਦਾ ਹੈ ਕਿ ਤੁਸੀਂ ਤਰ੍ਹਾਂ-ਤਰ੍ਹਾਂ ਦੀਆਂ ਦਵਾਈਆਂ ਦਾ ਸੇਵਨ ਕਰਦੇ ਹੋ।

### ਮੋਟਾਪੇ ਤੇ ਨਸ਼ੇਖੋਰੀ ਤੋਂ ਬਚਾਅ

ਕੀ ਖਾਣਾ ਹੈ ਤੇ ਕੀ ਨਹੀਂ ਖਾਣਾ, ਇਸ ਦਾ ਫ਼ੈਸਲਾ ਲੈਣ ਤੋਂ ਬਾਅਦ ਬ੍ਰੈਸਟ ਕੈਂਸਰ ਤੋਂ ਬਚਣ ਲਈ ਅਗਲਾ ਅਹਿਮ ਕਦਮ ਹੈ ਹੈਲਥੀ ਲਾਈਫ ਸਟਾਈਲ। ਐਕਟਿਵ ਲਾਈਫ ਸਟਾਈਲ ਦੇ ਨਾਲ-ਨਾਲ ਭਾਰ ਨੂੰ ਕਾਬੂ 'ਚ ਰਖਣਾ ਵੀ ਓਨਾ ਹੀ ਜ਼ਰੂਰੀ ਹੈ ਜਿੰਨਾ ਸਾਹ ਲੈਣਾ।

ਸਾਡੇ 'ਚੋਂ ਜ਼ਿਆਦਾਤਰ ਲੋਕ ਫਿੱਟ ਰਹਿਣ ਦੀ ਲੋੜ ਵੱਲ ਧਿਆਨ ਨਹੀਂ ਦਿੰਦੇ। ਬ੍ਰੈਸਟ ਕੈਂਸਰ ਦੇ 17 ਫ਼ੀਸਦੀ ਮਾਮਲੇ ਮੋਟਾਪੇ ਕਾਰਨ ਹੁੰਦੇ ਹਨ। ਇਸ ਦੇ ਨਾਲ ਹੀ ਸ਼ਰਾਬ ਅਤੇ ਸਿਗਰਟ ਦੀ ਵਰਤੋਂ ਤੋਂ ਵੀ ਬਚਣਾ ਚਾਹੀਦਾ ਹੈ। ਹਫ਼ਤੇ ਵਿਚ 4 ਤੋਂ 6 ਪੈੱਗ ਦਾਰੂ ਦਾ ਮਤਲਬ ਹੈ ਬ੍ਰੈਸਟ ਕੈਂਸਰ ਨੂੰ ਸੱਦਾ ਦੇਣਾ। ਇਸ ਨਾਲ ਬ੍ਰੈਸਟ ਕੈਂਸਰ ਦਾ ਖ਼ਤਰਾ 15 ਫ਼ੀਸਦੀ ਤਕ ਵੱਧ ਜਾਂਦਾ ਹੈ। ਇਸ ਲਈ ਸ਼ਰਾਬ ਪੀਣ ਤੋਂ ਪਹਿਲਾਂ ਸੋਚੋ ਜ਼ਰੂਰ, ਕਿਉਂਕਿ ਇਹ ਕੁੱਝ ਪਲ ਦਾ ਮਜ਼ਾ ਤੁਹਾਡੀ ਜ਼ਿੰਦਗੀ ਨਾਲ ਖਿਲਵਾੜ ਕਰ ਸਕਦਾ ਹੈ।

### ਬਿਹਤਰ ਜੀਵਨ ਸ਼ੈਲੀ

ਇਸ ਦੇ ਨਾਲ ਹੀ ਖ਼ੁਦ ਨੂੰ ਪਿਆਰ ਕਰ ਕੇ ਵੀ ਕੈਂਸਰ ਨੂੰ ਦੂਰ ਭਜਾਇਆ ਜਾ ਸਕਦਾ ਹੈ। ਜੇ ਤੁਸੀਂ ਖ਼ੁਦ ਨਾਲ ਅਤੇ ਆਪਣੇ ਪਰਿਵਾਰ ਨਾਲ ਪਿਆਰ ਕਰਦੇ ਹੋ ਤਾਂ ਆਪਣੇ ਆਪ ਸਿਹਤਮੰਦ ਅਤੇ ਵਧੀਆ ਆਦਤਾਂ ਪਾ ਲੈਂਦੇ ਹੋ। ਕੈਂਸਰ ਹੋਣ ਦਾ ਇੰਤਜ਼ਾਰ ਨਾ ਕਰੋ, ਬਲਕਿ ਕੈਂਸਰ ਹੋਵੇ ਹੀ ਨਾ, ਇਸ ਦੇ ਲਈ ਪਹਿਲਾਂ ਹੀ ਆਪਣੇ ਜੀਵਨ ਨੂੰ ਬਿਹਤਰ ਜੀਵਨ ਸ਼ੈਲੀ 'ਚ ਢਾਲ ਲਓ। ਇਸ ਬ੍ਰੈਸਟ ਕੈਂਸਰ ਮਹੀਨੇ 'ਚ ਤੁਸੀਂ ਵੀ ਬ੍ਰੈਸਟ ਕੈਂਸਰ ਨਾਲ ਲੜਨ ਦਾ ਪ੍ਰਣ ਕਰੋ ਤੇ ਸਿਹਤਮੰਦ ਭਵਿੱਖ ਬਣਾਓ। ਔਰਤਾਂ ਅਤੇ ਮਰਦਾਂ ਦੋਵਾਂ ਨੂੰ ਆਪਣੇ ਸਰੀਰ ਪ੍ਰਤੀ ਅਗਾਹ ਹੋਣਾ ਚਾਹੀਦਾ ਹੈ ਤੇ ਸਮੇਂ ਸਮੇ 'ਤੇ ਚੈੱਕਅਪ ਕਰਾਉਣਾ ਚਾਹੀਦਾ ਹੈ। •



# ਪੁਰਸ਼ਾਂ ਨੂੰ ਵੀ ਹੁੰਦਾ ਹੈ ਬ੍ਰੈਸਟ ਕੈਂਸਰ



ਡਾ. ਰਿਪੁਦਮਨ ਸਿੰਘ

ਅੱਜ ਤਕ ਮੰਨਿਆ ਜਾ ਰਿਹਾ ਹੈ ਕਿ ਬ੍ਰੈਸਟ ਕੈਂਸਰ ਸਿਰਫ਼ ਔਰਤਾਂ ਨੂੰ ਹੀ ਹੁੰਦਾ ਹੈ ਕਿਉਂਕਿ ਪੁਰਸ਼ਾਂ ਦੇ ਬ੍ਰੈਸਟ ਨਹੀਂ ਹੁੰਦੀ। ਇਹ ਇਕ ਗ਼ਲਤ ਧਾਰਣਾ ਹੈ ਜਦਕਿ ਸੱਚਾਈ ਇਹ ਹੈ ਕਿ ਪੁਰਸ਼ਾਂ ਕੋਲ ਬ੍ਰੈਸਟ ਟਿਸ਼ੂ ਭਾਵ ਥਣ ਊਤਕ ਹੁੰਦੇ ਹਨ। ਇਸਤਰੀ ਅਤੇ ਪੁਰਸ਼ਾਂ ਦੀਆਂ ਛਾਤੀਆਂ ਦੀ ਅੰਦਰੂਨੀ ਬਣਤਰ ਬਹੁਤ ਹੱਦ ਤਕ ਇੱਕੋ ਜਿਹੀ ਹੁੰਦੀ ਹੈ ਅਤੇ ਰੋਗ ਵੀ। ਇਸ ਲਈ ਪੁਰਸ਼ਾਂ ਨੂੰ ਵੀ ਬ੍ਰੈਸਟ ਕੈਂਸਰ ਹੋ ਸਕਦਾ ਹੈ। ਪੁਰਸ਼ਾਂ ਵਿਚ ਬ੍ਰੈਸਟ ਕੈਂਸਰ ਇਕ ਅਨੋਖਾ ਰੋਗ ਹੈ ਅਤੇ ਇਹ ਸਾਰੇ ਤਰ੍ਹਾਂ ਦੇ ਬ੍ਰੈਸਟ ਕੈਂਸਰ ਦਾ ਸਿਰਫ਼ ਇਕ ਫ਼ੀਸਦੀ ਹੈ। ਇਸ ਬਾਰੇ ਪੁਰਸ਼ਾਂ ਨੂੰ ਕੁੱਝ ਅਜੀਬ ਹੋਣ ਦਾ ਸ਼ੱਕ ਘੱਟ ਹੀ ਰਹਿੰਦਾ ਹੈ। ਮਰਦ ਵੀ ਘੱਟ ਚੇਤੰਨਤਾ ਦਿਖਾਉਂਦੇ ਹਨ, ਜੋ ਉਨ੍ਹਾਂ ਨੂੰ ਬ੍ਰੈਸਟ ਕੈਂਸਰ ਦੀ ਸੰਦੇਹ ਤੋਂ ਪਰੇ ਕਰ ਦਿੰਦੀ ਹੈ ਤੇ ਉਹ ਕਰਵਾਈ ਜਾਣ ਵਾਲੀ ਜਾਂਚ-ਪੜਤਾਲ ਨੂੰ ਦਰਕਿਨਾਰ ਕਰ ਦਿੰਦੇ ਹਨ, ਜਿਸ ਦੇ ਸਿੱਟੇ ਉਨ੍ਹਾਂ ਨੂੰ ਬਾਅਦ ਵਿਚ ਭੁਗਤਣੇ ਪੈਂਦੇ ਹਨ।

### ਪੁਰਸ਼ਾਂ 'ਚ ਬ੍ਰੈਸਟ ਕੈਂਸਰ ਸਬੰਧੀ ਖ਼ਤਰੇ

ਜੱਦੀ ਜਾਂ ਪਿਤਾ-ਪੁਰਖੀ ਗੁਣ ਔਰਤਾਂ ਦੇ ਬ੍ਰੈਸਟ ਕੈਂਸਰ ਵਿਚ ਵੱਡੀ ਭੂਮਿਕਾ ਨਹੀਂ ਨਿਭਾਉਂਦੇ ਪਰ ਮਰਦਾਂ ਵਿਚ ਇਸ ਦੀ ਭੂਮਿਕਾ ਵੱਡੇ ਪੱਧਰ 'ਤੇ ਹੁੰਦੀ ਹੈ। ਟੈਸਟੀਜ਼ ਜਾਂ ਅੰਡਕੋਸ਼ਾਂ ਦੀ ਸੋਜ਼ਿਸ਼ ਬ੍ਰੈਸਟ ਕੈਂਸਰ ਦੇ ਖ਼ਤਰੇ ਨੂੰ ਵਧਾ ਸਕਦੀ ਹੈ। ਖਾਣ ਪੀਣ ਦੀ ਖ਼ਰਾਬ ਆਦਤ, ਮੋਟਾਪਾ, ਸ਼ਰਾਬ ਦਾ ਜ਼ਿਆਦਾ ਸੇਵਨ ਜਾਂ ਸਿਗਰਟਨੋਸ਼ੀ ਇਸ ਦੀਆਂ ਸੰਭਾਵਨਾਵਾਂ ਨੂੰ ਕਈ ਗੁਣਾ ਵਧਾ ਦਿੰਦੀਆਂ ਹਨ। ਹਾਰਮੋਨਲ ਦਵਾਈਆਂ ਜਾਂ ਹਰਬਲ ਪੂਰਕ ਖਾਣੇ ਦੇ ਸੇਵਨ ਦੀ ਭੈੜੀ ਆਦਤ।

### ਲੱਛਣ

ਛਾਤੀ ਵਿਚ ਗੱਠਾਂ ਦਾ ਬਣ ਜਾਣਾ ਬ੍ਰੈਸਟ ਕੈਂਸਰ ਦਾ ਸਭ ਤੋਂ ਮਹੱਤਵਪੂਰਨ ਸੰਕੇਤ ਹੈ। ਛਾਤੀ ਜਾਂ ਨਿਪਲਜ਼ ਦੇ ਚਾਰੇ ਪਾਸੇ ਦੀ ਚਮੜੀ ਉੱਪਰ ਖੱਡੇ ਪੈਣੇ ਜਾਂ ਉਨ੍ਹਾਂ ਵਿਚ ਕੋਈ ਵੱਡੀ ਤਬਦੀਲੀ ਆਉਣਾ ਵੀ ਬ੍ਰੈਸਟ ਕੈਂਸਰ ਦੇ ਸੰਕੇਤ ਹੋ ਸਕਦੇ ਹਨ। ਛਾਤੀ ਵਿਚ ਦਰਦ ਰਹਿਣਾ ਅਤੇ ਨਿਪਲ ਜ਼ਰੀਏ ਤਰਲ ਪਦਾਰਥ ਦਾ ਰਿਸਣਾ, ਨਿਪਲ ਦੇ ਚਾਰੇ ਪਾਸੇ ਜ਼ਖ਼ਮ ਹੋਣੇ। ਲਿੰਫ-ਨੋਡਜ਼ ਦਾ ਅੰਡਰ-ਆਰਮ ਤੇ ਏਰੋਲਾ ਖੇਤਰ ਤਕ ਵਧਣਾ। ਮਰਦਾਂ ਵਿਚ ਛਾਤੀਆਂ ਦੇ ਵਾਧੇ ਨੂੰ 'ਗਾਇਨੇਕੋਮਾਸਟੀਆ' ਆਖਦੇ ਹਨ। ਅਜਿਹੇ ਵਾਧੇ ਕਾਰਨ ਉਨ੍ਹਾਂ ਅੰਦਰ ਬ੍ਰੈਸਟ ਕੈਂਸਰ ਦਾ ਖ਼ਤਰਾ ਵੱਧ ਜਾਂਦਾ ਹੈ।

### ਰੋਕਥਾਮ ਦੇ ਉਪਾਅ

ਆਪਣੇ ਆਪ ਨੂੰ ਜਾਨਣਾ, ਪਰਿਵਾਰਿਕ ਇਤਿਹਾਸ ਦਾ ਪਤਾ ਲਗਾਉਣਾ। ਰੋਗ ਦੇ ਸਾਰੇ ਮਾਮਲਿਆਂ ਵਿਚ ਘੱਟੋ ਘੱਟ 10 ਫ਼ੀਸਦੀ ਯੋਗਦਾਨ ਹੈਰੀਡਿਟਰ ਜਾਂ ਪਿਤਾ-ਪੁਰਖੀ ਬ੍ਰੈਸਟ ਕੈਂਸਰ ਦਾ ਹੈ। ਮੋਟਾਪੇ ਕਾਰਨ ਬ੍ਰੈਸਟ ਕੈਂਸਰ, ਹਿਰਦੇ ਰੋਗ ਤੇ ਕਈ ਬੀਮਾਰੀਆਂ ਹੋਣ ਦੇ ਖ਼ਤਰੇ ਵੱਧ ਜਾਂਦੇ ਹਨ ਇਸ ਲਈ ਸਰੀਰ ਦਾ ਇਕ ਆਦਰਸ਼ ਭਾਰ ਕਾਇਮ ਰੱਖੋ। ਚਰਬੀ ਜਾਂ ਫੈਟ ਨੂੰ ਘਟਾਓ। ਸਰੀਰਕ ਗਤੀਵਿਧੀਆਂ ਜਾਂ ਕਸਰਤ ਤੁਹਾਨੂੰ ਇਕ ਤੰਦਰੁਸਤ ਵਜ਼ਨ ਪ੍ਰਦਾਨ ਕਰਨ 'ਚ ਮਦਦ ਕਰਦੀਆਂ ਹਨ, ਜਿਸ ਨਾਲ ਬ੍ਰੈਸਟ ਕੈਂਸਰ ਨੂੰ ਕਾਫ਼ੀ ਹੱਦ ਤਕ ਰੋਕਿਆ ਜਾ ਸਕਦਾ ਹੈ।

### ਖਾਣ-ਪੀਣ ਦੀਆਂ ਆਦਤਾਂ

ਹਾਈ ਗਲਾਈਸੈਮਿਕ ਇੰਡੈਕਸ ਵਾਲੇ ਖਾਣੇ ਜਿਵੇਂ ਸਫ਼ੈਦ ਆਟਾ, ਸਫ਼ੈਦ ਚਾਵਲ, ਆਲੂ, ਚੀਨੀ ਆਦਿ ਨੂੰ ਘੱਟ ਕਰੋ ਕਿਉਂਕਿ ਇਨ੍ਹਾਂ ਨੂੰ ਖਾਂਦਿਆਂ ਹੀ ਸਰੀਰ ਵਿਚ ਹਾਰਮੋਨ ਸਬੰਧੀ ਤਬਦੀਲੀਆਂ ਪੈਦਾ ਹੁੰਦੀਆਂ ਹਨ। ਇਹ ਤਬਦੀਲੀਆਂ ਛਾਤੀ ਦੀਆਂ ਕੋਸ਼ਿਕਾਵਾਂ ਦੇ ਵਾਧੇ ਦਾ ਕਾਰਨ ਬਣਦੀਆਂ ਹਨ। ਸਿਗਰਟਨੋਸ਼ੀ ਤੇ ਅਲਕੋਹਲ ਦੀ ਵਰਤੋਂ ਤੋਂ ਪਰਹੇਜ਼ ਕਰੋ। ਇਨ੍ਹਾਂ ਦੋਵਾਂ ਚੀਜ਼ਾਂ ਦੀ ਲਤ ਸਮੇਂ ਨਾਲ ਵਧਦੀ ਜਾਂਦੀ ਹੈ, ਜੋ ਮੁਸੀਬਤ ਦੀ ਜੜ੍ਹ ਹੈ। ਚੈਕਅੱਪ ਅਤੇ ਕੈਂਸਰ ਸਕਰੀਨਿੰਗ ਟੈਸਟ ਜ਼ਰੂਰ ਕਰਵਾਓ। ਡਰ ਹਮੇਸ਼ਾ ਬਿਮਾਰੀ ਨੂੰ ਵਧਾਉਂਦਾ ਹੈ, ਇਸ ਲਈ ਡਰ ਨੂੰ ਛੱਡੋ ਅਤੇ ਡਾਕਟਰੀ ਸਹਾਇਤਾ ਲਵੋ।

•98152-00134

### ਜੀਵਨਸ਼ੈਲੀ 'ਚ ਲਿਆਓ ਤਬਦੀਲੀ

*ਪ੍ਰਿਵੈਂਟਿਵ ਹੈਲਥ-ਕੇਅਰ ਮਾਹਰਾਂ ਦਾ ਕਹਿਣਾ ਹੈ ਕਿ ਜ਼ਿਆਦਾਤਰ ਮਾਮਲਿਆਂ ਵਿਚ ਪੁਰਸ਼ਾਂ 'ਚ ਬ੍ਰੈਸਟ ਕੈਂਸਰ ਦਾ ਰੋਗ-ਨਿਦਾਨ ਔਰਤਾਂ ਦੀ ਤੁਲਨਾ 'ਚ ਵਿਕਸਿਤ ਪੱਧਰ ਉੱਤੇ ਹੁੰਦਾ ਹੈ। ਮੋਟਾਪਾ ਅਤੇ ਹਾਈ ਬਲੱਡ ਪ੍ਰੈਸ਼ਰ ਬ੍ਰੈਸਟ ਕੈਂਸਰ ਦੇ ਵੱਡੇ ਖ਼ਤਰੇ ਹਨ। ਆਪਣੀ ਜੀਵਨ ਸ਼ੈਲੀ ਵਿਚ ਤਬਦੀਲੀ ਲਿਆ ਕੇ ਇਸ ਖ਼ਤਰੇ ਨੂੰ ਘੱਟ ਕੀਤਾ ਜਾ ਸਕਦਾ ਹੈ। ਸ਼ੁਰੂਆਤੀ ਦੌਰ ਵਿਚ ਬ੍ਰੈਸਟ ਕੈਂਸਰ ਬਾਰੇ ਪਤਾ ਚੱਲ ਜਾਣਾ ਅਤੇ ਫ਼ੌਰੀ ਤੌਰ 'ਤੇ ਇਸ ਦਾ ਇਲਾਜ ਕਰਵਾਉਣਾ ਹੀ ਪੁਰਖ ਬ੍ਰੈਸਟ ਕੈਂਸਰ ਦੇ ਮਾਮਲਿਆਂ ਨੂੰ ਘਟਾਉਣ ਦੀ ਸਭ ਤੋਂ ਵਧੀਆ ਰਣਨੀਤੀ ਹੈ।*



# ਗਰਦਨ ਦੇ ਦਰਦ ਨੂੰ ਦੂਰ ਕਰੇ ਇਹ ਤੇਲ

ਗਰਦਨ ਸਰੀਰ ਦਾ ਬਹੁਤ ਹੀ ਕੋਮਲ ਭਾਗ ਹੁੰਦਾ ਹੈ। ਲਗਾਤਾਰ ਝੁਕ ਕੇ ਕੰਮ ਕਰਨਾ, ਲੰਬੇ ਸਮੇਂ ਤਕ ਇਕ ਹੀ ਸਥਿਤੀ 'ਚ ਬੈਠੇ ਰਹਿਣਾ, ਕੰਪਿਊਟਰ 'ਤੇ ਲੰਬੇ ਸਮੇਂ ਤਕ ਕੰਮ ਕਰਨਾ, ਸਿਰ੍ਹਾਣਾ ਲੈ ਕੇ ਸੌਣਾ ਆਦਿ ਦੇ ਕਾਰਨ ਗਰਦਨ ਦਰਦ ਦੀ ਸ਼ਿਕਾਇਤ ਹੋ ਸਕਦੀ ਹੈ।



### ਜੈਤੂਨ ਦਾ ਤੇਲ

ਇਹ ਤੇਲ ਬਹੁਤ ਹੀ ਗੁਣਕਾਰੀ ਹੁੰਦਾ ਹੈ। ਦਰਦ ਨੂੰ ਘਰ ਬੈਠੇ ਠੀਕ ਕਰਨ ਲਈ ਇਹ ਲਾਭਕਾਰੀ ਹੈ। ਇਸ ਨਾਲ ਰੋਜ਼ਾਨਾ ਦੋ ਵਾਰ ਗਰਦਨ ਦੀ ਮਸਾਜ ਕਰ ਸਕਦੇ ਹਾਂ।

### ਨਮਕ

ਨਮਕ 'ਚ ਮੈਗਨਿਸ਼ਿਅਮ ਸਲਫੇਟ ਹੁੰਦਾ ਹੈ ਜੋ ਨੈਚੁਰਲ ਤਰੀਕੇ ਨਾਲ ਦਰਦ ਨੂੰ ਦੂਰ ਕਰਨ 'ਚ ਮਦਦ ਕਰਦਾ ਹੈ।

### ਇਸਤੇਮਾਲ ਕਰਨ ਦਾ ਤਰੀਕਾ

ਇਕ ਕਟੋਰੀ 'ਚ ਜੈਤੂਨ ਦਾ ਤੇਲ ਤੇ ਨਮਕ ਪਾ ਕੇ ਚੰਗੀ ਤਰ੍ਹਾਂ ਮਿਲਾ ਲਵੋ ਇਸ ਨੂੰ ਬੰਦ ਕਰ ਕੇ ਸਾਇਡ ਤੇ ਰੱਖ ਦਿਓ। ਇਸ ਨਾਲ ਤੇਲ ਦਾ ਰੰਗ ਹਲਕਾ ਹੋ ਜਾਵੇਗਾ। ਇਸ ਤੇਲ ਨੂੰ 2-3 ਮਿੰਟ ਗਰਦਨ ਦੀ ਮਸਾਜ ਕਰੋ। ਇਸ ਨਾਲ ਗਰਦਨ ਨੂੰ ਰਾਹਤ ਮਿਲ ਸਕਦੀ ਹੈ।

• ਫੀਚਰ ਡੈਸਕ

# ਰਾਜਮਾਹ ਸਿਹਤ ਲਈ ਗੁਣਕਾਰੀ

ਰਾਜਮਾਹ ਜਿੰਨੇ ਖਾਣ 'ਚੇ ਸੁਆਦ ਹੁੰਦੇ ਹਨ ਉਨ੍ਹੇ ਹੀ ਸਾਡੀ ਸਿਹਤ ਲਈ ਲਾਭਕਾਰੀ ਹੈ। ਇਸ 'ਚ ਆਇਰਨ, ਮੈਗਨਿਸ਼ਿਅਮ ਤੇ ਫਾਇਬਰ ਕਾਫ਼ੀ ਮਾਤਰਾ 'ਚ ਪਾਇਆ ਜਾਂਦਾ ਹੈ। ਜੋ ਸਾਡੇ ਬਲੱਡ ਪ੍ਰੈਸ਼ਨ ਨੂੰ ਕੰਟ੍ਰੋਲ ਕਰਦੇ ਹਨ। ਇਸ ਦੇ ਇਲਾਵਾ ਰਾਜਮਾਹ ਖਾਣ ਨਾਲ ਕਈ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ। ਰਾਜਮਾਹ 'ਚ ਬਹੁਤ ਸਾਰਾ ਪ੍ਰੋਟੀਨ, ਫਾਇਬਰ, ਵਿਟਾਮਿਨ ਤੇ ਆਇਰਨ ਆਦਿ ਕਈ ਤਰ੍ਹਾਂ ਦੇ ਪੌਸ਼ਟਿਕ ਤੱਤ ਮਿਲੇ ਹੋਏ ਹੁੰਦੇ ਹਨ।



### ਇਮਿਊਨ ਸਿਸਟਮ ਵਧਣਾ

ਰਾਜਮਾਹ 'ਚ ਸਿਰਫ਼ ਫਾਇਬਰ ਤੇ ਪ੍ਰੋਟੀਨ ਹੀ ਨਹੀਂ ਹੁੰਦੇ ਬਲਕਿ ਕਾਫ਼ੀ ਮਾਤਰਾ 'ਚ ਐਂਟੀਔਕਸੀਡੇਂਟ੍ਰਸ ਵੀ ਪਾਏ ਜਾਂਦੇ ਹਨ। ਐਂਟੀਔਕਸੀਡੇਂਟ੍ਰਸ ਇਮਿਊਨ ਸਿਸਟਮ ਨੂੰ ਵਧਾਉਂਦਾ ਹੈ ਤੇ ਫ੍ਰੀ ਰੇਡਿਕਲਸ ਨਾਲ ਇਸ ਨੂੰ ਮੁਕਤ ਰੱਖਦੇ ਹਨ। ਇਸ ਤਰ੍ਹਾਂ ਮੰਨਿਆ ਜਾਂਦਾ ਹੈ ਕਿ ਐਂਟੀਔਕਸੀਡੇਂਟ੍ਰਸ 'ਚ ਐਂਟੀ-ਐਜਿੰਗ ਤੱਤ ਵੀ ਪਾਏ ਜਾਂਦੇ ਹਨ।

### ਕੋਲੈਸਟ੍ਰੋਲ ਲੈਵਲ ਘੱਟ ਕਰੇ

ਰਾਜਮਾਹ 'ਚ ਕਾਫ਼ੀ ਮਾਤਰਾ 'ਚ ਫਾਇਬਰ ਪਾਇਆ ਜਾਂਦਾ ਹੈ। ਇਸ ਲਈ ਇਹ ਕੋਲੈਸਟ੍ਰੋਲ ਲੈਵਲ ਘੱਟ ਕਰਨ 'ਚ ਮਦਦ ਕਰਦਾ ਹੈ।

### ਕਬਜ਼ ਤੋਂ ਮੁਕਤ

ਜੇ ਤੁਹਾਨੂੰ ਕਬਜ਼ ਦੀ ਸਮੱਸਿਆ ਰਹਿੰਦੀ ਹੈ ਤਾਂ ਤੁਸੀ ਰਾਜਮਾਹ ਦਾ ਸੇਵਨ ਕਰ ਸਕਦੇ ਹੋ। ਵੈਸੇ ਤਾਂ ਲੋਕ ਇਸ ਨੂੰ ਸਬਜ਼ੀ ਦੇ ਰੂਪ 'ਚ ਖਾਂਦੇ ਹਨ ਪਰ ਤੁਸੀ ਇਸ ਨੂੰ ਉਬਾਲ ਕੇ ਸੁਆਦ ਦੇ ਤੌਰ 'ਤੇ ਵੀ ਖਾਂ ਸਕਦੇ ਹਾਂ ਇਹ ਕਬਜ਼ ਦੀ ਸਮੱਸਿਆ ਨੂੰ ਠੀਕ ਕਰਦੇ ਹਨ।

### ਆਕਸੀਜਨ ਦੀ ਸਰਕੁਲੇਸ਼ਨ ਨੂੰ ਵਧਾਏ

ਆਇਰਨ 'ਚ ਉਚਿੱਤ ਮਾਤਰਾ 'ਚ ਆਇਰਨ ਮੌਜੂਦ ਹੁੰਦਾ ਹੈ। ਜਿਸ ਕਰ ਕੇ ਇਹ ਤਾਕਤ ਦੇਣ ਦਾ ਕੰਮ ਕਰਦਾ ਹੈ ਸਰੀਰ 'ਚ ਮੇਟਾਬਾਲਿਜ਼ਮ ਤੇ ਊਰਜਾ ਦੇ ਲਈ ਆਇਰਨ ਦੀ ਜ਼ਰੂਰਤ ਹੁੰਦੀ ਹੈ। ਜੋ ਰਾਜਮਾਹ ਖਾਣ ਨਾਲ ਪੂਰੀ ਹੋ ਜਾਂਦੀ ਹੈ ਤੇ ਨਾਲ ਹੀ ਸਰੀਰ 'ਚ ਆਕਸੀਜਨ ਦੇ ਸਰਕੁਲੇਸ਼ਨ ਨੂੰ ਵਧਾਉਂਦਾ ਹੈ।

### ਜ਼ਿਆਦਾ ਮਾਤਰਾ 'ਚ ਵਿਟਾਮਿਨ

ਰਾਜਮਾਹ 'ਚ ਜ਼ਿਆਦਾ ਮਾਤਰਾ 'ਚ ਵਿਟਾਮਿਨ ਪਾਏ ਜਾਂਦੇ ਹਨ ਜੋ ਸਿਹਤ ਲਈ ਬਹੁਤ ਹੀ ਲਾਭਕਾਰੀ ਹੁੰਦੇ ਹਨ।

# ਇਨ੍ਹਾਂ ਬਿਮਾਰੀਆਂ 'ਚ ਕੰਮ ਆਉਂਦਾ ਹੈ ਨਾਰੀਅਲ ਤੇਲ

ਨਾਰੀਅਲ ਤੇਲ ਦਾ ਇਸਤੇਮਾਲ ਲੋਕ ਚਿਹਰੇ ਤੇ ਬਾਲ਼ 'ਤੇ ਕਰਦੇ ਹਨ। ਇਸ ਦੇ ਗੁਣਾਂ ਦੇ ਬਾਰੇ 'ਚ ਸ਼ਾਇਦ ਹੀ ਕੋਈ ਜਾਣਦਾ ਹੋਣਗਾ। ਨਾਰੀਅਲ ਤੇਲ ਸਾਨੂੰ ਬਿਮਾਰੀਆਂ ਤੋਂ ਬਚਾਉਂਦਾ ਹੈ।

### ਭੁੱਖ 'ਤੇ ਕੰਟਰੋਲ

ਜੇ ਤੁਹਾਨੂੰ ਵੀ ਵਾਰ-ਵਾਰ ਭੁੱਖ ਲੱਗਦੀ ਹੈ ਤਾਂ ਨਾਰੀਅਲ ਤੇਲ ਦਾ ਸੇਵਨ ਕਰੋ। ਨਾਰੀਅਲ ਤੇਲ 'ਚ ਕੈਲੋਰੀ ਦੀ ਮਾਤਰਾ ਕਾਫ਼ੀ ਹੁੰਦੀ ਹੈ ਜੋ ਭੁੱਖ ਨੂੰ ਕੰਟਰੋਲ ਕਰਦਾ ਹੈ।

### ਡਾਇਬਟੀਜ਼

ਡਾਇਬਟੀਜ਼ 'ਚ ਮਰੀਜ਼ ਦੇ ਲਈ ਨਾਰੀਅਲ ਤੇਲ ਬਹੁਤ ਹੀ ਵਧੀਆ ਹੈ।

### ਜੋੜਾਂ ਦਾ ਦਰਦ

ਨਾਰੀਅਲ ਤੇਲ 'ਚ ਕੈਲਸ਼ੀਅਮ ਹੁੰਦਾ ਹੈ। ਜੋ ਹੱਡੀਆਂ ਦੇ ਵਿਕਾਸ ਲਈ ਜ਼ਰੂਰੀ ਤੱਤ ਹੈ। ਇਸ ਨਾਲ ਜੋੜਾਂ ਦੇ ਦਰਦ ਦੀ ਸਮੱਸਿਆ ਦੂਰ ਹੋ ਜਾਂਦੀ ਹੈ।



### ਤਣਾਅ ਦੂਰ

ਤਣਾਅ ਅੱਜਕਲ੍ਹ ਹਰ ਇਕ ਵਿਅਕਤੀ ਦੀ ਕਮਜ਼ੋਰੀ ਬਣ ਚੁੱਕਾ ਹੈ। ਜੇ ਤੁਸੀ ਵੀ ਇਸ ਪਰੇਸ਼ਾਨੀ ਤੋਂ ਦੁੱਖੀ ਹੋ ਤਾਂ ਮੱਥੇ 'ਤੇ ਹਲਕੇ ਹੱਥਾਂ ਨਾਲ ਨਾਰੀਅਲ ਤੇਲ ਦੀ ਮਾਲਿਸ਼ ਕਰੋ। ਇਸ ਨਾਲ ਦਰਦ ਤੇ ਤਣਾਅ ਦੂਰ ਹੋ ਜਾਵੇਗਾ।

### ਦਾਗ਼

ਨਾਰੀਅਲ ਤੇਲ 'ਚ ਐਂਟੀ-ਵਾਇਰਸ ਗੁਣ ਹੁੰਦਾ ਹੈ ਜੋ ਦਾਗ਼ਾਂ ਨੂੰ ਦੂਰ ਕਰਦਾ ਹੈ।

### ਵਜ਼ਨ ਘੱਟਣਾ

ਨਾਰੀਅਲ ਤੇਲ 'ਚ ਫੈਟ ਦੀ ਮਾਤਰਾ ਘੱਟ ਹੁੰਦੀ ਹੈ। ਨਾਰੀਅਲ ਤੇਲ ਨੂੰ ਭੋਜਨ'ਚ ਇਸਤੇਮਾਲ ਕਰੋ ਸਿਹਤ ਲਈ ਬਹੁਤ ਵਧੀਆ ਹੈ।

# ਇਮਲੀ ਦੇ ਫ਼ਾਇਦੇ ਜਾਣ ਕੇ ਰਹਿ ਜਾਉਗੇ ਹੈਰਾਨ

ਇਮਲੀ ਸਿਰਫ਼ ਖਾਣਾ ਬਣਾਉਣ ਦੇ ਹੀ ਨਹੀਂ ਕੰਮ ਆਉਂਦੀ ਸਗੋਂ ਸਿਹਤ ਲਈ ਵੀ ਬਹੁਤ ਹੀ ਲਾਭਕਾਰੀ ਹੈ। ਇਸ 'ਚ ਮੌਜੂਦ ਆਇਰਨ, ਫਾਇਬਰ, ਮੈਗਨੀਜ, ਕੈਲਸ਼ੀਅਮ ਆਦਿ ਨਾਲ ਕਈ ਤਰ੍ਹਾਂ ਦੀਆਂ ਬਿਮਾਰੀਆਂ ਦੂਰ ਰਹਿੰਦੀਆਂ ਹਨ। ਆਓ ਦੇਖਦੇ ਹਾਂ ਰੋਜ਼ ਇਮਲੀ ਦਾ ਸੇਵਨ ਕਰਨ ਨਾਲ ਕੀ-ਕੀ ਫ਼ਾਇਦੇ ਮਿਲਦੇ ਹਨ।

### ਕੈਂਸਰ

ਕੁੱਝ ਦੇਰ ਲਈ ਇਮਲੀ ਨੂੰ ਪਾਣੀ 'ਚ ਡੋਬ ਕੇ ਰੱਖੋ ਤੇ ਹਰ ਰੋਜ਼ ਇਸ ਦਾ ਸੇਵਨ ਕਰੋ। ਇਸ 'ਚ ਐਂਟੀਔਕਸੀਡੇਂਟ ਤੇ ਐਸਿਡ ਭਰਪੂਰ ਮਾਤਰਾ 'ਚ ਹੁੰਦਾ ਹੈ। ਜਿਸ ਨਾਲ ਸਰੀਰ 'ਚ ਕੈਂਸਰ ਸੈਲਸ ਵੱਧ ਨਹੀਂ ਪਾਉਂਦੇ ਜਿਸ ਕਰ ਕੇ ਕੈਂਸਰ ਵਰਗੀਆਂ ਬਿਮਾਰੀਆਂ ਤੋਂ ਬਚਿਆ ਦਾ ਸਕਦਾ ਹੈ।

### ਬੁਖ਼ਾਰ 'ਚ ਅਸਰਦਾਰ

ਬੁਖ਼ਾਰ 'ਚ 15 ਗ੍ਰਾਮ ਇਮਲੀ ਦੇ ਫਲ ਦਾ ਰਸ ਪੀਣ ਨਾਲ ਬੁਖ਼ਾਰ ਜਲਦੀ ਠੀਕ ਹੋ ਜਾਂਦਾ ਹੈ। ਇਸ ਦੇ ਇਲਾਵਾ ਇਸ 'ਚ ਮੌਜੂਦ ਵਿਟਾਮਿਨ ਈ, ਸੀ ਇਮਿਊਨ ਸਿਸਟਮ ਠੀਕ ਰਹਿੰਦਾ ਹੈ। ਪੇਟ ਨਾਲ ਜੁੜੀਆਂ ਸਮੱਸਿਆਵਾਂ ਵੀ ਖ਼ਤਮ ਹੋ ਜਾਂਦੀਆਂ ਹਨ।



### ਗਲੇ 'ਚ ਖ਼ਾਰਿਸ਼

ਇਮਲੀ ਦੀਆਂ ਪੱਤੀਆਂ ਦਾ ਰਸ ਕੱਢ ਕੇ ਪੀਣ ਨਾਲ ਗਲੇ ਦੀ ਖ਼ਾਰਿਸ਼ ਨੂੰ ਆਰਾਮ ਮਿਲਦਾ ਹੈ। ਇਮਲੀ ਤੇ ਸਾਬਤ ਹਲਦੀ ਨੂੰ ਪਾਣੀ 'ਚ ਡੱਬੋ ਕੇ ਇਸ ਦਾ ਪੇਸਟ ਬਣਾ ਲਓ ਤੇ ਚਿਹਰੇ 'ਤੇ ਲਗਾਉਣ ਨਾਲ ਰੰਗ ਸਾਫ਼ ਹੁੰਦਾ ਹੈ।

### ਮੋਟਾਪੇ ਤੋਂ ਛੁਟਕਾਰਾ

ਹਰ ਰੋਜ਼ ਇਮਲੀ ਖਾਣ ਨਾਲ ਮੋਟਾਪਾ ਦੂਰ ਹੁੰਦਾ ਹੈ। ਇਸ 'ਚ ਮੌਜੂਦ ਹਾਈਡ੍ਰੋਸਿਟ੍ਰਿਕ ਹੁੰਦਾ ਹੈ ਜੋ ਫੈਟ ਨੂੰ ਘੱਟ ਕਰਦਾ ਹੈ। •

# ਸਵਾਈਨ ਫਲੂ ਬਾਰੇ ਕੁੱਝ ਅਹਿਮ ਤੱਥ

ਡਾ. ਅਮਰੀਕ ਸਿੰਘ ਕੰਡਾ

ਸੰਸਾਰ ਵਿਚ ਸਵਾਈਨ ਫਲੂ ਨਾਂ ਦੀ ਬਿਮਾਰੀ ਦੀ ਦਹਿਸ਼ਤ ਨੇ ਬਹੁਤ ਸਾਰੇ ਘਰ-ਪਰਿਵਾਰ ਤਬਾਹ ਕਰ ਦਿੱਤੇ ਹਨ ਅਤੇ ਹੋ ਰਹੇ ਨੇ। ਸਵਾਈਨ ਫਲੂ ਆਪਣੇ ਆਪ 'ਚ ਇਕ ਸੱਪ ਵਾਂਗ ਹੈ। ਜਿਵੇਂ ਸੱਪ ਦੀ ਦਹਿਸ਼ਤ ਹੁੰਦੀ ਹੈ। ਸੱਪਾਂ ਦੀਆਂ 530 ਪ੍ਰਜਾਤੀਆਂ ਹਨ ਪਰ ਮੁਸ਼ਕਿਲ ਨਾਲ ਚਾਰ-ਪੰਜ ਸੱਪ ਹੀ ਜ਼ਹਰੀਲੇ ਹੁੰਦੇ ਹਨ। ਡਾਕਟਰਾਂ ਦਾ ਕਹਿਣਾ ਹੈ ਕਿ ਭੀੜ-ਭਾੜ ਅਤੇ ਅਜਿਹੀਆਂ ਬੰਦ ਥਾਵਾਂ, ਜਿੱਥੇ ਸਾਫ਼ ਹਵਾ ਦਾ ਆਵਾਗਮਨ ਨਾ ਹੋਵੇ, ਉੱਥੇ ਸਵਾਈਨ ਫਲੂ (ਐੱਚ-1, ਐੱਨ-1) ਦੇ ਵਾਇਰਸ ਜ਼ਿਆਦਾ ਹੋਣ ਦਾ ਅਤੇ ਇਸ ਰੋਗ ਦੇ ਇਕ ਤੋਂ ਦੂਸਰੇ ਵਿਅਕਤੀ ਨੂੰ ਹੋਣ ਦਾ ਖ਼ਤਰਾ ਵਧੇਰੇ ਹੁੰਦਾ ਹੈ।

### ਕੀ ਹੈ ਐੱਚ-1, ਐੱਨ-1?

ਐੱਚ-1 ਵਾਇਰਸ ਸਾਡੇ ਸਰੀਰ 'ਚ ਸਾਹ ਰਾਹੀਂ, ਨੱਕ ਰਾਹੀਂ ਅਤੇ ਮੂੰਹ ਰਾਹੀ ਪਹੁੰਚਦਾ ਹੈ। ਇਹ ਸਰੀਰ ਦੇ ਅੰਦਰ ਬਲੱਡ ਸੈੱਲ 'ਚ ਜਾ ਕੇ ਇਕ ਹੋਰ ਸੈੱਲ ਤਿਆਰ ਕਰ ਲੈਂਦਾ ਹੈ। ਫਿਰ ਕਾਪੀ ਪੇਸਟ ਵਰਗੀ ਪ੍ਰਕਿਰਿਆ ਰਾਹੀਂ ਆਪਣੀ ਸੰਖਿਆ ਨੂੰ ਵੱਧਾ ਦਿੰਦਾ ਹੈ ਅਤੇ ਫਿਰ ਇਹ ਆਪਣੇ ਤਰੀਕੇ ਨਾਲ ਸਰੀਰ ਤੋਂ ਬਾਹਰ ਆਉਂਦਾ ਹੈ, ਜਿਸ ਨੂੰ ਐੱਨ-1 ਆਖਦੇ ਹਨ।

### ਕੀ ਹੈ ਫਲੂ?

ਸਵਾਈਨ ਫਲੂ ਦੇ ਵਾਇਰਸ ਦਾ ਨਾਂ ਐੱਚ-1, ਐੱਨ-1 ਹੈ, ਜਿਸ ਨੂੰ ਸਵਾਈਨ ਫਲੂ ਵੀ ਕਿਹਾ ਜਾਂਦਾ ਹੈ। ਇਹ ਵਾਇਰਸ ਸਾਡੇ ਸਰੀਰ 'ਚ ਪਹੁੰਚ ਕੇ ਫੈਲਦਾ ਹੈ ਜਿਸ ਨੂੰ ਐੱਚ-1 ਆਖਦੇ ਹਨ। ਜਦੋਂ ਇਹ ਵਾਇਰਸ ਸਰੀਰ 'ਚ ਫੈਲ ਜਾਂਦਾ ਹੈ ਤਾਂ ਇਸ ਦਾ ਅਸਰ ਦਿਮਾਗ਼ ਤਕ ਪਹੁੰਚਣ ਲੱਗਦਾ ਹੈ ਤਾਂ ਦਿਮਾਗ਼ ਸਰੀਰ ਦੇ ਤਾਪਮਾਨ ਨੂੰ ਵਧਾ ਦਿੰਦਾ ਹੈ ਜਿਸ ਨੂੰ ਅਸੀਂ ਬੁਖ਼ਾਰ ਆਖਦੇ ਹਾਂ। ਬੁਖ਼ਾਰ ਜਾਂ ਸਰੀਰ 'ਚ ਪੈਦਾ ਹੋਈ ਇਸ ਗਰਮੀ ਨਾਲ ਹਰ ਵਾਇਰਸ ਮਰ ਜਾਂਦਾ ਹੈ ਤੇ ਸਰੀਰ ਦੇ ਕਮਜ਼ੋਰ ਅੰਗ ਨੂੰ ਨੁਕਸਾਨ ਪਹੁੰਚਾਉਂਦਾ ਹੈ।

### ਬੁਖ਼ਾਰ ਕੀ ਹੈ?

ਬੁਖ਼ਾਰ ਸਾਡੇ ਸਰੀਰ ਦੀ ਮੇਨ ਡੋਰ ਬੈੱਲ ਜਾਂ ਘੰਟੀ ਆਖ ਸਕਦੇ ਹਾਂ। ਬੁਖ਼ਾਰ ਸਾਨੂੰ ਸੁਚੇਤ ਕਰਦਾ ਹੈ ਕਿ ਕੋਈ ਵਾਇਰਸ ਸਾਡੇ ਸਰੀਰ ਵਿਚ ਆਪਣੀ ਘੁਸਪੈਠ ਕਰ ਚੁੱਕਾ ਹੈ। ਇਸ ਲਈ ਬੁਖ਼ਾਰ ਆਪਣੇ ਆਪ ਵਿਚ ਕੋਈ ਬਿਮਾਰੀ ਨਹੀਂ ਬਲਕਿ ਇਕ ਅਲਾਮਤ ਹੈ। ਬੁਖ਼ਾਰ ਚੜ੍ਹਾਉਣ ਦੀ ਸ਼ਕਤੀ ਕੇਵਲ ਬੰਦੇ ਦੇ ਦਿਮਾਗ਼ ਕੋਲ ਹੈ। ਬੁਖ਼ਾਰ ਹੋਣ ਤੇ ਘਬਰਾਉਣਾ ਨਹੀਂ ਚਾਹੀਦਾ।



### ਟੈਸਟ

ਐੱਚ-1, ਐੱਨ-1 ਜਾਂ ਸਵਾਈਨ ਫਲੂ ਦੇ ਟੈਸਟ ਦਾ ਨਾਂ 'ਪੀਸੀਆਰ ਟੈਸਟ' ਹੈ। ਇਹ ਪੌਲੀਮਰਸੀ ਚੇਨ ਰਿਐਕਸ਼ਨ ਹੈ। ਇਹ ਟੈਸਟ ਨਾਲ ਕਦੇ ਵੀ ਪਤਾ ਨਹੀਂ ਲੱਗ ਸਕਿਆ ਕਿ ਸਵਾਈਨ ਫਲੂ ਹੈ, ਸੋ ਇਹ ਵਾਇਰਸ ਨਹੀਂ ਲੱਭਿਆ ਜਾ ਸਕਦਾ।

ਡਾਕਟਰ ਇਸ ਸਵਾਈਨ ਫਲੂ ਹੋਣ ਬਾਰੇ ਅਲਾਮਤਾਂ ਦੇ ਆਧਾਰ 'ਤੇ ਅੰਦਾਜ਼ੇ ਨਾਲ ਸਵਾਈਨ ਫਲੂ ਹੋਣ ਬਾਰੇ ਦੱਸਦੇ ਹਨ। ਇਹ ਬਿਮਾਰੀ ਹੋਣ 'ਤੇ ਖਾਣ-ਪੀਣ ਦੀਆਂ ਆਦਤਾਂ ਪ੍ਰਤੀ ਵੀ ਧਿਆਨ ਦੇਣਾ ਚਾਹੀਦਾ ਹੈ।

### ਦਵਾਈ

ਟੈਮੀਫਲੂ ਨੂੰ ਸਵਾਈਨ ਫਲੂ ਦੇ ਇਲਾਜ ਲਈ ਵਰਤਿਆ ਜਾਂਦਾ ਹੈ, ਜਿਹੜੀ ਕਿ ਸਾਰੇ ਮਰੀਜ਼ਾਂ ਨੂੰ ਦਿੱਤੀ ਜਾਂਦੀ ਹੈ। ਇਹ ਦਵਾਈ ਕਰਦੀ ਕੀ ਹੈ? ਜਿਹੜਾ ਐੱਨ-1 ਵਾਇਰਸ ਸਾਡੇ ਸਰੀਰ 'ਚ ਜਾਂਦਾ ਹੈ, ਇਹ ਦਵਾਈ ਉਸ ਨੂੰ ਬਾਹਰ ਨਹੀਂ ਆਉਣ ਦਿੰਦੀ।

ਇਸ ਵਾਇਰਸ ਦੇ ਸਰੀਰ 'ਚੋਂ ਬਾਹਰ ਨਾ ਆਉਣ ਕਾਰਨ ਮਰੀਜ਼ ਦੀ ਮੌਤ ਹੋ ਸਕਦੀ ਹੈ। ਇਸ ਦਵਾਈ ਦਾ ਫ਼ਾਇਦਾ ਨਹੀਂ ਨੁਕਸਾਨ ਹੀ ਹੈ। ਇਹ ਦਵਾਈ ਕਦੇ ਵੀ ਨਹੀਂ ਲੈਣੀ ਚਾਹੀਦੀ। ਜੇ ਕਿਸੇ ਨੂੰ ਉਲਟੀਆਂ-ਟੱਟੀਆਂ ਜਾਂ ਬੁਖ਼ਾਰ ਹੈ ਤਾਂ ਘਬਰਾਉਣ ਦੀ ਜ਼ਰੂਰਤ ਨਹੀਂ।

### ਕੀ ਹੈ ਲਿਟਰੋਜੈਨਿਕ ਸਾਈਡ ਮਾਸ ਮਰਡਰ?

ਦੁਨੀਆ ਦੇ ਸਭ ਤੋਂ ਮਸ਼ਹੂਰ ਡਾਕਟਰਾਂ ਵਿਚੋਂ ਡਾ. ਲਿਊਨਾਟ ਹੋਰਬਿਕਸ ਨੇ ਸਵਾਈਨ ਫਲੂ ਬਾਰੇ ਦੱਸਿਆ ਤਾਂ ਬਹੁਤ ਹੈਰਾਨੀ ਹੋਈ। ਉਨ੍ਹਾਂ ਨੇ ਕਿਹਾ ਕਿ ਮਾਸ ਮਰਡਰ ਵੈਕਸੀਨੇਸ਼ਨ ਬਹੁਤ ਹੀ ਹਾਰਮਫੁੱਲ ਹੈ। ਇਹ ਵਰਲਡ ਮਾਫੀਆ ਹੈ, ਜਿਨ੍ਹਾ ਦਾ ਟਾਰਗੇਟ ਹੈ ਕਿ ਦੁਨੀਆ ਦੀ 15 ਫ਼ੀਸਦੀ ਆਬਾਦੀ ਘੱਟ ਕੀਤੀ ਜਾਵੇ।

ਜਿਹੜੇ ਹਸਪਤਾਲ ਵਿਚ ਸਵਾਈਨ ਫਲੂ ਐੱਚ-1, ਐੱਨ-1 ਕਾਰਨ ਮਰੀਜ਼ ਮਰਦਾ ਹੈ, ਉਸ ਨੂੰ ਇਸ ਦੇ ਪੈਸੇ ਮਿਲਦੇ ਹਨ। ਇਥੇ ਹੀ ਬਸ ਨਹੀਂ, ਮਰੀਜ਼ ਕਿਸੇ ਵੀ ਬਿਮਾਰੀ ਨਾਲ ਮਰਿਆ ਹੋਵੇ, ਜੇ ਉਸ ਹਸਪਤਾਲ ਦਾ ਡਾਕਟਰ ਇਹ ਕਹਿ ਦੇਵੇ ਕਿ ਮਰੀਜ਼ ਸਵਾਈਨ ਫਲੂ ਨਾਲ ਮਰਿਆ ਹੈ ਤਾਂ ਇਸ ਦੇ ਵੀ ਪੈਸੇ ਮਿਲਦੇ ਹਨ।

### ਡਰਨ ਦੀ ਲੋੜ ਨਹੀਂ

ਵਿਸ਼ਵ ਪੱਧਰੀ ਇਕ ਵਿਚ ਸਵਾਈਨ ਫਲੂ ਮਤਲਬ ਐੱਚ-1, ਐੱਨ-1 ਨੂੰ ਇਕ ਫਰਾਡ ਜਾਂ ਧੋਖਾ ਆਖਿਆ ਗਿਆ ਹੈ। ਜਿਵੇਂ ਆਪਾਂ ਨੂੰ ਜ਼ੁਕਾਮ ਦਾ ਵਾਇਰਸ ਹੁੰਦਾ ਹੈ, ਐੱਚ-1, ਐੱਨ-1 ਵੀ ਉਸ ਦੇ ਬਰਾਬਰ ਹੀ ਹੈ। ਜਿੰਨੀ ਕੁ ਮੌਤ ਜ਼ੁਕਾਮ ਨਾਲ ਹੁੰਦੀ ਹੈ, ਉਨੀ ਕੁ ਐੱਚ-1, ਐੱਨ-1 ਸਵਾਈਨ ਫਲੂ ਨਾਲ ਹੁੰਦੀ ਹੈ।

ਸਵਾਈਨ ਫਲੂ ਤੋਂ ਡਰਨ ਦੀ ਜ਼ਰੂਰਤ ਨਹੀਂ। ਮੌਤ ਸਵਾਈਨ ਫਲੂ ਨਾਲ ਨਹੀਂ ਹੁੰਦੀ। ਜਦੋਂ ਸਾਨੂੰ ਬੁਖ਼ਾਰ ਜਾਂ ਉਲਟੀਆਂ ਲੱਗਦੀਆਂ ਹਨ ਤਾਂ ਅਸੀਂ ਘਬਰਾ ਕੇ ਡਾਕਟਰ ਕੋਲ ਜਾਂਦੇ ਹਾਂ ਤਾਂ ਡਾਕਟਰ ਵੀ ਟੈਸਟ ਕਰ ਕੇ ਅੰਦਾਜ਼ੇ ਨਾਲ ਵੱਡੇ ਹਸਪਤਾਲਾਂ ਵਿਚ ਭੇਜ ਦਿੰਦੇ ਹਨ।

### ਸਰੀਰ ਨੂੰ ਅਲਕਲਾਈਨ ਜ਼ਹਿਰ ਮੁਕਤ ਕਿਵੇਂ ਕਰੀਏ?

ਆਪਣੇ ਸਰੀਰ ਨੂੰ ਅਲਕਲਾਈਨ ਜ਼ਹਿਰ ਮੁਕਤ ਕਰਨ ਲਈ ਹਰ ਰੋਜ਼ 35 ਫ਼ੀਸਦੀ ਫਲ, 50 ਫ਼ੀਸਦੀ ਕੱਚੀਆਂ ਸਬਜ਼ੀਆਂ ਤੇ ਮਿਕਸ ਫਰੂਟ, ਦੋ ਹਜ਼ਾਰ ਕਦਮ ਹਰ ਰੋਜ਼ ਚੱਲਣਾ ਤੇ ਸੂਰਜ ਦੀ ਰੌਸ਼ਨੀ 'ਚ ਤਿੰਨ ਤੋਂ ਚਾਰ ਘੰਟੇ ਰਹਿਣ ਨਾਲ ਅਸੀਂ ਆਪਣੇ ਸਰੀਰ ਨੂੰ ਜ਼ਹਿਰ-ਮੁਕਤ ਕਰ ਸਕਦੇ ਹਾਂ।

• 98557-35666

# ਬਿਹਾਰ ਦੀਆਂ ਔਰਤਾਂ ਯਕੀਨੀ ਬਣਾਉਣ ਕਿ ਆਰ.ਜੇ.ਡੀ. ਕਦੇ ਸੱਤਾ ਵਿੱਚ ਨਾ ਆਵੇ: ਮੋਦੀ

## ਮੁੱਖ ਮੰਤਰੀ ਮਹਿਲਾ ਰੁਜ਼ਗਾਰ ਯੋਜਨਾ ਤਹਿਤ 75 ਲੱਖ ਮਹਿਲਾਵਾਂ ਨੂੰ 10-10 ਹਜ਼ਾਰ ਰੁਪਏ ਦਿੱਤੇ



**ਪਟਨਾ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਨੂੰ (ਰਾਸ਼ਟਰੀ ਜਨਤਾ ਦਲ) 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਇਸ ਦੇ ਸ਼ਾਸਨ ਦੌਰਾਨ ਬਿਹਾਰ ਦੀਆਂ ਔਰਤਾਂ ਨੇ ਬਹੁਤ ਦੁੱਖ ਝੱਲਿਆ ਹੈ। ਉਨ੍ਹਾਂ ਔਰਤਾਂ ਨੂੰ ਅਪੀਲ ਕੀਤੀ ਕਿ ਉਹ ਯਕੀਨੀ ਬਣਾਉਣ ਕਿ ਲਾਲੂ ਪ੍ਰਸਾਦ ਦੀ ਅਗਵਾਈ ਵਾਲੀ ਪਾਰਟੀ ਅਤੇ ਉਸ ਦੇ ਸਹਿਯੋਗੀ ਬਿਹਾਰ ਦੀ ਸੱਤਾ ਵਿੱਚ ਕਦੇ ਵੀ ਵਾਪਸ ਨਾ ਆਉਣ। ਮੋਦੀ ਦਿੱਲੀ ਤੋਂ ਵੀਡੀਓ ਕਾਨਫਰੰਸ ਰਾਹੀਂ ਮੁੱਖ ਮੰਤਰੀ ਮਹਿਲਾ ਰੁਜ਼ਗਾਰ ਯੋਜਨਾ ਦੀ ਸ਼ੁਰੂਆਤ ਕਰਨ ਤੋਂ ਬਾਅਦ ਬਿਹਾਰ ਦੀਆਂ ਔਰਤਾਂ ਨੂੰ ਸੰਬੋਧਨ ਕਰ ਰਹੇ ਸਨ। ਇਸ ਯੋਜਨਾ ਤਹਿਤ ਸੂਬੇ ਦੀਆਂ 75 ਲੱਖ ਔਰਤਾਂ ਨੂੰ ਰੋਜ਼ੀ-ਰੋਟੀ ਸਮੇਤ ਰੋਜ਼ਾਨਾ ਗਤੀਵਿਧੀਆਂ ਲਈ 10,000 ਰੁਪਏ ਪ੍ਰਤੀ ਮਹਿਲਾ ਮਿਲੇ ਹਨ।

ਮੋਦੀ ਨੇ ਕਿਹਾ, ÒÒRJD ਦੇ ਰਾਜ ਦੌਰਾਨ ਬਿਹਾਰ ਦੀਆਂ ਔਰਤਾਂ ਨੇ ਬਹੁਤ ਦੁੱਖ ਝੱਲਿਆ... ਸੜਕਾਂ ਨਹੀਂ ਸਨ, ਕਾਨੂੰਨ ਵਿਵਸਥਾ ਤਰਸਯੋਗ ਸੀ... ਪਰ ਹੁਣ ਨੀਤੀਸ਼ ਕੁਮਾਰ ਦੀ ਸਰਕਾਰ ਅਧੀਨ ਕਾਨੂੰਨ ਦਾ ਰਾਜ ਪ੍ਰਚਲਿਤ ਹੋਣ ਕਾਰਨ ਔਰਤਾਂ ਸੁਰੱਖਿਅਤ ਮਹਿਸੂਸ ਕਰਦੀਆਂ ਹਨ। ਇਸ ਲਈ ਉਨ੍ਹਾਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ RJD ਅਤੇ ਇਸ ਦੇ ਸਹਿਯੋਗੀ ਕਦੇ ਵੀ ਸੱਤਾ ਵਿੱਚ ਵਾਪਸ ਨਾ ਆਉਣ।" ਉਨ੍ਹਾਂ ਕਿਹਾ ਕਿ ਇਸ ਸਕੀਮ ਦੇ 75 ਲੱਖ ਲਾਭਪਾਤਰੀਆਂ ਨੂੰ ਉੱਦਮੀ ਹੁਨਰਾਂ ਵਿੱਚ ਸੁਧਾਰ ਲਈ ਵਾਧੂ 2 ਲੱਖ ਰੁਪਏ ਅਤੇ ਸਿਖਲਾਈ ਮਿਲੇਗੀ। ਬਿਹਾਰ ਵਿੱਚ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਨਵੀਂ ਯੋਜਨਾ ਦੀ ਸ਼ੁਰੂਆਤ ਮਹੱਤਵ ਰੱਖਦੀ ਹੈ, ਕਿਉਂਕਿ ਔਰਤਾਂ ਵੋਟਰਾਂ ਦਾ ਇੱਕ ਵੱਡਾ ਹਿੱਸਾ ਹਨ। ਸੂਬੇ ਵਿੱਚ ਵਿਧਾਨ ਸਭਾ ਚੋਣਾਂ ਇਸ ਸਾਲ ਦੇ ਅੰਤ ਵਿੱਚ ਹੋਣ ਵਾਲੀਆਂ ਹਨ।

# ਸਦਨ 'ਚ ਕੇਂਦਰ ਖਿਲਾਫ਼ ਮਤਾ ਪੇਸ਼; 20,000 ਕਰੋੜ ਦਾ ਪੈਕੇਜ ਮੰਗਿਆ; ਬਾਜਵਾ ਨੇ ਹੜ੍ਹਾਂ ਦੇ ਕਾਰਨਾਂ ਦੀ ਨਿਰਪੱਖ ਜਾਂਚ ਮੰਗੀ



**ਚੰਡੀਗੜ੍ਹ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਦੇ ਪਹਿਲੇ ਦਿਨ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਹੜ੍ਹਾਂ 'ਤੇ ਬਹਿਸ ਦੀ ਸ਼ੁਰੂਆਤ ਕੀਤੀ। ਇਸ ਤੋਂ ਪਹਿਲਾਂ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਹਾਕਮ ਧਿਰ ਤੇ ਵਿਰੋਧੀ ਧਿਰ ਨੂੰ ਸੱਦਾ ਦਿੱਤਾ ਕਿ ਅੱਜ ਦੀ ਬਹਿਸ ਨੂੰ ਹੜ੍ਹਾਂ 'ਚੋਂ ਉਭਰ ਰਹੇ ਪੰਜਾਬ ਨੂੰ ਮੁੜ ਪੈਰਾਂ ਸਿਰ ਕਰਨ 'ਤੇ ਕੇਂਦਰਿਤ ਕੀਤਾ ਜਾਵੇ। ਜਲ ਸਰੋਤ ਮੰਤਰੀ ਨੇ ਕਿਹਾ ਕਿ ਐਤਕੀਂ ਬਰਸਾਤਾਂ ਨੇ ਮੌਸਮ ਵਿਭਾਗ ਦੀ ਭਵਿੱਖਬਾਣੀ ਨੂੰ ਵੀ ਫ਼ੇਲ੍ਹ ਕਰ ਦਿੱਤਾ ਅਤੇ ਇਹੋ ਪਾਣੀ ਪੰਜਾਬ ਚ ਤਬਾਹੀ ਦਾ ਕਾਰਨ ਬਣਿਆ। ਇਸ ਦੌਰਾਨ ਜਿੱਥੇ ਸੂਬਾ ਸਰਕਾਰ ਨੇ ਕੇਂਦਰ ਨੂੰ ਨਿਸ਼ਾਨੇ 'ਤੇ ਰੱਖਿਆ,ਉਥੇ ਵਿਰੋਧੀ ਧਿਰ ਨੇ ਮਾਨ ਸਰਕਾਰ ਨੂੰ ਘੇਰਿਆ।

ਬਹਿਸ ਦੌਰਾਨ ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਕੇਂਦਰ ਸਰਕਾਰ ਖਿਲਾਫ਼ ਮਤਾ ਪੇਸ਼ ਕਰਦਿਆਂ ਕੇਂਦਰ ਤੋਂ ਪੰਜਾਬ ਲਈ 20,000 ਕਰੋੜ ਦਾ ਪੈਕੇਜ ਮੰਗਿਆ। ਵਿੱਤ ਮੰਤਰੀ ਹਰਪਾਲ ਚੀਮਾ ਨੇ ਕਿਹਾ ਕਿ ਵਿਰੋਧੀ ਧਿਰ ਲਾਸ਼ਾਂ 'ਤੇ ਸਿਆਸਤ ਕਰ ਰਹੀ ਹੈ। ਉਧਰ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਹੜ੍ਹਾਂ ਦੇ ਕਾਰਨਾਂ ਦੀ ਨਿਰਪੱਖ ਜਾਂਚ ਦੀ ਮੰਗ ਕੀਤੀ। ਬਾਜਵਾ ਨੇ ਰੰਗਲਾ ਪੰਜਾਬ ਸੁਸਾਇਟੀ 'ਤੇ ਵੀ ਸਵਾਲ ਉਠਾਏ ਅਤੇ ਸਦਨ ਤੋਂ ਪਰਵਾਸੀ ਪੰਜਾਬੀਆਂ ਨੂੰ ਅਪੀਲ ਕੀਤੀ ਉਹ ਇਸ ਸੁਸਾਇਟੀ ਦੀ ਥਾਂ ਸਿੱਧੇ ਹੜ੍ਹ ਪੀੜਤਾਂ ਨੂੰ ਫੰਡ ਦੇਣ।

ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਬਹਿਸ ਦੌਰਾਨ ਮੰਗ ਉਠਾਈ ਕੇ ਬੀਬੀਐਮਬੀ ਦਾ ਕੰਟਰੋਲ ਪੰਜਾਬ ਹਵਾਲੇ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਹੜ੍ਹਾਂ ਦੌਰਾਨ ਬੀਬੀਐਮਬੀ ਨੇ ਪੰਜਾਬ ਨੂੰ ਨਿਹੱਥਾ ਕਰੀ ਰੱਖਿਆ। ਬੀਬੀਐਮਬੀ ਦੀ ਜ਼ਿੱਦ 'ਤੇ ਫੈਸਲਿਆਂ ਨੇ ਪੰਜਾਬ ਦਾ ਨੁਕਸਾਨ ਕੀਤਾ। ਉਨ੍ਹਾਂ ਦਰਿਆਵਾਂ ਦੀ ਡੀਸਿਲਟਿੰਗ 'ਚ ਕੇਂਦਰੀ ਅੜਿੱਕਿਆਂ ਦਾ ਵੀ ਜ਼ਿਕਰ ਕੀਤਾ।

ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਬਹਿਸ ਦੌਰਾਨ ਕੇਂਦਰ ਸਰਕਾਰ ਨੂੰ ਘੇਰਿਆ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਹੜ੍ਹਾਂ ਦੌਰਾਨ ਪੰਜਾਬ ਦੇ ਜ਼ਖ਼ਮਾਂ 'ਤੇ ਮਲੱਮ ਲਾਉਣ ਦੀ ਥਾਂ ਨਮਕ ਲਾਇਆ। ਉਨ੍ਹਾਂ ਕਿਹਾ ਕਿ ਔਖ ਦੀ ਘੜੀ 'ਚ ਕੇਂਦਰ ਨੇ ਪੰਜਾਬ ਦੀ ਬਾਂਹ ਨਹੀਂ ਫੜੀ। ਉਨ੍ਹਾਂ ਕਿਹਾ ਕਿ ਸਥਾਨਕ ਲੀਡਰਾਂ ਨੇ ਵੀ ਕੇਂਦਰ ਸਰਕਾਰ ਦਾ ਪੱਖ ਪੂਰਿਆ।

ਗੋਇਲ ਨੇ ਕਿਹਾ ਕਿ ਕੇਂਦਰ ਸਰਕਾਰ ਕੋਲ ਇਸ ਸਮੇਂ ਗਲਤੀਆਂ ਨੂੰ ਸੁਧਾਰਨ ਦਾ ਸਹੀ ਮੌਕਾ ਹੈ। ਕੇਂਦਰ ਸਰਕਾਰ ਪੰਜਾਬ 'ਚ ਹੜ੍ਹਾਂ ਨਾਲ ਹੋਏ ਨੁਕਸਾਨ ਦੀ ਪੂਰਤੀ ਲਈ ਖੁੱਲ੍ਹੇ ਦਿਲ ਨਾਲ ਮਦਦ ਕਰੇ। ਉਨ੍ਹਾਂ ਮੰਗ ਕੀਤੀ ਕਿ ਪ੍ਰਧਾਨ ਮੰਤਰੀ ਅੱਗੇ ਆਉਣ 'ਤੇ ਤੁਰੰਤ ਸੂਬੇ ਦੀ ਮਦਦ ਕਰਨ ।

ਜਲ ਸਰੋਤ ਮੰਤਰੀ ਵਲੋਂ ਸਦਨ ਚ ਕੇਂਦਰ ਖਿਲਾਫ ਮਤਾ ਪੇਸ਼ ਕੀਤਾ ਗਿਆ ਅਤੇ ਕੇਂਦਰ ਤੋਂ 20 ਹਜ਼ਾਰ ਕਰੋੜ ਦੇ ਪੈਕੇਜ ਦੀ ਮੰਗ ਕੀਤੀ ਗਈ। ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵੱਲੋਂ ਪੰਜਾਬ ਸਰਕਾਰ ਨੂੰ ਨਿਸ਼ਾਨੇ 'ਤੇ ਲਏ ਜਾਣ ਮਗਰੋਂ ਸਦਨ ਚ ਹੰਗਾਮਾ ਹੋਇਆ। ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਸਦਨ ਵਿਚ ਮੰਗ ਕੀਤੀ ਕਿ ਪੰਜਾਬ 'ਚ ਆਏ ਹੜ੍ਹਾਂ ਦੇ ਕਾਰਨਾਂ ਦੀ ਨਿਰਪੱਖ ਜਾਂਚ ਕਰਵਾਈ ਜਾਵੇ। ਉਨ੍ਹਾਂ ਨੇ ਜਲ ਸਰੋਤ ਮੰਤਰੀ ਬਰਿੰਦਰ ਗੋਇਲ ਤੇ ਪ੍ਰਮੁੱਖ ਸਕੱਤਰ ਕ੍ਰਿਸ਼ਨ ਕੁਮਾਰ ਨੂੰ ਨਿਸ਼ਾਨੇ 'ਤੇ ਲਿਆ। ਗੋਇਲ ਨੇ ਬਾਜਵਾ ਵੱਲੋਂ ਲਾਏ ਦੋਸ਼ਾਂ ਦਾ ਜਵਾਬ ਦਿੱਤਾ, ਪਰ ਇਸ ਦੌਰਾਨ ਬਾਜਵਾ ਉਨ੍ਹਾਂ ਨੂੰ ਟੋਕਦੇ ਰਹੇ।

ਵਿੱਤ ਮੰਤਰੀ ਹਰਪਾਲ ਚੀਮਾ ਨੇ ਸਦਨ ਵਿਚ ਕਿਹਾ ਕਿ ਕਾਂਗਰਸ ਲਾਸ਼ਾਂ 'ਤੇ ਰਾਜਨੀਤੀ ਕਰ ਰਹੀ ਹੈ। ਇਸ ਮੌਕੇ ਵਿਰੋਧੀ ਧਿਰ ਨੇ ਹੰਗਾਮਾ ਕੀਤਾ ਤੇ ਚੀਮਾ ਦੇ ਭਾਸ਼ਣ ਵਿਚ ਵਿਘਨ ਪਾਇਆ। ਬਾਅਦ ਵਿੱਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਦਨ 'ਚ ਕੇਂਦਰੀ ਰਾਹਤ ਫੰਡ 'ਤੇ ਵੀ ਸਵਾਲ ਚੁੱਕੇ। ਉਨ੍ਹਾਂ ਸਪੱਸ਼ਟ ਕੀਤਾ ਕਿ ਕੇਂਦਰ ਵੱਲੋਂ ਰਾਹਤ ਫੰਡਾਂ ਲਈ ਦਿੱਤੇ ਗਏ 1600 ਕਰੋੜ 'ਚੋਂ ਇੱਕ ਪੈਸਾ ਵੀ ਪੰਜਾਬ ਸਰਕਾਰ ਦੇ ਖਜ਼ਾਨੇ ਵਿੱਚ ਨਹੀਂ ਆਇਆ।

# ਮਿਗ 21 ਨੂੰ ਹਵਾਈ ਸੈਨਾ 'ਚੋਂ ਵਿਦਾਇਗੀ; ਏਅਰ ਚੀਫ ਮਾਰਸ਼ਲ ਏਪੀ ਸਿੰਘ ਨੇ ਭਰੀ ਆਖਰੀ ਉਡਾਨ



**ਨਵੀਂ ਦਿੱਲੀ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਫ਼ੌਜ ਨੂੰ ਹਰ ਜੰਗ ਵਿੱਚ ਜਿੱਤ ਦਿਵਾਉਣ ਵਿੱਚ ਮੋਹਰੀ ਭੂਮਿਕਾ ਨਿਭਾਉਣ ਵਾਲੇ ਮਿੱਗ-21 ਨੂੰ ਅੱਜ ਹਮੇਸ਼ਾ ਲਈ ਵਿਦਾਇਗੀ ਦੇ ਦਿੱਤੀ ਹੈ। ਇਸ ਸਬੰਧੀ ਚੰਡੀਗੜ੍ਹ ਏਅਰ ਫੋਰਸ ਸਟੇਸ਼ਨ 'ਤੇ ਵੱਡਾ ਸਮਾਗਮ ਰੱਖਿਆ ਗਿਆ ਹੈ, ਜਿੱਥੇ ਮਿੱਗ-21 ਜਹਾਜ਼ ਨੇ ਛੇ ਦਹਾਕਿਆਂ ਬਾਅਦ ਆਖਰੀ ਵਾਰ ਉਡਾਣ ਭਰੀ। ਮਿਗ 21 ਦੀ ਆਖਰੀ ਉਡਾਨ ਏਅਰ ਚੀਫ ਮਾਰਸ਼ਲ ਏਪੀ ਸਿੰਘ ਨੇ ਭਰੀ ਹੈ। ਇਸ ਦੇ ਨਾਲ ਹੀ ਮਿੱਗ- 21 ਨੇ ਆਖਰੀ ਵਾਰ ਅਸਮਾਨ ਵਿੱਚ ਕਈ ਕਰਤੱਬ ਵੀ ਦਿਖਾਏ।ਇਸ ਮੌਕੇ ਰੱਖਿਆ ਮੰਤਰੀ ਰਾਜਨਾਥ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ, ਜਿਨ੍ਹਾਂ ਨੇ ਮਿਗ 21 ਨੂੰ ਭਾਰਤ ਅਤੇ ਰੂਸ ਦੇ ਆਪਸੀ ਸਬੰਧਾਂ ਦਾ ਪ੍ਰਤੀਕ ਦੱਸਿਆ। ਸਮਾਗਮ 'ਚ ਹਵਾਈ ਫ਼ੌਜ ਦੇ ਏਅਰ ਚੀਫ਼ ਮਾਰਸ਼ਲ ਏ ਪੀ ਸਿੰਘ, ਚੀਫ਼ ਆਫ਼ ਡਿਫੈਂਸ ਸਟਾਫ ਜਨਰਲ ਅਨਿਲ ਚੌਹਾਨ, ਥਲ ਸੈਨਾ ਮੁਖੀ ਜਨਰਲ ਉਪੇਂਦਰ ਦਿਵੇਦੀ ਸ਼ਿਰਕਤ ਨੇ ਵੀ ਸ਼ਿਰਕਤ ਕੀਤੀ।

ਮਿਗ-21 ਨੂੰ ਇੱਕ ਸ਼ਕਤੀਸ਼ਾਲੀ ਮਸ਼ੀਨ ਅਤੇ ਕੌਮੀ ਮਾਣ ਦੱਸਦੇ ਹੋਏ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਕਿ ਇਸ ਜਹਾਜ਼ ਨਾਲ ਡੂੰਘਾ ਲਗਾਅ ਹੈ ਜਿਸਨੇ ਸਾਡੇ ਵਿਸ਼ਵਾਸ ਨੂੰ ਆਕਾਰ ਦਿੱਤਾ। ਉਨ੍ਹਾਂ ਕਿਹਾ, "ਮਿਗ-21 ਨਾ ਸਿਰਫ਼ ਇੱਕ ਜਹਾਜ਼ ਜਾਂ ਮਸ਼ੀਨ ਹੈ ਬਲਕਿ ਭਾਰਤ-ਰੂਸ ਦੇ ਡੂੰਘੇ ਸਬੰਧਾਂ ਦਾ ਸਬੂਤ ਵੀ ਹੈ।" ਉਨ੍ਹਾਂ ਅੱਗੇ ਕਿਹਾ ਕਿ, "ਫੌਜੀ ਹਵਾਬਾਜ਼ੀ ਦਾ ਇਤਿਹਾਸ ਸ਼ਾਨਦਾਰ ਹੈ। ਮਿਗ 21 ਨੇ ਸਾਡੀ ਫੌਜੀ ਹਵਾਬਾਜ਼ੀ ਯਾਤਰਾ ਵਿੱਚ ਬਹੁਤ ਸਾਰੇ ਮਾਣਮੱਤੇ ਪਲ ਜੋੜ ਦਿੱਤੇ।"

ਜ਼ਿਕਰਯੋਗ ਹੈ ਕਿ ਮਿੱਗ-21 ਨੇ ਆਪਣੀ ਪਹਿਲੀ ਉਡਾਨ ਸਾਲ 1963 ਵਿੱਚ ਚੰਡੀਗੜ੍ਹ ਦੇ ਤਿੰਨ ਤੰਬੂਆਂ 'ਚ ਸਥਿਤ ਏਅਰ ਫੋਰਸ ਸਟੇਸ਼ਨ ਤੋਂ ਭਰੀ ਸੀ। ਮਿੱਗ-21 ਨੇ ਕਈ ਲੜਾਈਆਂ ਵਿੱਚ ਜਿੱਤ ਦਿਵਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਮਿਗ-21 ਨੇ ਸਾਲ 1965 ਤੇ 1971 ਦੀ ਜੰਗ ਅਤੇ 1999 ਦੀ ਕਾਰਗਿਲ ਜੰਗ ਵਿੱਚ ਜੌਹਰ ਦਿਖਾਏ ਸਨ। ਸਾਲ 2019 ਵਿੱਚ ਬਾਲਾਕੋਟ ਏਅਰ ਸਟ੍ਰਾਈਕ ਦੌਰਾਨ ਵੀ ਮਿਗ-21 ਨੇ ਦੁਸ਼ਮਣ ਦੇ ਐੱਫ-16 ਲੜਾਕੂ ਜੈੱਟ ਨੂੰ ਨਸ਼ਟ ਕੀਤਾ ਸੀ।

ਸਾਬਕਾ ਪਾਇਲਟ ਅਤੇ ਭਾਰਤੀ ਹਵਾਈ ਸੈਨਾ ਦੇ ਸਾਬਕਾ ਮੁਖੀ ਏਅਰ ਚੀਫ਼ ਮਾਰਸ਼ਲ ਏ ਵਾਈ ਟਿਪਨਿਸ (ਸੇਵਾਮੁਕਤ) ਨੇ ਕਿਹਾ "ਮਿਗ-21 ਨੇ ਸਾਨੂੰ ਸਿਖਾਇਆ ਕਿ ਨਵੀਨਤਾਕਾਰੀ ਕਿਵੇਂ ਬਣਨਾ ਹੈ ਅਤੇ ਨਤੀਜੇ ਕਿਵੇਂ ਪੈਦਾ ਕਰਨੇ ਹਨ।" ਚੰਡੀਗੜ੍ਹ ਵਿੱਚ ਹੋਣ ਵਾਲੇ ਉੱਚ-ਪ੍ਰੋਫਾਈਲ ਸੇਵਾਮੁਕਤੀ ਸਮਾਰੋਹ ਤੋਂ ਇੱਕ ਦਿਨ ਪਹਿਲਾਂ 916 ਵੱਲੋਂ ✓ 'ਤੇ ਸਾਂਝੇ ਕੀਤੇ ਗਏ ਇੱਕ ਰਿਕਾਰਡ ਕੀਤੇ ਵੀਡੀਓ ਪੋਡਕਾਸਟ ਵਿੱਚ ਉਨ੍ਹਾਂ ਨੇ ਚੁਣੌਤੀਆਂ ਨੂੰ ਯਾਦ ਕੀਤਾ ਜਿਨ੍ਹਾਂ ਦਾ ਸਾਹਮਣਾ ਉਨ੍ਹਾਂ ਅਤੇ ਹੋਰ ਪਾਇਲਟਾਂ ਨੇ ਮਿਗ-21 ਜਹਾਜ਼ ਦੀ ਸ਼ੁਰੂਆਤ ਵੇਲੇ ਕੀਤਾ ਸੀ।

# ਸੀਨੀਅਰ ਆਈਪੀਐੱਸ ਅਧਿਕਾਰੀ ਹਰਪ੍ਰੀਤ ਸਿੰਘ ਸਿੱਧੂ ਨੂੰ ਪੰਜਾਬ ਵਾਪਸ ਭੇਜਿਆ

## ਡੀਜੀਪੀ ਅਹੁਦੇ ਬਾਰੇ ਕਿਆਸਅਰਾਈਆਂ ਜ਼ੋਰਾਂ 'ਤੇ; ਸਿੱਧੂ ਨੇ ਵਾਪਸੀ ਲਈ ਕੀਤੀ ਸੀ ਅਪੀਲ



**ਚੰਡੀਗੜ੍ਹ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡੀਜੀਪੀ ਹਰਪ੍ਰੀਤ ਸਿੰਘ ਸਿੱਧੂ (1992-ਬੈਚ ਦੇ ਆਈਪੀਐੱਸ ਅਧਿਕਾਰੀ) ਨੂੰ ਪੰਜਾਬ ਵਾਪਸ ਭੇਜਣ ਨਾਲ ਪੁਲੀਸ ਡਾਇਰੈਕਟਰ ਜਨਰਲ (ਰਾਜ ਫੋਰਸ ਦੇ ਮੁਖੀ) ਦੇ ਅਹੁਦੇ ਬਾਰੇ ਕਿਆਸਅਰਾਈਆਂ ਨੇ ਜ਼ੋਰ ਫੜ ਲਿਆ ਹੈ। ਡੀਜੀਪੀ ਸਿੱਧੂ ਨੇ ਵਾਪਸੀ ਲਈ ਅਪੀਲ ਕੀਤੀ ਸੀ। ਜਾਰੀ ਕੀਤੇ ਗਏ ਇੱਕ ਹੁਕਮ ਵਿੱਚ ਕਿਹਾ ਗਿਆ ਹੈ, "ਹਰਪ੍ਰੀਤ ਸਿੰਘ ਸਿੱਧੂ, ਆਈਪੀਐੱਸ (ਪੀਬੀ:1992), ਜੋ ਕਿ ਆਈਟੀਬੀਪੀ ਦੇ ਐਡੀਸ਼ਨਲ ਡਾਇਰੈਕਟਰ ਜਨਰਲ (ਏਡੀਜੀ) ਵਜੋਂ ਤਾਇਨਾਤ ਸਨ, ਨੂੰ ਉਨ੍ਹਾਂ ਦੇ ਮੂਲ ਕੇਡਰ ਵਿੱਚ ਸਮੇਂ ਤੋਂ ਪਹਿਲਾਂ ਵਾਪਸ ਭੇਜਿਆ ਜਾ ਰਿਹਾ ਹੈ।"

ਗ੍ਰਹਿ ਮੰਤਰਾਲੇ ਦੇ Under-Secretary ਨੇ ਹੁਕਮ ਜਾਰੀ ਕਰਦਿਆਂ ਕਿਹਾ, "ਹਰਪ੍ਰੀਤ ਸਿੰਘ ਸਿੱਧੂ, ਆਈਪੀਐੱਸ (ਪੀਬੀ:1992), ਐਡੀਸ਼ਨਲ ਡਾਇਰੈਕਟਰ ਜਨਰਲ, ਇੰਡੋ-ਤਿੱਬਤੀਅਨ ਬਾਰਡਰ ਪੁਲੀਸ (ਆਈਟੀਬੀਪੀ) ਨੂੰ ਉਨ੍ਹਾਂ ਦੀ ਆਪਣੀ ਅਪੀਲ 'ਤੇ ਮੂਲ ਕੇਡਰ ਵਿੱਚ ਸਮੇਂ ਤੋਂ ਪਹਿਲਾਂ ਵਾਪਸ ਭੇਜਣ ਲਈ ਸਮਰੱਥ ਅਧਿਕਾਰੀ ਦੀ ਪ੍ਰਵਾਨਗੀ ਤੁਰੰਤ ਪ੍ਰਭਾਵ ਨਾਲ ਆਈਪੀਐੱਸ ਕਾਰਜਕਾਲ ਨੀਤੀ ਦੇ ਪੈਰਾ-14.1 ਦੇ ਉਪਬੰਧਾਂ ਤਹਿਤ ਦੇਣ ਦਾ ਨਿਰਦੇਸ਼ ਦਿੱਤਾ ਗਿਆ ਹੈ।"

ਰਾਜ ਬਲ ਦੇ ਮੌਜੂਦਾ ਮੁਖੀ ਡੀਜੀਪੀ ਗੌਰਵ ਯਾਦਵ ਅਤੇ ਹਰਪ੍ਰੀਤ ਸਿੰਘ ਸਿੱਧੂ ਆਈਪੀਐੱਸ ਕੇਡਰ ਦੇ ਇੱਕੋ ਬੈਚ ਨਾਲ ਸਬੰਧਿਤ ਹਨ। ਗ੍ਰੇਡੇਸ਼ਨ ਸੂਚੀ ਵਿੱਚ ਹਰਪ੍ਰੀਤ ਸਿੰਘ ਸਿੱਧੂ ਗੌਰਵ ਯਾਦਵ ਤੋਂ ਸੀਨੀਅਰ ਹਨ। ਸਿੱਧੂ 31 ਮਈ, 2027 ਨੂੰ ਸੇਵਾਮੁਕਤ ਹੋ ਜਾਣਗੇ, ਜਦੋਂ ਕਿ ਯਾਦਵ 30 ਅਪਰੈਲ, 2029 ਨੂੰ ਸੇਵਾਮੁਕਤ ਹੋਣਗੇ।

# ਵਾਤਾਵਰਨ ਕਾਰਕੁਨ ਸੋਨਮ ਵਾਂਗਚੁਕ ਲੱਦਾਖ 'ਚ ਗ੍ਰਿਫ਼ਤਾਰ



**ਨਵੀਂ ਦਿੱਲੀ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਲੱਦਾਖ ਦੇ ਲੇਹ ਜ਼ਿਲ੍ਹੇ ਵਿੱਚ ਹਿੰਸਕ ਪ੍ਰਦਰਸ਼ਨ ਦੌਰਾਨ ਚਾਰ ਪ੍ਰਦਰਸ਼ਨਕਾਰੀਆਂ ਦੇ ਮਾਰੇ ਜਾਣ ਤੋਂ ਦੋ ਦਿਨ ਬਾਅਦ ਵਾਤਾਵਰਨ ਕਾਰਕੁਨ ਸੋਨਮ ਵਾਂਗਚੁਕ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ।

ਲੇਹ ਐਪੈਕਸ ਬਾਡੀ (LAB) ਦੇ ਮੈਂਬਰ ਚੇਰਿੰਗ ਦੋਰਜੇ ਲਾਕਰੂਕ ਨੇ ਗ੍ਰਿਫ਼ਤਾਰੀ ਦੀ ਪੁਸ਼ਟੀ ਕਰਦਿਆਂ ਇਸ ਨੂੰ ਮੰਦਭਾਗਾ ਦੱਸਿਆ। ਇਹ ਗ੍ਰਿਫ਼ਤਾਰੀ ਅੱਜ ਦੁਪਹਿਰ ਸਮੇਂ ਲੇਹ ਜ਼ਿਲ੍ਹੇ ਵਿੱਚ ਹੋਈ, ਜਦੋਂ *12 ਦੇ ਪ੍ਰਤੀਨਿਧੀ, ਜੋ ਲਗਭਗ ਚਾਰ ਸਾਲਾਂ ਤੋਂ ਛੇਵੀਂ ਸ਼ਡਿਊਲ ਅਤੇ ਰਾਜ ਦਾ ਦਰਜਾ ਮੰਗ ਰਹੇ ਹਨ, ਇੱਕ ਪ੍ਰੈਸ ਕਾਨਫਰੰਸ ਕਰਨ ਵਾਲੇ ਸਨ।

ਅੱਜ ਸਵੇਰ ਤੋਂ ਹੀ ਖਦਸ਼ਾ ਸੀ ਕਿ ਵਾਂਗਚੁਕ ਨੂੰ ਗ੍ਰਿਫ਼ਤਾਰ ਕੀਤਾ ਜਾ ਸਕਦਾ ਹੈ। ਬੁੱਧਵਾਰ ਨੂੰ ਹਿੰਸਕ ਵਿਰੋਧ ਪ੍ਰਦਰਸ਼ਨ ਨੌਜਵਾਨਾਂ ਦੇ ਇੱਕ ਸਮੂਹ ਵੱਲੋਂ ਲੇਹ ਵਿੱਚ ਭਾਜਪਾ ਦਫ਼ਤਰ ਅਤੇ ਹਿੱਲ ਕੌਂਸਲ ਦੀ ਇਮਾਰਤ ਨੂੰ ਅੱਗ ਲਗਾਉਣ ਤੋਂ ਬਾਅਦ ਹੋਇਆ, ਜਿਸ ਕਾਰਨ ਪੁਲੀਸ ਨੂੰ ਪ੍ਰਦਰਸ਼ਨਕਾਰੀਆਂ 'ਤੇ ਗੋਲੀਬਾਰੀ ਕਰਨੀ ਪਈ। ਵਾਂਗਚੁਕ 35 ਦਿਨਾਂ ਦੀ ਭੁੱਖ ਹੜਤਾਲ 'ਤੇ ਸਨ, ਜੋ ਕਿ ਲੇਹ ਸ਼ਹਿਰ ਵਿੱਚ ਹਿੰਸਾ ਤੋਂ ਤੁਰੰਤ ਬਾਅਦ ਖਤਮ ਹੋ ਗਈ। ਪੁਲੀਸ ਨੇ ਅਜੇ ਤੱਕ ਅਧਿਕਾਰਤ ਤੌਰ 'ਤੇ ਘਟਨਾਕ੍ਰਮ ਦੀ ਪੁਸ਼ਟੀ ਨਹੀਂ ਕੀਤੀ ਹੈ।

# ਟਰੰਪ ਵੱਲੋਂ 1 ਅਕਤੂਬਰ ਤੋਂ ਦਰਾਮਦ ਫਾਰਮਾਸਿਊਟੀਕਲਜ਼ 'ਤੇ 100 ਫੀਸਦ ਟੈਰਿਫ਼ ਲਾਉਣ ਦਾ ਐਲਾਨ



**ਵਾਸ਼ਿੰਗਟਨ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਸ਼ਟਰਪਤੀ ਡੋਨਲਡ ਟਰੰਪ ਨੇ ਕਿਹਾ ਹੈ ਕਿ ਉਹ 1 ਅਕਤੂਬਰ ਤੋਂ ਫਾਰਮਾਸਿਊਟੀਕਲ ਦਵਾਈਆਂ 'ਤੇ 100 ਪ੍ਰਤੀਸ਼ਤ, ਰਸੋਈ ਦੀਆਂ ਅਲਮਾਰੀਆਂ ਅਤੇ ਬਾਥਰੂਮ ਵੈਨੇਟੀਜ਼ 'ਤੇ 50 ਪ੍ਰਤੀਸ਼ਤ, ਅਪਹੋਲਸਟਰਡ ਫਰਨੀਚਰ 'ਤੇ 30 ਪ੍ਰਤੀਸ਼ਤ ਅਤੇ ਭਾਰੀ ਟਰੱਕਾਂ 'ਤੇ 25 ਪ੍ਰਤੀਸ਼ਤ ਦਰਾਮਦ ਟੈਕਸ ਲਗਾਉਣਗੇ। ਟਰੰਪ ਨੇ ਐਲਾਨ ਕੀਤਾ ਕਿ ਉਨ੍ਹਾਂ ਦਾ ਪ੍ਰਸ਼ਾਸਨ 1 ਅਕਤੂਬਰ ਤੋਂ ਬ੍ਰਾਂਡਿਡ ਅਤੇ ਪੇਟੈਂਟ ਕੀਤੇ ਫਾਰਮਾਸਿਊਟੀਕਲ ਉਤਪਾਦਾਂ 'ਤੇ 100 ਪ੍ਰਤੀਸ਼ਤ ਟੈਰਿਫ ਲਗਾਏਗਾ, ਬਸ਼ਰਤੇ ਉਤਪਾਦਨ ਕੰਪਨੀਆਂ ਅਮਰੀਕਾ ਵਿਚ ਉਤਪਾਦਨ ਸਹੂਲਤਾਂ ਸਥਾਪਿਤ ਕਰਨ।

ਟਰੂਥ ਸੋਸ਼ਲ 'ਤੇ ਇੱਕ ਪੋਸਟ ਵਿੱਚ, ਰਾਸ਼ਟਰਪਤੀ ਟਰੰਪ ਨੇ ਲਿਖਿਆ, "1 ਅਕਤੂਬਰ, 2025 ਤੋਂ, ਅਸੀਂ ਕਿਸੇ ਵੀ ਬ੍ਰਾਂਡਿਡ ਜਾਂ ਪੇਟੈਂਟ ਕੀਤੇ ਫਾਰਮਾਸਿਊਟੀਕਲ ਉਤਪਾਦ 'ਤੇ 100% ਟੈਰਿਫ ਲਗਾਵਾਂਗੇ, ਬਸ਼ਰਤੇ ਕੋਈ ਕੰਪਨੀ ਅਮਰੀਕਾ ਵਿੱਚ ਆਪਣਾ ਫਾਰਮਾਸਿਊਟੀਕਲ ਉਤਪਾਦਨ ਪਲਾਂਟ ਨਹੀਂ ਬਣਾ ਲੈਂਦੀ। ÓIS BUILDING' ਨੂੰ 'ਬ੍ਰੇਕਿੰਗ ਗਰਾਊਂਡ' ਅਤੇ/ਜਾਂ 'ਨਿਰਮਾਣ ਅਧੀਨ' ਵਜੋਂ ਪਰਿਭਾਸ਼ਿਤ ਕੀਤਾ ਜਾਵੇਗਾ।" ਟਰੰਪ ਨੇ ਕਿਹਾ ਕਿ ਫਾਰਮਾਸਿਊਟੀਕਲ ਟੈਰਿਫ ਉਨ੍ਹਾਂ ਕੰਪਨੀਆਂ 'ਤੇ ਲਾਗੂ ਨਹੀਂ ਹੋਣਗੇ ਜੋ ਅਮਰੀਕਾ ਵਿੱਚ ਨਿਰਮਾਣ ਪਲਾਂਟ ਬਣਾ ਰਹੀਆਂ ਹਨ, ਜਿਸ ਨੂੰ ਉਸ ਨੇ ਬ੍ਰੇਕਿੰਗ ਗਰਾਊਂਡ ਜਾਂ ਉਸਾਰੀ ਅਧੀਨ ਵਜੋਂ ਪਰਿਭਾਸ਼ਿਤ ਕੀਤਾ ਹੈ।

ਹਾਲਾਂਕਿ ਇਹ ਸਪੱਸ਼ਟ ਨਹੀਂ ਹੈ ਕਿ ਟੈਰਿਫ ਉਨ੍ਹਾਂ ਕੰਪਨੀਆਂ 'ਤੇ ਕਿਵੇਂ ਲਾਗੂ ਹੋਣਗੇ ਜਿਨ੍ਹਾਂ ਦੀਆਂ ਪਹਿਲਾਂ ਹੀ ਅਮਰੀਕਾ ਵਿੱਚ ਫੈਕਟਰੀਆਂ ਹਨ। ਜਨਗਣਨਾ ਬਿਊਰੋ ਅਨੁਸਾਰ, 2024 ਵਿੱਚ, ਅਮਰੀਕਾ ਨੇ ਲਗਪਗ 233 ਬਿਲੀਅਨ ਡਾਲਰ ਦੇ ਫਾਰਮਾਸਿਊਟੀਕਲ ਅਤੇ ਚਕਿਤਸਕ ਉਤਪਾਦਾਂ ਦੀ ਦਰਾਮਦ ਕੀਤੀ। ਕੁਝ ਦਵਾਈਆਂ ਦੀਆਂ ਕੀਮਤਾਂ ਦੁੱਗਣੀਆਂ ਹੋਣ ਦੀ ਸੰਭਾਵਨਾ ਵੋਟਰਾਂ ਨੂੰ ਹੈਰਾਨ ਕਰ ਸਕਦੀ ਹੈ ਕਿਉਂਕਿ ਸਿਹਤ ਸੰਭਾਲ ਖਰਚੇ, ਨਾਲ ਹੀ ਮੈਡੀਕੇਅਰ ਅਤੇ ਮੈਡੀਕਏਡ ਦੀਆਂ ਲਾਗਤਾਂ ਸੰਭਾਵੀ ਤੌਰ 'ਤੇ ਵਧ ਸਕਦੀਆਂ ਹਨ।

ਟਰੰਪ ਵੱਲੋਂ ਫਾਰਮਾਸਿਊਟੀਕਲ ਦਵਾਈਆਂ 'ਤੇ 100 ਫੀਸਦ ਟੈਰਿਫ ਲਾਉਣ ਦਾ ਐਲਾਨ ਹੈਰਾਨ ਕਰਨ ਵਾਲਾ ਹੈ ਕਿਉਂਕਿ ਟਰੰਪ ਨੇ ਪਹਿਲਾਂ ਸੁਝਾਅ ਦਿੱਤਾ ਸੀ ਕਿ ਟੈਰਿਫ ਸਮੇਂ ਦੇ ਨਾਲ ਪੜਾਅਵਾਰ ਘਟਾਏ ਜਾਣਗੇ ਤਾਂ ਜੋ ਕੰਪਨੀਆਂ ਕੋਲ ਫੈਕਟਰੀਆਂ ਬਣਾਉਣ ਅਤੇ ਉਤਪਾਦਨ ਨੂੰ ਤਬਦੀਲ ਕਰਨ ਦਾ ਸਮਾਂ ਹੋਵੇ। ਅਗਸਤ ਵਿੱਚ ਸੀਐਨਬੀਸੀ 'ਤੇ ਟਰੰਪ ਨੇ ਕਿਹਾ ਸੀ ਕਿ ਉਹ ਫਾਰਮਾਸਿਊਟੀਕਲ 'ਤੇ 'ਛੋਟਾ ਟੈਰਿਫ' ਲਗਾ ਕੇ ਸ਼ੁਰੂਆਤ ਕਰਨਗੇ ਅਤੇ ਇੱਕ ਸਾਲ ਜਾਂ ਇਸ ਤੋਂ ਵੱਧ ਸਮੇਂ ਵਿੱਚ ਦਰ ਨੂੰ 150 ਪ੍ਰਤੀਸ਼ਤ ਅਤੇ ਇੱਥੋਂ ਤੱਕ ਕਿ 250 ਪ੍ਰਤੀਸ਼ਤ ਤੱਕ ਵਧਾ ਦੇਣਗੇ।

# ਰੂਸ ਤੋਂ ਤੇਲ ਖ਼ਰੀਦਣ 'ਤੇ ਕੋਈ ਪਾਬੰਦੀ ਨਹੀਂ: ਹਰਦੀਪ ਪੁਰੀ



**ਮੁੰਬਈ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰੀ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਨੇ ਅੱਜ ਇੱਥੇ ਕਿਹਾ ਕਿ ਕੱਚੇ ਰੂਸੀ ਤੇਲ ਦੀ ਖਰੀਦ 'ਤੇ ਕੋਈ ਪਾਬੰਦੀ ਨਹੀਂ ਹੈ ਅਤੇ ਜੇਕਰ ਸਪਲਾਈ ਵਿੱਚ ਵਿਘਨ ਪੈਂਦਾ ਹੈ ਤਾਂ ਦੁਨੀਆ ਨੂੰ ਗੰਭੀਰ ਨਤੀਜੇ ਭੁਗਤਣੇ ਪੈਣਗੇ। ਇਰਾਨ ਅਤੇ ਵੈਨੇਜ਼ੁਏਲਾ ਦੇ ਮਾਮਲੇ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਭਾਰਤ ਨੇ ਹਮੇਸ਼ਾ ਕੌਮਾਂਤਰੀ ਭਾਈਚਾਰੇ ਦੇ ਇੱਕ ਜ਼ਿੰਮੇਵਾਰ ਮੈਂਬਰ ਵਜੋਂ ਪਾਬੰਦੀਆਂ ਦੀ ਪਾਲਣਾ ਕੀਤੀ ਹੈ। ਇਹ ਟਿੱਪਣੀਆਂ ਅਮਰੀਕਾ ਵੱਲੋਂ ਰੂਸ ਤੋਂ ਕੱਚੇ ਤੇਲ ਅਤੇ ਹਥਿਆਰ ਖਰੀਦਣ 'ਤੇ ਭਾਰਤ 'ਤੇ 25 ਫ਼ੀਸਦੀ ਟੈਰਿਫ ਤੋਂ ਇਲਾਵਾ 25 ਫ਼ੀਸਦੀ ਦੀ ਸਜ਼ਾਤਮਕ ਡਿਊਟੀ ਲਗਾਉਣ ਮਗਰੋਂ ਆਈਆਂ ਹਨ।

ਅਮਰੀਕਾ ਅਤੇ ਭਾਰਤ ਵਿਚਕਾਰ ਵਪਾਰ ਨੀਤੀਆਂ 'ਤੇ ਮਹੱਤਵਪੂਰਨ ਗੱਲਬਾਤ ਜਾਰੀ ਰਹਿਣ ਦੌਰਾਨ ਪੱਤਰਕਾਰਾਂ ਨਾਲ ਗੱਲ ਕਰਦਿਆਂ ਪੁਰੀ ਨੇ ਕਿਹਾ ਕਿ ਰੂਸ ਵਿਸ਼ਵ ਪੱਧਰ 'ਤੇ ਲਗਭਗ 10 ਮਿਲੀਅਨ ਬੈਰਲ ਪ੍ਰਤੀ ਦਿਨ ਕੱਚੇ ਤੇਲ ਦਾ ਦੂਜਾ ਸਭ ਤੋਂ ਵੱਡਾ ਸਪਲਾਇਰ ਹੈ। ਕੇਂਦਰੀ ਮੰਤਰੀ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਪਲਾਈ ਵਿੱਚ ਵਿਘਨ ਪੈਂਦਾ ਹੈ ਤਾਂ ਦੁਨੀਆ ਨੂੰ ਗੰਭੀਰ ਨਤੀਜੇ ਭੁਗਤਣੇ ਪੈਣਗੇ।

ਉਨ੍ਹਾਂ ਕਿਹਾ, "ਊਰਜਾ ਇੱਕ ਅਜਿਹੀ ਚੀਜ਼ ਹੈ ਜਿਸ ਤੋਂ ਬਿਨਾਂ ਤੁਸੀਂ ਕੁੱਝ ਨਹੀਂ ਕਰ ਸਕਦੇ ... ਜੇਕਰ ਤੁਸੀਂ ਦੂਜੇ ਸਭ ਤੋਂ ਵੱਡੇ ਉਤਪਾਦਕ ਨੂੰ ਹਟਾਉਂਦੇ ਹੋ ਤਾਂ ਤੁਹਾਨੂੰ ਖਪਤ ਵਿੱਚ ਕਟੌਤੀ ਕਰਨੀ ਪਵੇਗੀ। ਨਤੀਜੇ ਕਾਫ਼ੀ ਗੰਭੀਰ ਹਨ।"

ਡਿਪਲੋਮੈਟ ਤੋਂ ਸਿਆਸਤਦਾਨ ਬਣੇ ਹਰਦੀਪ ਪੁਰੀ ਨੇ ਕਿਹਾ ਕਿ ਇਹੀ ਕਾਰਨ ਹੈ ਕਿ ਦੁਨੀਆ ਰੂਸੀ ਤੇਲ 'ਤੇ ਪਾਬੰਦੀਆਂ ਨਹੀਂ ਲਗਾ ਰਹੀ।

ਉਨ੍ਹਾਂ ਕਿਹਾ ਕਿ ਰੂਸ ਤੋਂ ਖਰੀਦਣ 'ਤੇ ਕੀਮਤ ਸੀਮਾਵਾਂ ਲਗਾਈਆਂ ਗਈਆਂ ਹਨ ਅਤੇ ਜਦੋਂ ਵੀ ਅਜਿਹੀ ਕੋਈ ਗੱਲ ਹੁੰਦੀ ਹੈ ਤਾਂ ਉਹ ਭਾਰਤੀ ਕੰਪਨੀਆਂ ਨੂੰ ਘੱਟ ਕੀਮਤਾਂ 'ਤੇ ਤੇਲ ਖਰੀਦਣ ਲਈ ਕਹਿੰਦੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਤੁਰਕੀ, ਜਾਪਾਨ ਅਤੇ ਯੂਰੋਪੀਅਨ ਯੂਨੀਅਨ ਸਣੇ ਬਹੁਤ ਸਾਰੇ ਦੇਸ਼ ਰੂਸ ਤੋਂ ਤੇਲ ਖਰੀਦਦੇ ਹਨ।

# ਮਜੀਠੀਆ ਨੂੰ ਮਿਲਣ ਨਾਭਾ ਜੇਲ੍ਹ ਪਹੁੰਚੇ ਸੁਖਬੀਰ ਬਾਦਲ



**ਨਾਭਾ/ਪਟਿਆਲਾ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡੇਰਾ ਬਿਆਸ ਮੁਖੀ ਦੀ ਫੇਰੀ ਤੋਂ ਤੀਜੇ ਦਿਨ ਅੱਜ ਸ਼੍ਰੋਮਣੀ ਅਕਾਲੀ ਦਲ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੀ ਨਾਭਾ ਜੇਲ੍ਹ 'ਚ ਬੰਦ ਬਿਕਰਮ ਸਿੰਘ ਮਜੀਠੀਆ ਨੂੰ ਮਿਲਣ ਪਹੁੰਚੇ। ਉਨ੍ਹਾਂ ਨਾਲ ਹਰਸਿਮਰਤ ਬਾਦਲ ਅਤੇ ਗਨੀਵ ਕੌਰ ਮਜੀਠੀਆ ਵੀ ਮੌਜੂਦ ਸਨ।

ਜ਼ਿਕਰਯੋਗ ਹੈ ਕਿ ਬਿਕਰਮ ਮਜੀਠੀਆ ਨਾਭਾ ਜੇਲ 'ਚ 6 ਜੁਲਾਈ ਤੋਂ ਬੰਦ ਹਨ ਤੇ ਸੁਖਬੀਰ ਬਾਦਲ ਅੱਜ ਪਹਿਲੀ ਵਾਰੀ ਮਜੀਠੀਆ ਨੂੰ ਮਿਲਣ ਜੇਲ੍ਹ ਪਹੁੰਚੇ। 15 ਜੁਲਾਈ ਨੂੰ ਸੁਖਬੀਰ ਬਾਦਲ ਨਾਭਾ ਆ ਕੇ ਵੀ ਮਜੀਠੀਆ ਨੂੰ ਮਿਲਣ ਨਾ ਗਏ। ਗ੍ਰਿਫ਼ਤਾਰ ਹੋਣ ਤੋਂ ਕੁਝ ਹੀ ਦਿਨ ਪਹਿਲਾਂ ਬਿਕਰਮ ਮਜੀਠੀਆ ਵੱਲੋਂ ਪੰਥਕ ਜਥੇਦਾਰਾਂ ਨੂੰ ਹਟਾਉਣ ਦੀ ਆਲੋਚਨਾ ਕੀਤੀ ਗਈ ਸੀ। ਅਜੇ ਤੱਕ ਸੁਖਬੀਰ ਬਾਦਲ ਵੱਲੋਂ ਮਜੀਠੀਆ ਤੋਂ ਦੂਰੀ ਬਣਾ ਕੇ ਰੱਖਣ ਦੇ ਚੱਲ ਰਹੇ ਅੰਦਾਜ਼ਿਆਂ ਨੂੰ ਅੱਜ ਠੱਲ ਤਾਂ ਪਵੇਗੀ ਪਰ ਡੇਰਾ ਮੁਖੀ ਵੱਲੋਂ ਮਿਲਣੀ ਤੋਂ ਇੱਕ ਦਮ ਬਾਅਦ ਜੇਲ੍ਹ ਪਹੁੰਚਣ ਕਾਰਨ ਨਵੀਆਂ ਚਰਚਾਵਾਂ ਛਿੜ ਗਈਆਂ ਹਨ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅੱਜ ਨਾਭਾ ਜੇਲ੍ਹ ਵਿੱਚ ਬੰਦ ਆਪਣੇ ਰਿਸ਼ਤੇਦਾਰ ਤੇ ਅਕਾਲੀ ਨੇਤਾ ਬਿਕਰਮ ਸਿੰਘ ਮਜੀਠੀਆ ਦੇ ਨਾਲ ਮੁਲਾਕਾਤ ਮਗਰੋਂ ਉਹ ਸਾਬਕਾ ਮੰਤਰੀ ਹਰਮੇਲ ਸਿੰਘ ਟੌਹੜਾ ਦੇ ਦੇਹਾਂਤ ਦੇ ਮੱਦੇਨਜ਼ਰ ਪਿੰਡ ਟੌਹੜਾ ਪਹੁੰਚ ਕੇ ਉਨ੍ਹਾਂ ਦੀ ਪਤਨੀ ਕੁਲਦੀਪ ਕੌਰ ਟੌਹੜਾ ਅਤੇ ਪੁੱਤਰਾਂ ਹਰਿੰਦਰ ਪਾਲ ਟੌਹੜਾ ਤੇ ਕੰਵਰਵੀਰ ਟੌਹੜਾ ਸਣੇ ਹੋਰ ਪਰਿਵਾਰਕ ਮੈਂਬਰਾਂ ਨਾਲ ਮੁਲਾਕਾਤ ਕੀਤੀ।

# ਲੇਹ ਵਿੱਚ ਤੀਜੇ ਦਿਨ ਵੀ ਕਰਫ਼ਿਊ ਜਾਰੀ

**ਲੇਹ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਲੇਹ ਕਸਬੇ ਵਿੱਚ ਸ਼ੁੱਕਰਵਾਰ ਨੂੰ ਲਗਾਤਾਰ ਤੀਜੇ ਦਿਨ ਵੀ ਕਰਫ਼ਿਊ ਲਾਗੂ ਹੈ। ਇਸ ਦੌਰਾਨ ਗ੍ਰਹਿ ਮੰਤਰਾਲੇ ਦੀ ਇੱਕ ਟੀਮ ਨੇ ਸਮੁੱਚੀ ਸੁਰੱਖਿਆ ਸਥਿਤੀ ਦੀ ਸਮੀਖਿਆ ਲਈ ਇੱਥੇ ਕਈ ਮੀਟਿੰਗਾਂ ਕੀਤੀਆਂ ਹਨ। ਅਧਿਕਾਰੀਆਂ ਨੇ ਦੱਸਿਆ ਕਿ ਕਿਤੋਂ ਵੀ ਕੋਈ...

ਅਧਿਕਾਰੀਆਂ ਨੇ ਦੱਸਿਆ ਕਿ ਕਿਤੋਂ ਵੀ ਕੋਈ ਅਣਸੁਖਾਵੀਂ ਘਟਨਾ ਦੀ ਖ਼ਬਰ ਨਹੀਂ ਮਿਲੀ।

ਜ਼ਿਕਰਯੋਗ ਹੈ ਕਿ ਲੇਹ ਐਪੈਕਸ ਬਾਡੀ (*12) ਵੱਲੋਂ ਰਾਜ ਦਾ ਦਰਜਾ ਅਤੇ ਸੰਵਿਧਾਨ ਦੀ ਛੇਵੀਂ ਅਨੁਸੂਚੀ ਨੂੰ ਲਾਗੂ ਕਰਨ ਦੀਆਂ ਮੰਗਾਂ ਨੂੰ ਲੈ ਕੇ ਕੇਂਦਰ ਨਾਲ ਗੱਲਬਾਤ ਅੱਗੇ ਵਧਾਉਣ ਲਈ ਦਿੱਤੇ ਬੰਦ ਦੇ ਸੱਦੇ ਦੌਰਾਨ ਵਿਆਪਕ ਹਿੰਸਾ ਹੋਣ ਤੋਂ ਬਾਅਦ ਬੁੱਧਵਾਰ ਸ਼ਾਮ ਨੂੰ ਕਸਬੇ ਵਿੱਚ ਕਰਫ਼ਿਊ ਲਗਾਇਆ ਗਿਆ ਸੀ। ਹਿੰਸਾ ਦੇ ਨਤੀਜੇ ਵਜੋਂ ਚਾਰ ਵਿਅਕਤੀਆਂ ਦੀ ਮੌਤ ਹੋ ਗਈ ਸੀ ਅਤੇ 90 ਹੋਰ ਜ਼ਖਮੀ ਹੋ ਗਏ ਸਨ।

# ਬੇਅਦਬੀ ਕੇਸਾਂ ਵਿੱਚ ਪੰਜਾਬ ਸਰਕਾਰ ਸਾਫ਼ ਤੌਰ ਤੇ ਨਾਮਜ਼ਦ ਦੋਸ਼ੀਆਂ ਵੱਲ ਭੁਗਤਦੀ ਨਜ਼ਰ ਆ ਰਹੀ ਹੈ : ਗਿਆਨੀ ਹਰਪ੍ਰੀਤ ਸਿੰਘ

## ਬੇਅਦਬੀ ਕੇਸਾਂ ਵਿੱਚ ਠੋਸ ਪੱਖ ਰੱਖ ਕੇ ਇਹਨਾਂ ਕੇਸਾਂ ਦਾ ਟ੍ਰਾਇਲ ਵੀ ਪੰਜਾਬ ਵਿੱਚ ਚਲਾਇਆ ਜਾਵੇ



**ਚੰਡੀਗੜ੍ਹ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਅਕਾਲੀ ਦਲ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਬੇਅਦਬੀ ਮਾਮਲਿਆਂ ਵਿੱਚ ਇਨਸਾਫ਼ ਦਿਵਾਉਣ ਦੀ ਪ੍ਰਕ੍ਰਿਆ ਵਿੱਚ ਪੰਜਾਬ ਸਰਕਾਰ ਦੀ ਨਾਮਜਦ ਦੋਸ਼ੀਆਂ ਨਾਲ ਸਾਜ਼ਿਸ਼ਤਾਨਾ ਮਿਲੀ ਭੁਗਤ ਤੇ ਵੱਡੇ ਸਵਾਲ ਕਰਦੇ ਹੋਏ ਇਸ ਨੂੰ ਸਿੱਖ ਕੌਮ ਨਾਲ ਭਾਵਨਾਤਮਕ ਧੋਖਾ ਕਰਾਰ ਦਿੱਤਾ ਹੈ।

ਜਾਰੀ ਬਿਆਨ ਵਿੱਚ ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ, ਪੰਜਾਬ-ਹਰਿਆਣਾ ਹਾਈ ਕੋਰਟ ਨੇ ਬਠਿੰਡਾ, ਫ਼ਰੀਦਕੋਟ, ਮੋਗਾ ਦੇ ਬੇਅਦਬੀ ਕੇਸਾਂ ਨੂੰ ਚੰਡੀਗੜ੍ਹ ਤਬਾਦਲੇ ਦਾ ਆਦੇਸ਼ ਦਿੱਤਾ ਸੀ ਪਰ ਹੈਰਾਨੀ ਇਹ ਹੈ ਕਿ ਇਨ੍ਹਾਂ ਕੇਸਾਂ ਵਿੱਚ ਪੰਜਾਬ ਸਰਕਾਰ ਨੇ ਹਾਈ ਕੋਰਟ ਦੇ ਫੈਸਲੇ ਖਿਲਾਫ਼ ਸੁਪਰੀਮ ਕੋਰਟ ਵਿੱਚ ਅਪੀਲ ਹੀ ਨਹੀਂ ਕੀਤੀ, ਇਹ ਸਿੱਧੇ ਤੌਰ 'ਤੇ ਬੇਅਦਬੀ ਕੇਸਾਂ ਵਿੱਚ ਨਾਮਜ਼ਦ ਡੇਰਾ ਮੁਖੀ ਤੇ ਬਾਕੀ ਦੋਸ਼ੀਆਂ ਦੀ ਖੁੱਲ੍ਹੇਆਮ ਮਦਦ ਕਰਨਾ ਹੈ।

ਬੇਅਦਬੀ ਕੇਸਾਂ ਨੂੰ ਚੰਡੀਗੜ੍ਹ ਤਬਦੀਲ ਕਰਨ ਵੇਲੇ ਇਹ ਤਰਕ ਦਿੱਤਾ ਗਿਆ ਸੀ ਕਿ ਟ੍ਰਾਇਲ ਲਈ ਪੰਜਾਬ 'ਚ ਮਾਹੌਲ ਅਨੁਕੂਲ ਨਹੀਂ ਹੈ। ਪੰਜਾਬ ਹਰਿਆਣਾ ਹਾਈਕੋਰਟ ਵਿੱਚ ਇਹ ਤਰਕ ਦੇਣ ਵਾਲੇ ਡੇਰਾ ਪ੍ਰੇਮੀ ਪੰਜਾਬ ਵਿੱਚ ਖੁੱਲ੍ਹੇਆਮ ਪ੍ਰੋਗਰਾਮ ਕਰ ਰਹੇ ਹਨ ਪਰ ਅਦਾਲਤ ਵਿੱਚ ਕਹਿ ਰਹੇ ਹਨ ਕਿ ਟ੍ਰਾਇਲ ਲਈ ਪੰਜਾਬ 'ਚ ਮਾਹੌਲ ਅਨੁਕੂਲ ਨਹੀਂ ਹੈ। ਅਦਾਲਤ ਵਿੱਚ ਚੁੱਪ ਰਹਿ ਕੇ ਪੰਜਾਬ ਸਰਕਾਰ ਡੇਰਾ ਪ੍ਰੇਮੀਆਂ ਦੀ ਗੱਲ ਵਿੱਚ ਪੂਰੀ ਸਹਿਮਤੀ ਜਤਾ ਰਹੀ ਹੈ। ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਇਸ ਮਾਮਲੇ ਵਿੱਚ ਹੁਣ ਇੱਕ ਸ਼ਿਕਾਇਤਕਰਤਾ ਵੱਲੋਂ ਸੀਨੀਅਰ ਐਡਵੋਕੇਟ ਸਰਦਾਰ ਐਚ.ਐਸ. ਫੂਲਕਾ ਰਾਹੀਂ ਸੁਪਰੀਮ ਕੋਰਟ ਵਿੱਚ ਦਲੀਲ ਦਿੱਤੀ ਹੈ ਕਿ ਪੰਜਾਬ ਵਿੱਚ ਟ੍ਰਾਇਲ ਲਈ ਮਾਹੌਲ ਪੂਰੀ ਤਰ੍ਹਾਂ ਅਨੁਕੂਲ ਹੈ। ਇਸ ਨਾਲ ਹੀ ਹੁਣ ਸਪਰੀਮ ਕੋਰਟ ਨੇ ਉਸ ਕੇਸ 'ਤੇ ਸਟੇਟਸ ਕੋ ਲਗਾ ਕੇ 13 ਅਕਤੂਬਰ ਤੱਕ ਜਵਾਬ ਮੰਗਿਆ ਹੈ। ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਇਹ ਮਾਮਲਾ ਸਿਰਫ਼ ਕਾਨੂੰਨੀ ਨਹੀਂ, ਸਾਰੀ ਕੌਮ ਦੀ ਭਾਵਨਾਵਾਂ ਨਾਲ ਜੁੜਿਆ ਹੈ। ਓਹਨਾ ਕਿਹਾ ਕਿ 2022 ਦੀਆਂ ਚੋਣਾਂ ਤੋਂ ਪਹਿਲਾਂ ਇਸ ਬਾਰੇ ਆਪ ਮੁਖੀ ਅਰਵਿੰਦ ਕੇਜਰੀਵਾਲ ਨੇ ਵਾਅਦਾ ਕੀਤਾ ਸੀ ਕਿ ਸਰਕਾਰ ਵਿੱਚ ਆਉਂਦਿਆਂ ਹੀ ਬੇਅਦਬੀ ਕੇਸਾਂ ਵਿੱਚ ਇਨਸਾਫ਼ ਦਿਵਾਉਣਗੇ ਪਰ ਹੁਣ ਪੰਜਾਬ ਸਰਕਾਰ ਬੇਝਿਜਕ ਹੋ ਕੇ ਦੋਸ਼ੀਆਂ ਦਾ ਬਚਾਅ ਕਰ ਰਹੀ ਹੈ। ਬੇਅਦਬੀ ਅਤੇ ਪੁਲਿਸ ਫਾਈਰਿੰਗ ਦੇ ਕੇਸਾਂ ਵਿੱਚ ਇਨਸਾਫ਼ ਦੇ ਮੁੱਦੇ ਨੂੰ ਵਰਤ ਕੇ ਸੱਤਾ ਵਿਚ ਆਈ ਆਮ ਆਦਮੀ ਪਾਰਟੀ ਸਿੱਖ ਭਾਵਨਾ ਨਾਲ ਖਿਲਵਾੜ ਕਰ ਰਹੀ ਹੈ।

ਓਹਨਾ ਕਿਹਾ ਕਿ ਇਕ ਪਾਸੇ ਬੇਅਦਬੀ ਖ਼ਿਲਾਫ਼ ਨਵਾਂ ਕਾਨੂੰਨ ਬਣਾਉਣ ਦਾ ਪ੍ਰਪੰਚ ਰਚਿਆ ਜਾ ਰਿਹਾ ਹੈ ਤੇ ਦੂਜੇ ਤੌਰ ਤੇ ਇੰਨੇ ਵੱਡੇ ਕੇਸਾਂ ਵਿਚ ਸਰਕਾਰ ਇਨਸਾਫ਼ ਦੇਣ ਤੋਂ ਹੀ ਇਨਕਾਰੀ ਹੋਈ ਬੈਠੀ ਹੈ। ਪੰਜਾਬ ਸਰਕਾਰ ਨੂੰ ਅਸੀਂ ਤਾੜਨਾ ਕਰਦੇ ਹਾਂ ਕਿ ਸਿੱਖ ਕੌਮ ਦੇ ਹਿਰਦਿਆਂ 'ਤੇ ਜ਼ਖ਼ਮ ਇਹਨਾਂ ਬੇਅਦਬੀ ਕੇਸਾਂ ਵਿੱਚ ਠੋਸ ਪੱਖ ਰੱਖ ਕੇ ਇਹਨਾਂ ਕੇਸਾਂ ਦਾ ਟ੍ਰਾਇਲ ਵੀ ਪੰਜਾਬ ਵਿੱਚ ਚਲਾਇਆ ਜਾਵੇ, ਇਹਨਾਂ ਕੇਸਾਂ ਵਿੱਚ ਤੇਜ਼ੀ ਵੀ ਲਿਆਂਦੀ ਜਾਵੇ ਅਤੇ ਨਾਮਜ਼ਦ ਡੇਰਾ ਮੁਖੀ ਦੇ ਮੁਕੱਦਮੇ ਦੀ ਪ੍ਰਵਾਨਗੀ ਦੇ ਕੇ ਉਸਨੂੰ ਵੀ ਸੰਮਨ ਕੀਤਾ ਜਾਵੇ।ਇਸ ਦੇ ਨਾਲ ਹੀ ਮੌੜ ਧਮਾਕੇ ਦੀ ਜਾਂਚ ਵੀ ਅੱਗੇ ਵਧਾਈ ਜਾਵੇ ਅਤੇ ਪੀੜਤਾਂ ਨੂੰ ਇਨਸਾਫ ਦਿਵਾਉਣ ਲਈ ਜਰੂਰੀ ਅਤੇ ਵੱਡੇ ਕਦਮ ਚੁੱਕੇ ਜਾਣ।

# ਸੀ ਟੀ ਯੂਨੀਵਰਸਿਟੀ ਦੇ ਡਾ. ਦਿਲਪ੍ਰੀਤ ਸਿੰਘ ਵਿਸ਼ਵ ਦੇ ਟੌਪ 2% ਵਿਗਿਆਨੀਆਂ ਵਿੱਚ ਸ਼ਾਮਲ



**ਲੁਧਿਆਣਾ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀ ਟੀ ਯੂਨੀਵਰਸਿਟੀ ਲਈ ਗਰਵ ਦਾ ਮੌਕਾ ਹੈ ਕਿ ਸਕੂਲ ਆਫ ਫਾਰਮਾਸਿਊਟਿਕਲ ਸਾਇੰਸਜ਼ ਦੇ ਐਸੋਸੀਏਟ ਪ੍ਰੋਫੈਸਰ ਡਾ. ਦਿਲਪ੍ਰੀਤ ਸਿੰਘ ਨੂੰ ਸਟੈਨਫੋਰਡ ਯੂਨੀਵਰਸਿਟੀ ਅਤੇ ਐਲਸੇਵੀਅਰ ਦੁਆਰਾ ਜਾਰੀ ਕੀਤੀ ਗਈ 2025 ਦੀ ਰੈਂਕਿੰਗ ਵਿੱਚ ਵਿਸ਼ਵ ਦੇ ਟੌਪ 2% ਵਿਗਿਆਨੀਆਂ ਵਿੱਚ ਸ਼ਾਮਲ ਕੀਤਾ ਗਿਆ ਹੈ।

ਇਹ ਮਾਨਤਾ ਡਾ. ਸਿੰਘ ਦੀ ਸ਼ਾਨਦਾਰ ਰਿਸਰਚ, ਉੱਚ-ਪ੍ਰਭਾਵਸ਼ਾਲੀ ਪ੍ਰਕਾਸ਼ਨਾਂ ਅਤੇ ਫਾਰਮਾਸਿਊਟਿਕਲ ਸਾਇੰਸਜ਼ ਵਿੱਚ ਉਤਕ੍ਰਿਸ਼ਟ ਯੋਗਦਾਨ ਨੂੰ ਦਰਸਾਉਂਦੀ ਹੈ।

ਪ੍ਰੋ ਚਾਂਸਲਰ ਡਾ. ਮਨਬੀਰ ਸਿੰਘ ਅਤੇ ਵਾਈਸ ਚਾਂਸਲਰ ਡਾ. ਨਿਤਿਨ ਤੰਦਨ ਨੇ ਇਸ ਪ੍ਰਾਪਤੀ ਨੂੰ ਯੂਨੀਵਰਸਿਟੀ ਲਈ ਗੌਰਵ ਦਾ ਪਲ ਦੱਸਦਿਆਂ ਡਾ. ਸਿੰਘ ਨੂੰ ਮੁਬਾਰਕਬਾਦ ਦਿੱਤੀ ਅਤੇ ਕਿਹਾ ਕਿ ਇਹ ਸਨਮਾਨ ਸੀ ਟੀ ਯੂਨੀਵਰਸਿਟੀ ਦੀ ਰਿਸਰਚ ਅਤੇ ਨਵੀਨਤਾ ਵਿੱਚ ਵਧਦੇ ਗਲੋਬਲ ਪ੍ਰਭਾਵ ਨੂੰ ਰੋਸ਼ਨ ਕਰਦਾ ਹੈ।

# ਬਰਨਾਲਾ ਜ਼ਿਲ੍ਹਾ ਕ੍ਰਿਕੇਟ ਐਸੋਸੀਏਸ਼ਨ ਦੀ ਸਲਾਨਾ ਜਨਰਲ ਮੀਟਿੰਗ ਅਰੁਣ ਮੈਮੋਰੀਅਲ ਹਾਲ ਵਿਖੇ ਸੰਪੰਨ

**ਬਰਨਾਲਾ, 27 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਕ੍ਰਿਕੇਟ ਐਸੋਸੀਏਸ਼ਨ ਦੀ ਸਲਾਨਾ ਜਨਰਲ ਮੀਟਿੰਗ ਪ੍ਰਧਾਨ ਵਿਵੇਕ ਸਿੰਧਵਾਨੀ ਦੀ ਪ੍ਰਧਾਨਗੀ ਹੇਠ ਅਰੁਣ ਮੈਮੋਰੀਅਲ ਹਾਲ ਬਰਨਾਲਾ ਵਿੱਚ ਹੋਈ। ਮੀਟਿੰਗ ਦੌਰਾਨ ਐਸੋਸੀਏਸ਼ਨ ਵੱਲੋਂ ਪ੍ਰਾਪਤ ਕੀਤੀਆਂ ਉਪਲਬਧੀਆਂ, ਭਵਿੱਖ ਲਈ ਯੋਜਨਾਵਾਂ ਅਤੇ ਸਾਲਾਨਾ ਹਿਸਾਬ ਕਿਤਾਬ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।

ਮੀਟਿੰਗ ਦੀ ਕਾਰਵਾਈ ਜਨਰਲ ਸਕੱਤਰ ਰੁਪਿੰਦਰ ਗੁਪਤਾ ਨੇ ਸ਼ੁਰੂ ਕੀਤੀ। ਪ੍ਰਧਾਨ ਵਿਵੇਕ ਸਿੰਧਵਾਨੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਟਰਾਈਡ ਗਰੁੱਪ ਦੇ ਸੰਸਥਾਪਕ ਪਦਮ ਸ਼੍ਰੀ ਰਾਜਿੰਦਰ ਗੁਪਤਾ ਦੀ ਦੂਰਦਰਸ਼ੀ ਅਗਵਾਈ ਹੇਠ ਐਸੋਸੀਏਸ਼ਨ ਦਿਨੋਂ ਦਿਨ ਨਵੀਆਂ ਉੱਚਾਈਆਂ ਹਾਸਲ ਕਰ ਰਹੀ ਹੈ। ਉਹਨਾਂ ਦੱਸਿਆ ਕਿ ਜ਼ਿਲ੍ਹਾ ਕ੍ਰਿਕੇਟ ਐਸੋਸੀਏਸ਼ਨ ਦੇ 19 ਖਿਡਾਰੀ ਸਟੇਟ ਲੈਵਲ ਲਈ ਚੁਣੇ ਗਏ ਹਨ ਜਦਕਿ 9 ਖਿਡਾਰੀ ਸਿੱਧੇ ਸਟੇਟ ਟੀਮ ਵਿੱਚ ਸ਼ਾਮਲ ਕੀਤੇ ਗਏ ਹਨ। ਇਹ ਜ਼ਿਲ੍ਹੇ ਲਈ ਵੱਡੀ ਮਾਣ ਵਾਲੀ ਗੱਲ ਹੈ।

ਉਹਨਾਂ ਖਾਸ ਤੌਰ 'ਤੇ ਖਿਡਾਰਨ ਪ੍ਰਿਅੰਕਾ ਦਾ ਜ਼ਿਕਰ ਕੀਤਾ, ਜੋ ਅੰਡਰ-23 ਟੀਮ ਦੀ ਪ੍ਰਧਾਨ ਰਹਿ ਚੁੱਕੀ ਹੈ। ਇਸ ਤੋਂ ਇਲਾਵਾ ਖਿਡਾਰਨ ਅਕਸੀਤਾ ਨੇ ਨੈਸ਼ਨਲ ਕ੍ਰਿਕਟ ਅਕੈਡਮੀ ਵਿੱਚ ਟਰਾਇਲ ਦੇ ਕੇ ਬਰਨਾਲਾ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ ਹੈ। ਵਿਵੇਕ ਸਿੰਧਵਾਨੀ ਨੇ ਦੱਸਿਆ ਕਿ ਸਰਕਾਰੀ ਕੰਨਿਆ ਹਾਈ ਸਕੂਲ ਵਿੱਚ ਐਸੋਸੀਏਸ਼ਨ ਵੱਲੋਂ ਨਵਾਂ ਕੋਚਿੰਗ ਸੈਂਟਰ ਸ਼ੁਰੂ ਕੀਤਾ ਗਿਆ ਹੈ, ਜਿੱਥੇ ਸੈਂਕੜੇ ਵਿਦਿਆਰਥੀ ਨਿਯਮਿਤ ਤੌਰ 'ਤੇ ਤਰਬੀਅਤ ਪ੍ਰਾਪਤ ਕਰ ਰਹੇ ਹਨ। ਇਸ ਵੇਲੇ ਜ਼ਿਲ੍ਹੇ ਵਿੱਚ ਲਗਭਗ 250 ਖਿਡਾਰੀ ਐਸੋਸੀਏਸ਼ਨ ਨਾਲ ਰਜਿਸਟਰਡ ਹਨ।

ਜਨਰਲ ਸਕੱਤਰ ਰੁਪਿੰਦਰ ਗੁਪਤਾ ਨੇ ਅਗਲੇ ਸਾਲ ਦੇ ਪ੍ਰੋਜੈਕਟਾਂ ਅਤੇ ਖੇਡਾਂ ਨੂੰ ਹੋਰ ਮਜ਼ਬੂਤੀ ਦੇਣ ਲਈ ਕੀਤੀਆਂ ਜਾ ਰਹੀਆਂ ਯੋਜਨਾਵਾਂ ਬਾਰੇ ਹਾਊਸ ਨੂੰ ਜਾਣਕਾਰੀ ਦਿੱਤੀ ਅਤੇ ਉਹਨਾਂ ਲਈ ਅਪਰੂਵਲ ਮੰਗੀ। ਫਾਇਨਾਂਸ ਸਕੱਤਰ ਸੰਜੇ ਗਰਗ ਨੇ ਐਸੋਸੀਏਸ਼ਨ ਦੀ ਸਲਾਨਾ ਰਿਪੋਰਟ ਪੇਸ਼ ਕਰਕੇ ਵਿੱਤੀ ਹਾਲਾਤਾਂ ਬਾਰੇ ਵੇਰਵਾ ਦਿੱਤਾ। ਮੀਟਿੰਗ ਵਿੱਚ ਮੀਤ ਪ੍ਰਧਾਨ ਸਾਹਿਲ ਗੁਲਾਟੀ, ਡਾ. ਨਰੇਸ਼ ਗਰਗ, ਡਾ. ਰਾਜੇਸ਼, ਡਾ. ਰਾਜੀਵ ਗਰਗ, ਅਨਿਲ ਗੁਪਤਾ, ਮੈਡਮ ਸਵਿਤਾ ਕਲਵਾਨੀਆ, ਰਵੀ ਬੰਸਲ, ਸੰਜੀਵ ਬੰਸਲ, ਸੰਦੀਪ ਅਰੋੜਾ, ਯਾਦਵਿੰਦਰ ਸਿੰਘ ਯਾਦੂ, ਭੁੱਲਰ, ਗੁਰਪ੍ਰੀਤ ਲਾਡੀ, ਬਰਜਿੰਦਰ ਗੋਇਲ, ਲਲਿਤ ਕੁਮਾਰ, ਜਗਰਾਜ ਸਿੰਘ, ਜੀਵਨ ਕੁਮਾਰ, ਚਰਨਜੀਤ ਕੁਮਾਰ, ਲੋਕੇਸ਼ ਕੁਮਾਰ, ਕਮਲ ਗੁਪਤਾ, ਬੱਬੂ, ਕੁਲਦੀਪ ਗਰੇਵਾਲ, ਸੰਜੀਵ ਸੋਰੀ ਅਤੇ ਹੋਰ ਕਈ ਮੈਂਬਰਾਂ ਨੇ ਆਪਣੀ ਹਾਜ਼ਰੀ ਦਰਜ ਕਰਵਾਈ।

ਮੀਟਿੰਗ ਦੌਰਾਨ ਹਾਊਸ ਵੱਲੋਂ ਐਸੋਸੀਏਸ਼ਨ ਦੀਆਂ ਤਰੱਕੀਸ਼ੀਲ ਯੋਜਨਾਵਾਂ ਅਤੇ ਖਿਡਾਰੀਆਂ ਨੂੰ ਵਧੀਆ ਸੁਵਿਧਾਵਾਂ ਪ੍ਰਦਾਨ ਕਰਨ ਲਈ ਸਾਰਿਆਂ ਨੇ ਆਪਣਾ ਸਹਿਯੋਗ ਯਕੀਨੀ ਬਣਾਇਆ।

# ਪਟਿਆਲਾ ਵਿੱਚ ਜ਼ਿਲ੍ਹਾ ਏਡਜ਼ ਪ੍ਰੀਵੇਂਸ਼ਨ ਐਂਡ ਕੰਟਰੋਲ ਕਮੇਟੀ ਦੀ ਮੀਟਿੰਗ ਆਯੋਜਿਤ



ਪਟਿਆਲਾ, 27 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹਾ ਏਡਜ਼ ਪ੍ਰੀਵੇਂਸ਼ਨ ਐਂਡ ਕੰਟਰੋਲ ਕਮੇਟੀ ਦੀ ਮੀਟਿੰਗ ਸਿਵਲ ਸਰਜਨ ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ। ਇਸ ਮੀਟਿੰਗ ਦਾ ਉਦੇਸ਼ ਜ਼ਿਲ੍ਹੇ ਵਿੱਚ ਰਾਸ਼ਟਰੀ ਏਡਜ਼ ਕੰਟਰੋਲ ਪ੍ਰੋਗਰਾਮ ਦੀਆਂ ਗਤੀਵਿਧੀਆਂ ਦੀ ਸਮੀਖਿਆ ਕਰਨਾ ਅਤੇ ਉਹਨਾਂ ਨੂੰ ਹੋਰ ਮਜ਼ਬੂਤ ਬਣਾਉਣਾ ਸੀ। ਮੀਟਿੰਗ ਦੌਰਾਨ 93"3 ਸੇਵਾਵਾਂ ਜਿਵੇਂ ਕਿ 89੭ ਟੈਸਟਿੰਗ, ਨਵਜਾਤ ਬੱਚਿਆਂ ਦੀ ਸ਼ੁਰੂਆਤੀ ਪਛਾਣ, ਕੌਂਸਲਿੰਗ ਅਤੇ ਇਲਾਜ ਲਈ ਲਿੰਕੇਜ ਦੇ ਕੰਮ ਦੀ ਸਮੀਖਿਆ ਕੀਤੀ ਗਈ। ART ਸੇਵਾਵਾਂ, ਦਰਜ ਹੋਣ ਦੀ ਸਥਿਤੀ, ਇਲਾਜ ਦੀ ਪਾਲਣਾ ਅਤੇ ਦਰਮਿਆਨੀ ਖਾਮੀਆਂ ਨੂੰ ਦੂਰ ਕਰਨ 'ਤੇ ਵੀ ਚਰਚਾ ਕੀਤੀ ਗਈ। ਉੱਚ-ਜੋਖਮ ਵਾਲੀਆਂ ਜਨਸੰਖਿਆਵਾਂ (FSW, MSM, IDU, TG) ਲਈ ਟਾਰਗੇਟਡ ਇੰਟਰਵੈਂਸ਼ਨ ਪ੍ਰੋਜੈਕਟਾਂ ਦੀ ਪ੍ਰਦਰਸ਼ਨ ਰਿਪੋਰਟ ਪੇਸ਼ ਕੀਤੀ ਗਈ। ਇੰਜੈਕਸ਼ਨ ਡਰੱਗ ਯੂਜ਼ਰਾਂ ਲਈ ਓਪਿਯੋਇਡ ਸਬਸਟਿਊਸ਼ਨ ਥੈਰੇਪੀ (OST) ਅਤੇ DSRC ਕਲੀਨਿਕਾਂ ਵਿੱਚ STI/RTI ਸੇਵਾਵਾਂ ਦੇ ਉਪਯੋਗ ਬਾਰੇ ਵੀ ਅਪਡੇਟ ਦਿੱਤੇ ਗਏ। ਦਿਸ਼ਾ ਕਲਸਟਰ, ਪਟਿਆਲਾ ਦੇ ਪ੍ਰਤਿਨਿਧੀਆਂ ਨੇ ਆਪਣੇ ਨਿਗਰਾਨੀ ਤੇ ਸਹਾਇਕ ਕੰਮਾਂ ਦੀ ਰਿਪੋਰਟ ਪੇਸ਼ ਕੀਤੀ ਅਤੇ ਸਾਰੀਆਂ ਐਨ.ਐ.ਸੀ.ਪੀ ਸਹੂਲਤਾਂ ਨਾਲ ਕੋਆਰਡੀਨੇਸ਼ਨ, ਸ਼ਿਕਾਇਤ ਨਿਵਾਰਨ ਅਤੇ ਹੋਰ ਵਿਭਾਗਾਂ ਨਾਲ ਸਾਂਝੇਦਾਰੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਕਮੇਟੀ ਵੱਲੋਂ ਹੋਰ ਸਰਕਾਰੀ ਵਿਭਾਗਾਂ ਨਾਲ ਸਾਂਝੇਦਾਰੀ ਮਜ਼ਬੂਤ ਕਰਨ ਅਤੇ PLHIV, HRGs ਅਤੇ ਕਮਜ਼ੋਰ ਵਰਗਾਂ ਨੂੰ ਸਮਾਜਿਕ ਸੁਰੱਖਿਆ ਯੋਜਨਾਵਾਂ ਦਾ ਲਾਭ ਦੇਣ ਬਾਰੇ ਚਰਚਾ ਕੀਤੀ ਗਈ। ਐਚ.ਆਈ.ਵੀ/ਏਡਜ਼ ਬਾਰੇ ਜਾਗਰੂਕਤਾ ਮੁਹਿੰਮਾਂ ਨੂੰ ਸਰਕਾਰੀ ਯੋਜਨਾਵਾਂ ਦਾ ਹਿੱਸਾ ਬਣਾਉਣ ਦੀ ਵੀ ਸਿਫ਼ਾਰਸ਼ ਕੀਤੀ ਗਈ। ਆਈ.ਈ.ਸੀ (ਜਾਣਕਾਰੀ, ਸਿੱਖਿਆ ਅਤੇ ਸੰਚਾਰ) ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਸਕੂਲਾਂ, ਕਾਲਜਾਂ ਅਤੇ ਕਾਰਜਸਥਲਾਂ ਨਾਲ ਸੰਪਰਕ ਵਧਾਉਣ 'ਤੇ ਜ਼ੋਰ ਦਿੱਤਾ ਗਿਆ। HRG ਸਮੂਹਾਂ ਅਤੇ PLHIV ਪ੍ਰਤਿਨਿਧੀਆਂ ਨੇ ਆਪਣੇ ਮੁੱਦੇ ਸਾਂਝੇ ਕੀਤੇ, ਜਿਨ੍ਹਾਂ ਨੂੰ ਕਮੇਟੀ ਵੱਲੋਂ ਅਗਲੇ ਕਦਮਾਂ ਵਿੱਚ ਤਰਜੀਹ ਦੇਣ ਦਾ ਭਰੋਸਾ ਦਿੱਤਾ ਗਿਆ। ਮੀਟਿੰਗ ਦਾ ਸਮਾਪਨ ਮੁੱਖ ਕਾਰਵਾਈ ਬਿੰਦੂਆਂ ਦੇ ਸੰਖੇਪ ਅਤੇ ਭਵਿੱਖ ਦੀ ਰਣਨੀਤੀ ਨਾਲ ਕੀਤਾ ਗਿਆ।

ਜ਼ਿਲ੍ਹਾ ਏਡਜ਼ ਕੰਟਰੋਲ ਅਫਸਰ ਡਾ. ਗੁਰਪ੍ਰੀਤ ਸਿੰਘ ਨਾਗਰਾ ਨੇ ਸਾਰੇ ਹਿੱਸੇਦਾਰਾਂ ਦੇ ਯੋਗਦਾਨ ਦੀ ਸਰਾਹਨਾ ਕੀਤੀ ਅਤੇ ਐਚ.ਆਈ.ਵੀ/ਏਡਜ਼ ਦੀ ਰੋਕਥਾਮ ਉੱਤੇ ਨਿਰੰਤਰ ਸਹਿਯੋਗ ਜਾਰੀ ਰੱਖਣ ਦੀ ਅਪੀਲ ਕੀਤੀ। ਇਸ ਮੌਕੇ ਡਾਈਰੈਕਟਰ ਪ੍ਰਿਸੀਪਲ ਜੀ.ਐਮ.ਸੀ ਪਟਿਆਲਾ ਡਾ.ਰਮਿੰਦਰਪਾਲ ਸਿੰਘ, ਮੈਡੀਕਲ ਸੁਪਰਡੈਂਟ ਰਾਜਿੰਦਰਾ ਹਸਪਤਾਲ ਡਾ.ਵਿਸ਼ਾਲ ਚੋਪੜਾ, ਡੀ.ਐਫ.ਪੀ.ਓ ਡਾ.ਬਲਕਾਰ ਸਿੰਘ ਅਤੇ ਸਮੂਹ ਦਿਸ਼ਾ ਕਲਸਟਰ ਦੀ ਟੀਮ ਹਾਜਰ ਸੀ।

# ਆਸ਼ਿਆਨਾ ਸੋਸ਼ਲ ਸਰਵਿਸ ਸੋਸਾਇਟੀ ਨੇ ਸਟੇਟ ਬੈਂਕ ਆਫ਼ ਇੰਡੀਆ ਦੇ ਨਵੇਂ ਭਰਤੀ ਸਹਯੋਗੀਆਂ ਦੇ ਨਾਲ ਵਿਦਿਆਰਥੀ ਨੂੰ ਵੰਡੀ ਸਟੇਸ਼ਨਰੀ

ਪਟਿਆਲਾ, 27 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਮਦਰਦੀ ਅਤੇ ਭਾਈਚਾਰਕ ਸੇਵਾ ਦੇ ਇੱਕ ਦਿਲ ਨੂੰ ਛੂਹ ਲੈਣ ਵਾਲੇ ਕਾਰਜ ਕਰਦਿਆਂ ਸਮਾਜ ਸੇਵਾ ਦੀ ਪ੍ਰਸਿੱਧ ਆਸ਼ਿਆਨਾ ਸੋਸ਼ਲ ਸਰਵਿਸ ਸੋਸਾਇਟੀ ਨੇ ਸਟੇਟ ਬੈਂਕ ਆਫ਼ ਇੰਡੀਆ ਦੇ ਨਵੇਂ ਭਰਤੀ ਕੀਤੇ ਸਹਿਯੋਗੀਆਂ ਦੇ ਸਹਿਯੋਗ ਨਾਲ, ਸਰਕਾਰੀ ਪ੍ਰਾਇਮਰੀ ਸਕੂਲ, ਸਨੌਰੀ ਅੱਡਾ, ਪਟਿਆਲਾ ਦੇ ਵਿਦਿਆਰਥੀਆਂ ਲਈ ਇੱਕ ਸਟੇਸ਼ਨਰੀ ਵੰਡ ਮੁਹਿੰਮ ਦਾ ਆਯੋਜਨ ਕੀਤਾ।

ਇਸ ਮੌਕੇ ਸ੍ਰੀ ਯਸ਼ ਕੁਮਾਰ ਗਰਗ, ਏਜੀਐਮ, ਐਸ.ਬੀ.ਆਈ ਅਤੇ ਡਾਇਰੈਕਟਰ, SBILD ਪਟਿਆਲਾ ਦੀ ਅਗਵਾਈ ਵਿੱਚ, ਇਹ ਪਹਿਲ ਲਗਭਗ 210 ਵਿਦਿਆਰਥੀਆਂ ਤੱਕ ਪਹੁੰਚੀ, ਜਿਸ ਨਾਲ ਉਹ ਨਵੇਂ ਜੋਸ਼ ਅਤੇ ਉਤਸ਼ਾਹ ਨਾਲ ਆਪਣੀ ਪੜ੍ਹਾਈ ਜਾਰੀ ਰੱਖ ਸਕਣ।

ਨਵੇਂ ਸ਼ਾਮਲ ਕੀਤੇ ਗਏ ਸਾਰੇ ਸਹਿਯੋਗੀਆਂ ਨੇ ਹਰੇਕ ਵਿਦਿਆਰਥੀ ਨੂੰ ਨਿੱਜੀ ਤੌਰ 'ਤੇ ਸਟੇਸ਼ਨਰੀ ਕਿੱਟਾਂ ਸੌਂਪ ਕੇ ਇਸ ਪ੍ਰੋਗਰਾਮ ਵਿੱਚ ਸਰਗਰਮੀ ਨਾਲ ਹਿੱਸਾ ਲੈ ਕੇ ਸਮਰਥਨ ਅਤੇ ਸਮਰਪਣ ਦੀ ਪ੍ਰਸ਼ੰਸਾਯੋਗ ਭਾਵਨਾ ਦਾ ਪ੍ਰਦਰਸ਼ਨ ਕੀਤਾ। ਉਨ੍ਹਾਂ ਦੀ ਸਿੱਧੀ ਸ਼ਮੂਲੀਅਤ ਨੇ ਪਹਿਲਕਦਮੀ ਨੂੰ ਇੱਕ ਨਿੱਜੀ ਅਹਿਸਾਸ ਦਿੱਤਾ, ਜੋ ਜਨਤਕ ਸੰਸਥਾਵਾਂ ਅਤੇ ਭਾਈਚਾਰੇ ਵਿਚਕਾਰ ਵਧ ਰਹੇ ਸਬੰਧ ਦਾ ਪ੍ਰਤੀਕ ਹੈ।



ਸਕੂਲ ਪ੍ਰਿੰਸੀਪਲ ਸ੍ਰੀਮਤੀ ਇੰਦਰਜੀਤ ਕੌਰ ਨੇ ਸ੍ਰੀ ਯਸ਼ ਕੁਮਾਰ ਗਰਗ ਦਾ ਨਿੱਘਾ ਸਵਾਗਤ ਕੀਤਾ ਅਤੇ ਸਮੇਂ ਸਿਰ ਸਹਾਇਤਾ ਲਈ ਦਿਲੋਂ ਧੰਨਵਾਦ ਕੀਤਾ, ਜੋ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ ਬੱਚਿਆਂ ਦੇ ਵਿਕਾਸ ਲਈ ਵਿਸ਼ੇਸ਼ ਮਹੱਤਵ ਰੱਖਦਾ ਹੈ। ਉਨ੍ਹਾਂ ਨੇ ਆਸ਼ਿਆਨਾ ਸੁਸਾਇਟੀ ਅਤੇ ਐਸਬੀਆਈ ਟੀਮ ਦੋਵਾਂ ਦੀ ਇਨ੍ਹਾਂ ਚੁਣੌਤੀਪੂਰਨ ਸਮਿਆਂ ਦੌਰਾਨ ਕਮਜ਼ੋਰ ਵਿਦਿਆਰਥੀਆਂ ਦੀ ਸਹਾਇਤਾ ਕਰਨ ਵਿੱਚ ਉਨ੍ਹਾਂ ਦੇ ਹਮਦਰਦੀ ਭਰੇ ਯਤਨਾਂ ਲਈ ਪ੍ਰਸ਼ੰਸਾ ਕੀਤੀ। ਆਸ਼ੀਆਨਾ ਸੋਸ਼ਲ ਸਰਵਿਸ ਸੋਸਾਇਟੀ ਦੇ ਪ੍ਰਧਾਨ ਸ੍ਰੀ ਸਨਮੀਤ ਸਿੰਘ ਨੇ ਵੀ ਐਸਬੀਆਈ ਸਹਿਯੋਗੀਆਂ ਦਾ ਨਿੱਘਾ ਸਵਾਗਤ ਕੀਤਾ। ਆਪਣੇ ਸੰਬੋਧਨ ਵਿੱਚ, ਉਨ੍ਹਾਂ ਨੇ ਵਿਦਿਆਰਥੀਆਂ ਪ੍ਰਤੀ ਉਨ੍ਹਾਂ ਦੀ ਸੱਚੀ ਚਿੰਤਾ ਨੂੰ ਸਵੀਕਾਰ ਕੀਤਾ ਅਤੇ ਨੌਜਵਾਨ ਸਿੱਖਿਆਰਥੀਆਂ ਨੂੰ ਆਪਣੀ ਸਿੱਖਿਆ 'ਤੇ ਧਿਆਨ ਕੇਂਦਰਿਤ ਕਰਨ, ਉਤਸ਼ਾਹੀ ਰਹਿਣ ਅਤੇ ਜੀਵਨ ਪ੍ਰਤੀ ਇੱਕ ਲਚਕੀਲਾ ਅਤੇ ਸਕਾਰਾਤਮਕ ਦ੍ਰਿਸ਼ਟੀਕੋਣ ਵਿਕਸਤ ਕਰਨ ਲਈ ਉਤਸ਼ਾਹਿਤ ਕੀਤਾ।

ਇਸ ਮੌਕੇ 'ਤੇ ਬੋਲਦੇ ਹੋਏ, ਸ੍ਰੀ ਯਸ਼ ਕੁਮਾਰ ਗਰਗ ਨੇ ਪ੍ਰਾਇਮਰੀ ਸਿੱਖਿਆ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੰਦੇ ਹੋਏ ਕਿਹਾ ਕਿ ਪ੍ਰਾਇਮਰੀ ਸਕੂਲ ਦੇ ਸਿੱਖਿਆਰਥੀ ਦੇਸ਼ ਦਾ ਭਵਿੱਖ ਹਨ ਜੋ ਕਿ ਭਵਿੱਖ ਦੇ ਨੇਤਾ, ਨਵੀਨਤਾਕਾਰੀ ਅਤੇ ਜ਼ਿੰਮੇਵਾਰ ਨਾਗਰਿਕ ਜੋ ਸਮਾਜ, ਆਰਥਿਕਤਾ ਅਤੇ ਜਨਤਕ ਜੀਵਨ ਵਿੱਚ ਆਪਣੇ ਯੋਗਦਾਨ ਰਾਹੀਂ ਸਾਡੇ ਰਾਸ਼ਟਰ ਨੂੰ ਆਕਾਰ ਦੇਣਗੇ। ਐਸਬੀਆਈ ਵੱਲੋਂ, ਐਸਬੀਆਈਐਲਡੀ ਦੀ ਮੁੱਖ ਪ੍ਰਬੰਧਕ ਸ੍ਰੀਮਤੀ ਪੱਲਵੀ ਸ਼ਰਮਾ, ਸ੍ਰੀ ਡੀ.ਡੀ. ਸਹਿਗਲ (ਸਾਬਕਾ ਬੈਂਕਰ ਅਤੇ ਪ੍ਰਸਿੱਧ ਕਾਰੋਬਾਰੀ) ਅਤੇ ਸ੍ਰੀ ਅੰਗਰੇਜ ਸਿੰਘ ਸੰਧੂ (ਸੀਨੀਅਰ ਐਡਵੋਕੇਟ, ਜ਼ਿਲ੍ਹਾ ਬਾਰ ਐਸੋਸੀਏਸ਼ਨ) ਦੇ ਨਾਲ, ਸਕੂਲ ਪ੍ਰਬੰਧਨ ਦੁਆਰਾ ਉਨ੍ਹਾਂ ਦੇ ਅਟੁੱਟ ਸਮਰਪਣ ਅਤੇ ਪਹਿਲਕਦਮੀ ਵਿੱਚ ਸ਼ਮੂਲੀਅਤ ਲਈ ਸਨਮਾਨਿਤ ਕੀਤਾ ਗਿਆ। ਆਸ਼ੀਆਨਾ ਸੋਸ਼ਲ ਸਰਵਿਸ ਸੋਸਾਇਟੀ ਦੇ ਸ੍ਰੀ ਨਰੇਸ਼ ਕੁਮਾਰ ਅਤੇ ਸ੍ਰੀ ਨਰਿੰਦਰ ਸ਼ਰਮਾ ਦੀ ਮੌਜੂਦਗੀ ਨਾਲ ਇਹ ਸਮਾਗਮ ਹੋਰ ਵੀ ਅਮੀਰ ਹੋਇਆ, ਜਿਨ੍ਹਾਂ ਦੀ ਭਾਗੀਦਾਰੀ ਨੇ ਸੰਗਠਨ ਦੀ ਸਮਾਜ ਭਲਾਈ ਅਤੇ ਸਮਾਵੇਸ਼ੀ ਵਿਕਾਸ ਪ੍ਰਤੀ ਵਚਨਬੱਧਤਾ ਦੀ ਪੁਸ਼ਟੀ ਕੀਤੀ।

ਇਹ ਅਰਥਪੂਰਨ ਸਹਿਯੋਗ ਏਕਤਾ, ਹਮਦਰਦੀ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਸ਼ਕਤੀ ਦਾ ਪ੍ਰਮਾਣ ਹੈ, ਜੋ ਦੂਜਿਆਂ ਲਈ ਇੱਕ ਵਧੇਰੇ ਦੇਖਭਾਲ ਕਰਨ ਵਾਲੇ ਅਤੇ ਸਮਾਵੇਸ਼ੀ ਸਮਾਜ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਲਈ ਇੱਕ ਪ੍ਰੇਰਨਾਦਾਇਕ ਉਦਾਹਰਣ ਸਥਾਪਤ ਕਰਦਾ ਹੈ।

# ਜਲ ਸਪਲਾਈ ਕਾਮੇ 28 ਨੂੰ ਸੰਗਰੂਰ ਵਿਖੇ ਸੀ ਐਮ ਦੀ ਕੋਠੀ ਘੇਰਨਗੇ ਬਲਕਾਰ ਕਕਰਾਲਾ



ਸਮਾਣਾ,27 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰ ਯੂਨੀਅਨ ਪੰਜਾਬ ਜਿਲਾ ਪਟਿਆਲਾ ਦਿਆਂ 3 ਬ੍ਰਾਂਚਾਂ ਦੀ ਮੀਟਿੰਗ ਟਰੱਕ ਯੂਨੀਅਨ ਗੁਰੂਘਰ ਸਮਾਣਾ ਵਿਖੇ ਹੋਈ ਜਿਸ ਵਿੱਚ ਜਿਲਾ ਪ੍ਰਧਾਨ ਜੀਤ ਸਿੰਘ ਬਠੋਈ ਮੀਟਿੰਗ ਕਰਵਾਉਣ ਲਈ ਪਹੁੰਚੇ, ਬਲਕਾਰ ਸਿੰਘ ਕਕਰਾਲਾ,ਸਤਪਾਲ ਸਿੰਘ, ਰਾਜੂ ਖਾਨ,ਪਰਵਿੰਦਰ ਸਿੰਘ ਨੇ ਕਿਹਾ ਕਿ ਠੇਕਾ ਮੁਲਜ਼ਮ ਸੰਘਰਸ਼ ਮੋਰਚਾ ਦੇ ਬੈਨਰ ਹੇਠ ਸ਼ਹੀਦ-ਏ-ਆਜਮ ਸਰਦਾਰ ਭਗਤ ਸਿੰਘ ਦੇ ਜਨਮ ਦਿਨ 28 ਸਤੰਬਰ ਮੌਕੇ ਮੁੱਖ ਮੰਤਰੀ ਦੀ ਕੋਠੀ ਸੰਗਰੂਰ ਦਾ ਘਰਾਓ ਕਰਨਗੇ ।ਵਰਕਰ ਪਰਵਾਰਾਂ ਤੇ ਬੱਚਿਆਂ ਸਮੇਤ ਸਾਮਿਲ ਹੋਣਗੇ ।

ਸਰਕਾਰ ਕੋਲੋਂ ਮੰਗ ਕੀਤੀ ਜਾਵੇਗੀ ਕਿ ਇਨਲਿਸਟਮੈਂਟ ਅਤੇ ਆਉਟਸੋਰਸ ਠੇਕਾ ਆਧਾਰਤ ਮੁਲਾਜ਼ਮਾਂ ਨੂੰ ਤਜਰਬਾ ਦੇ ਅਧਾਰ ਤੇ ਸਬੰਧਤ ਵਿਭਾਗ ਵਿੱਚ ਮਰਜ ਕਰਕੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ ਵਾਲੀ ਪ ?ਪੋਜਲ ਨੂੰ ਲਾਗੂ ਕੀਤਾ ਜਾਵੇ।15 ਵੀ ਲੇਬਰ ਕਾਨਫਰੰਸ ਦੀਆ ਸਫਾਰਸਾ ਅਨੁਸਾਰ ਘੱਟੋ-ਘੱਟ ਉਜਰਤ 34244 ਰੁਪਏ ਸਮੂਹ ਵਿਭਾਗ ਚ ਫੀਲਡ ਤੇ ਦਫਤਰਾ ਵਿੱਚ ਕੰਮ ਕਰਦੇ ਇਨਲਿਸਟਮੈਂਟ ਅਤੇ ਆਉਟਸੋਰਸ ਵਰਕਰਾ ਤੇ ਲਾਗੂ ਕੀਤਾ ਜਾਣ ।ਉਨਾ ਮੰਗ ਕੀਤੀ ਕਿ ਪੰਚਾਇਤਾ ਨੂੰ ਹੈਂਡਓਵਰ ਕੀਤੀਆ ਜਲ ਸਪਲਾਈ ਸਕੀਮਾ ਮੁੜ ਵਿਭਾਗ ਅਧੀਨ ਕੀਤੀਆ ਜਾਣ।

# ਕਿਸਾਨਾਂ ਨੂੰ ਡੀਏਪੀ ਖਾਦ ਦੀ ਕੋਈ ਕਿੱਲਤ ਨਹੀਂ ਆਉਣ ਦਿੱਤੀ ਜਾਵੇਗੀ: ਡਿਪਟੀ ਕਮਿਸ਼ਨਰ

ਮਲੇਰਕੋਟਲਾ, 27 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਡਿਪਟੀ ਕਮਿਸ਼ਨਰ ਵਿਰਾਜ ਐਸ.ਤਿੜਕੇ ਵੱਲੋਂ ਜਿਲ੍ਹੇ ਵਿੱਚ ਡੀਏਪੀ ਖਾਦ ਦੀ ਸਪਲਾਈ ਸਬੰਧ ਵਿੱਚ ਖੇਤੀਬਾੜੀ ਵਿਭਾਗ, ਸਹਿਕਾਰੀ ਸਭਾਵਾਂ, ਇਫਕੋ, ਮਾਰਕਫੈਡ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੌਕੇ ਐਸ.ਡੀ.ਐਮ ਮਾਲੇਰਕੋਟਲਾ/ ਅਹਿਮਦਗੜ੍ਹ ਗੁਰਮੀਤ ਕੁਮਾਰ ਬਾਂਸਲ, ਸਹਾਇਕ ਕਮਿਸ਼ਨਰ ਰਾਕੇਸ਼ ਗਰਗ, ਮੁੱਖ ਖੇਤੀਬਾੜੀ ਅਫ਼ਸਰ ਡਾ. ਧਰਮਿੰਦਰਜੀਤ ਸਿੰਘ, ਡੀ.ਐਮ ਮਾਰਕਫੈਡ ਵਿਸ਼ਾਲ ਗੁਪਤਾ, ਇਫਕੋ ਤੋਂ ਵਿਸ਼ਾਲ ਸਿਡਾਨਾ ਤੋਂ ਇਲਾਵਾ ਸਹਿਕਾਰੀ ਸਭਾਵਾਂ ਦੇ ਇੰਸਪੈਕਟਰ ਮੌਜੂਦ ਸਨ।

ਡਿਪਟੀ ਕਮਿਸ਼ਨਰ ਵਲੋਂ ਡੀਏਪੀ ਖਾਦ ਦੀ ਸਪਲਾਈ ਸਬੰਧ ਵਿੱਚ ਮੀਟਿੰਗ ਵਿੱਚ ਮੌਜੂਦ ਸਹਿਕਾਰੀ ਸੁਸਾਇਟੀਆਂ, ਇਫਕੋ, ਮਾਰਕਫੈੱਡ ਕੋਲੋ ਵਿਸਥਾਰ ਵਿੱਚ ਜਾਣਕਾਰੀ ਲਈ। ਉਨ੍ਹਾਂ ਕਿਹਾ ਕਿ ਇਸ ਮੀਟਿੰਗ ਦਾ ਮੁੱਖ ਮੰਤਵ ਇਹੀ ਹੈ ਕਿ ਕਿਸਾਨਾਂ ਨੂੰ ਕਣਕ ਦੀ ਬਿਜਾਈ ਦੌਰਾਨ ਡੀਏਪੀ ਖਾਦ ਦੀ ਕੋਈ ਮੁਸ਼ਕਿਲ ਪੇਸ਼ ਨਾ ਆਵੇ।

ਮੀਟਿੰਗ ਦੌਰਾਨ ਉਨ੍ਹਾਂ ਕਿਸਾਨਾਂ ਨੂੰ ਡੀਏਪੀ ਖਾਦ ਤਹਿ ਰੇਟ ਉਪਰ ਉਪਲਬਧ ਕਰਵਾਉਣ ਲਈ ਦਿਸ਼ਾ ਨਿਰਦੇਸ਼ ਦਿੱਤੇ।

# ਡਿਪਟੀ ਕਮਿਸ਼ਨਰ ਵੱਲੋਂ ਪੁਲਿਸ, ਨਗਰ ਨਿਗਮ ਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਨਾਲ ਭਾਦਸੋਂ ਰੋਡ ਦਾ ਜਾਇਜ਼ਾ

**ਪੁਰਾਣੀ ਚੁੰਗੀ ਚੌਂਕ ਵਿਖੇ ਅਤੇ ਟਿਵਾਣਾ ਚੌਂਕ ਨੇੜੇ ਭਾਰੀ ਟ੍ਰੈਫਿਕ ਕਾਰਨ ਲੱਗਦੇ ਜਾਮ ਦਾ ਹੱਲ ਕੱਢਣ ਲਈ ਨਿਰਦੇਸ਼**



ਪਟਿਆਲਾ, 27 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਦੇ ਭਾਦਸੋਂ ਰੋਡ ਵਿਖੇ ਜੇਲ੍ਹ ਦੀ ਕੰਧ ਨਾਲ ਪੁਰਾਣੀ ਚੁੰਗੀ ਚੌਂਕ ਵਿਖੇ ਅਤੇ ਟਿਵਾਣਾ ਚੌਂਕ ਨੇੜੇ ਭਾਰੀ ਟ੍ਰੈਫਿਕ ਕਾਰਨ ਲੱਗਦੇ ਜਾਮ ਦਾ ਹੱਲ ਕੱਢਣ ਲਈ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਵੱਲੋਂ ਏਡੀਸੀ ਸ਼ਹਿਰੀ ਵਿਕਾਸ ਨਵਰੀਤ ਕੌਰ ਸੇਖੋਂ, ਐਸ ਪੀ ਸਿਟੀ ਪਲਵਿੰਦਰ ਸਿੰਘ ਚੀਮਾ, ਐਸ ਡੀ ਐਮ ਪਟਿਆਲਾ ਹਰਜੋਤ ਕੌਰ ਮਾਵੀ, ਆਰ ਟੀ ਓ ਬਬਨਦੀਪ ਸਿੰਘ ਵਾਲੀਆ, ਐਸ ਪੀ ਟ੍ਰੈਫਿਕ ਅੱਛਰੂ ਰਾਮ, ਐਸ ਪੀ ਮਨੋਜ ਗੋਰਸੀ ਸਮੇਤ ਨਗਰ ਨਿਗਮ, ਲੋਕ ਨਿਰਮਾਣ ਵਿਭਾਗ ਤੇ ਡਰੇਨੇਜ ਵਿਭਾਗ ਦੇ ਅਧਿਕਾਰੀਆਂ ਨੂੰ ਨਾਲ ਲੈ ਕੇ ਮੌਕੇ ਦਾ ਜਾਇਜ਼ਾ ਲਿਆ ਗਿਆ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਸਾਰੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਲਾਕਾ ਨਿਵਾਸੀਆਂ ਤੇ ਰਾਹਗੀਰਾਂ ਨੂੰ ਇਸ ਜਾਮ ਦੀ ਸਮੱਸਿਆ ਤੋਂ ਰਾਹਤ ਦਿਵਾਈ ਜਾਵੇ ਅਤੇ ਲੋੜੀਂਦੇ ਕਦਮ ਚੁੱਕੇ ਜਾਣ। ਇਸ ਮੌਕੇ ਵੱਖ-ਵੱਖ ਤਜਵੀਜ਼ਾਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ ਤਾਂ ਕਿ ਲੋਕਾਂ ਨੂੰ ਨਿਰਵਿਘਨ ਤੇ ਸੁਚਾਰੂ ਢੰਗ ਨਾਲ ਆਵਾਜਾਈ ਸਹੂਲਤਾਂ ਦਿਵਾਉਣ ਲਈ ਠੋਸ ਉਪਰਾਲੇ ਕੀਤੇ ਜਾ ਸਕਣ। ਡਾ. ਪ੍ਰੀਤੀ ਯਾਦਵ ਨੇ ਇਸ ਮੌਕੇ ਸਥਾਨਕ ਮਾਰਕੀਟ ਦੇ ਦੁਕਾਨਦਾਰਾਂ ਦੇ ਨੁਮਾਇੰਦਿਆਂ ਨਾਲ ਵੀ ਗੱਲਬਾਤ ਕੀਤੀ ਅਤੇ ਕਿਹਾ ਕਿ ਸਾਰੇ ਦੁਕਾਨਦਾਰ ਆਪਣੀਆਂ ਦੁਕਾਨਾਂ ਅੱਗੇ ਸਮਾਨ ਤੇ ਮਸ਼ਹੂਰੀ ਬੋਰਡ ਆਦਿ ਨਾ ਰੱਖਣ ਅਤੇ ਨਾ ਹੀ ਵਾਧੂ ਥੜ੍ਹੇ ਬਣਾਏ ਜਾਣ ਤਾਂ ਕਿ ਆਵਾਜਾਈ ਵਿੱਚ ਵਿਘਨ ਨਾ ਪਵੇ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹੀ ਇਸ ਸਮੱਸਿਆ ਨੂੰ ਹੱਲ ਕੀਤਾ ਜਾ ਸਕਦਾ ਹੈ ਅਤੇ ਪ੍ਰਸ਼ਾਸਨ ਇਸ ਸਬੰਧੀ ਵਚਨਬੱਧਤਾ ਪੁਗਾਉਣ ਲਈ ਤਿਆਰ ਹੈ ਕਿ ਸ਼ਹਿਰ ਵਿੱਚ ਭੀੜ ਕਾਰਨ ਲੱਗਣ ਵਾਲੇ ਜਾਮ ਦੀ ਸਮੱਸਿਆ ਦਾ ਪੁਖਤਾ ਹੱਲ ਕੀਤਾ ਜਾਵੇ।

# ਦਰਿਆ ਦੀ ਥਾਂ ਲੋਕਾਂ ਦੇ ਖੇਤਾਂ ਵਿੱਚ ਵਹਿਣ ਲੱਗਾ ਸਤਲੁਜ ਦਾ ਪਾਣੀ

**ਪਿੰਡ ਸਸਰਾਲੀ 'ਚ ਦਰਿਆ ਬੁਰਦ ਹੋਣ ਲੱਗੀ ਕਿਸਾਨਾਂ ਦੀ ਜ਼ਮੀਨ; ਪ੍ਰਸ਼ਾਸਨ ਨੇ ਫੌਜ ਦੇ ਇੰਜਨੀਅਰਿੰਗ ਵਿਭਾਗ ਕੋਲੋਂ ਮੰਗੀ ਮਦਦ**

ਲੁਧਿਆਣਾ, 27 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸੂਬੇ ਵਿੱਚ ਹੜ੍ਹਾਂ ਦਾ ਖ਼ਤਰਾ ਭਾਵੇਂ ਖਤਮ ਹੋ ਗਿਆ ਹੈ, ਪਰ ਲੁਧਿਆਣਾ ਦੇ ਪਿੰਡ ਸਸਰਾਲੀ ਦੇ ਲੋਕ ਅਜੇ ਵੀ ਚੈਨ ਦੀ ਨੀਂਦ ਨਹੀਂ ਸੌਂ ਪਾ ਰਹੇ ਹਨ। ਹਾਲਾਤ ਇਹ ਹਨ ਕਿ ਸਤਲੁਜ ਦਰਿਆ ਦਾ ਪਾਣੀ ਹੁਣ ਉਨ੍ਹਾਂ ਦੇ ਖੇਤਾਂ ਵਿੱਚੋਂ ਵਹਿ ਰਿਹਾ ਹੈ। ਦਰਿਆ ਨੇ ਆਪਣਾ ਰੁਖ਼ ਬਦਲ ਕੇ ਕਿਸਾਨਾਂ ਦੇ ਖੇਤਾਂ ਵੱਲ ਨੂੰ ਮੂੰਹ ਕਰ ਲਿਆ ਹੈ। ਪਿੰਡ ਵਾਸੀਆਂ ਦੀ ਪਰੇਸ਼ਾਨੀ ਲਗਾਤਾਰ ਵੱਧਦੀ ਜਾ ਰਹੀ ਹੈ। ਕਿਸਾਨਾਂ ਦੀ ਰੋਜ਼ਾਨਾ 5 ਤੋਂ 7 ਏਕੜ ਜ਼ਮੀਨ ਦਰਿਆ ਬੁਰਦ ਹੋ ਰਹੀ ਹੈ। ਕਿਸਾਨ ਚਾਹੁੰਦੇ ਹੋਏ ਵੀ ਕੁਝ ਨਹੀਂ ਕਰ ਪਾ ਰਹੇ। ਕਿਸਾਨਾਂ ਦੀ ਮੰਗ 'ਤੇ ਹੁਣ ਪ੍ਰਸ਼ਾਸਨ ਨੇ ਇਸ ਮਾਮਲੇ ਵਿੱਚ ਫੌਜ ਕੋਲੋਂ ਮਦਦ ਮੰਗੀ ਹੈ। ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਦੇ ਕਹਿਣ 'ਤੇ ਐਸਡੀਐਮ ਜਸਲੀਨ ਕੌਰ ਨੇ ਫੌਜ ਨੂੰ ਪੱਤਰ ਲਿਖਿਆ ਹੈ ਤੇ ਇੰਜਨੀਅਰਿੰਗ ਵਿਭਾਗ ਦੀ ਟੀਮ ਨੂੰ ਮਦਦ ਕਰਨ ਲਈ ਕਿਹਾ ਹੈ। ਦਰਅਸਲ ਸਸਰਾਲੀ ਇਲਾਕੇ ਵਿੱਚ ਸਤਲੁਜ ਦਰਿਆ ਦੇ ਪਾਣੀ ਦਾ ਪੱਧਰ ਤਾਂ ਬਹੁਤ ਘੱਟ ਹੈ, ਪਰ ਪਾਣੀ ਦਾ ਤੇਜ਼ ਵਹਾਅ ਹੋਣ ਕਾਰਨ ਪਾਣੀ ਨੇ ਆਪਣਾ ਰਸਤਾ ਬਦਲ ਲਿਆ ਹੈ।



ਜਿਸ ਥਾਂ 'ਤੇ ਇੱਕ ਦੋ ਮਹੀਨੇ ਪਹਿਲਾਂ ਫਸਲਾਂ ਹੁੰਦੀਆਂ ਹਨ, ਉਥੇ ਹੁਣ ਤੇਜ਼ ਰਫ਼ਤਾਰ ਪਾਣੀ ਚੱਲ ਰਿਹਾ ਹੈ। ਪਾਣੀ ਦੀ ਰਫ਼ਤਾਰ ਕਾਫ਼ੀ ਤੇਜ਼ ਹੋਣ ਕਾਰਨ, ਉਹ ਰੋਜ਼ਾਨਾਂ ਜ਼ਮੀਨ ਦੇ ਥੱਲੋਂ ਮਾਰ ਕਰ ਰਿਹਾ ਹੈ। ਜਿਸ ਥਾਂ ਨੂੰ ਪਿੰਡ ਵਾਸੀ ਇੱਕ ਦਿਨ ਪਹਿਲਾਂ ਦੇਖ ਕੇ ਜਾਂਦੇ ਹਨ, ਉਥੋਂ ਰਾਤੋ ਰਾਤ ਹੀ ਕੁਝ ਹਿੱਸਾ ਦਰਿਆ ਬੁਰਦ ਹੋ ਜਾਂਦਾ ਹੈ। ਇਸ ਕਰਕੇ ਸਸਰਾਲੀ ਦੇ ਪਿੰਡ ਵਾਸੀ ਪਰੇਸ਼ਾਨ ਹਨ।

ਪਿੰਡ ਵਾਸੀ ਕੁਲਦੀਪ ਸਿੰਘ ਦਾ ਕਹਿਣਾ ਹੈ ਕਿ ਉਨ੍ਹਾਂ ਦੀ ਕੋਠੀ ਨੂੰ ਸਿਰਫ਼ ਇੱਕ ਰਾਹ ਹੀ ਜਾਂਦਾ ਸੀ, ਜੋ ਕਿ ਹੁਣ ਪਾਣੀ ਵਿੱਚ ਵਹਿ ਗਿਆ ਹੈ। ਹਾਲਾਤ ਇਹ ਹਨ ਕਿ ਕੋਠੀ ਦੇ ਉਪਰੋਂ ਖੜ੍ਹ ਕੇ ਪਾਣੀ ਨਜ਼ਰ ਆਉਂਦਾ ਹੈ ਤੇ ਉਨ੍ਹਾਂ ਨੂੰ ਡਰ ਹੈ ਕਿ ਜੇਕਰ ਪਾਣੀ ਦੀ ਮਾਰ ਇੰਝ ਹੀ ਜਾਰੀ ਰਹੀ ਤਾਂ ਉਨ੍ਹਾਂ ਦੀ ਕੋਠੀ 'ਤੇ ਖ਼ਤਰਾ ਆ ਜਾਏਗਾ। ਪਿੰਡ ਵਾਸੀ ਬਾਬੂ ਸਿੰਘ ਦਾ ਕਹਿਣਾ ਹੈ ਕਿ ਰੋਜ਼ਾਨਾ ਕਿਸਾਨਾਂ ਦੀ 5 ਤੋਂ 7 ਏਕੜ ਜ਼ਮੀਨ ਦਰਿਆ ਬੁਰਦ ਹੋ ਰਹੀ ਹੈ ਪਰ ਪ੍ਰਸ਼ਾਸਨ ਕੁਝ ਨਹੀਂ ਕਰ ਰਿਹਾ। ਉਨ੍ਹਾਂ ਦੱਸਿਆ ਕਿ ਪਿੰਡ ਵਾਸੀਆਂ ਦੀ ਕਰੀਬ 200 ਤੋਂ 300 ਏਕੜ ਜ਼ਮੀਨ ਹੁਣ ਤੱਕ ਪਾਣੀ ਵਿੱਚ ਜਾ ਚੁੱਕੀ ਹੈ। ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਦਿਲਬਾਗ ਸਿੰਘ ਦਾ ਕਹਿਣਾ ਹੈ ਕਿ ਪ੍ਰਸ਼ਾਸਨ ਨੂੰ ਜਲਦ ਹੀ ਇਸ ਮਾਮਲੇ ਵਿੱਚ ਫੈਸਲਾ ਲੈਣਾ ਪਵੇਗਾ ਕਿ ਕਿਸਾਨਾਂ ਦੀਆਂ ਜ਼ਮੀਨਾਂ ਨੂੰ ਕਿਵੇਂ ਬਚਾਉਣਾ ਹੈ, ਕਿਉਂਕਿ ਅਗਰ ਦੇਰ ਹੋਈ ਤਾਂ ਸਸਰਾਲੀ ਵਿੱਚ ਬਹੁਤ ਵੱਡਾ ਨੁਕਸਾਨ ਹੋ ਜਾਏਗਾ।

# ਮੈਡੀਕਲ ਸੁਪਰਡੈਂਟ ਡਾ. ਸੰਜੇ ਕਾਮਰਾ ਵੱਲੋਂ ਮਾਤਾ ਕੁਸ਼ੱਲਿਆ ਹਸਪਤਾਲ ਦਾ ਕੀਤਾ ਦੌਰਾ



ਪਟਿਆਲਾ, 27 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਮੈਡੀਕਲ ਸੁਪਰਡੈਂਟ ਡਾ.ਸੰਜੇ ਕਾਮਰਾ ਵੱਲੋ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਮਕਸਦ ਨਾਲ ਸੁਪਰਵੀਜਨ ਤਹਿਤ ਮਾਤਾ ਕੁਸ਼ੱਲਿਆ ਹਸਪਤਾਲ ਦੇ ਵੱਖ-ਵੱਖ ਵਾਰਡਾ ਜਿਵੇਂ ਕਿ ਸਰਜੀਕਲ ਵਾਰਡ, ਬੱਚਾ ਵਾਰਡ, ਐਮਰਜੈਂਸੀ, ਆਈ.ਸੀ.ਯੂ, ਫਾਰਮੇਸੀ ਆਦਿ ਦਾ ਦੋਰਾ ਕੀਤਾ।ਦੋਰੇ ਦੋਰਾਨ ਉਹਨਾਂ ਵੱਲੋਂ ਹਸਪਤਾਲ ਵਿੱਚ ਸਟਾਫ ਦੀ ਹਾਜਰੀ, ਦਵਾਈਆਂ ਅਤੇ ਹੋਰ ਸਾਜੋ ਸਮਾਨ ਦਾ ਰਿਕਾਰਡ ਚੈਕ ਕੀਤਾ ਅਤੇ ਕਮਰਿਆ ਵਿੱਚ ਜਾ ਕੇ ਕੰਮ ਕਰ ਰਹੇ ਸਟਾਫ ਨਾਲ ਰੂ ਬਰੂ ਹੋ ਕੇ ਉਹਨਾਂ ਵੱਲੋਂ ਕੀਤੇ ਜਾ ਰਹੇ ਕੰਮਾਂ ਦੀਆਂ ਪ੍ਰਾਪਤੀਆਂ ਬਾਰੇ ਵੀ ਜਾਣਕਾਰੀ ਪ੍ਰਾਪਤ ਕੀਤੀ।ਉਹਨਾਂ ਵੱਲੋਂ ਹਸਪਤਾਲ ਵਿੱਚ ਇਲਾਜ ਲਈ ਆਏ ਮਰੀਜਾਂ ਨਾਲ ਗਲਬਾਤ ਕਰਕੇ ਉਹਨਾਂ ਨੂੰ ਹਸਪਤਾਲ ਵਿੱਚ ਇਲਾਜ ਲਈ ਮਿਲ ਰਹੀਆਂ ਮੁਫਤ ਦਵਾਈਆ ਬਾਰੇ ਵੀ ਪੁੱਛਿਆ, ਜਿਸ ਤੇਂ ਮਰੀਜਾਂ ਵੱਲੋਂ ਹਸਪਤਾਲ ਵਿੱਚ ਦਿਤੀਆਂ ਜਾ ਰਹੀਆ ਸਿਹਤ ਸੇਵਾਵਾਂ ਬਾਰੇ ਸੰਤੁਸ਼ਟੀ ਪ੍ਰਗਟ ਕੀਤੀ ਗਈ। ਉਹਨਾਂ ਵਾਰਡਾਂ ਵਿੱਚ ਜਾ ਕੇ ਦਾਖਲ ਮਰੀਜਾਂ ਦਾ ਹਾਲ ਚਾਲ ਵੀ ਪੁੱਛਿਆ। ਉਹਨਾਂ ਮੋਕੇ ਤੇਂ ਮੋਜੂਦ ਮੈਡੀਕਲ ਅਫਸਰ ਅਤੇ ਸਟਾਫ ਨੂੰ ਹਰੇਕ ਮਰੀਜ ਨਾਲ ਪ੍ਰੇਮ ਭਰਿਆ ਵਤੀਰਾ ਰੱਖਣ, ਸਟਾਫ ਦਾ ਡਿਊਟੀ ਤੇਂ ਸਮੇ ਸਿਰ ਆਉਣਾ ਅਤੇ ਡਿਊਟੀ ਸਮੇਂ ਦੋਰਾਣ ਡਿਊਟੀ ਤੇਂ ਹਜਾਰੀ ਯਕੀਨੀ ਬਣਾਉਣ ਦੀਆਂ ਹਦਾਇਤਾਂ ਵੀ ਦਿੱਤੀਆ। ਹਸਪਤਾਲ ਦੀ ਸਾਫ ਸਫਾਈ ਦਾ ਖਾਸ ਧਿਆਨ ਰੱਖਣ ਅਤੇ ਲੋਕਾਂ ਨੂੰ ਸਿਹਤ ਵਿਭਾਗ ਵਲੋਂ ਚਲਾਏ ਜਾਂਦੇ ਸਿਹਤ ਪ੍ਰੋਗਰਾਮਾਂ

# ਐਂਟੀ-ਸਮੋਗ ਗਨ ਨਾਲ ਪ੍ਰਦੂਸ਼ਣ 'ਤੇ ਕਾਬੂ; ਸ਼ਹਿਰ ਨੂੰ ਸਾਫ਼-ਸੁਥਰਾ ਤੇ ਸਿਹਤਮੰਦ ਬਣਾਉਣ ਲਈ ਢਿੱਲ ਨਹੀਂ ਛੱਡੀ ਜਾਵੇਗੀ : ਗੋਗੀਆ



ਪਟਿਆਲਾ, 27 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਸ਼ਹਿਰ ਵਿੱਚ ਹਵਾ ਪ੍ਰਦੂਸ਼ਣ ਨੂੰ ਘਟਾਉਣ ਲਈ ਨਗਰ ਨਿਗਮ ਵੱਲੋਂ ਐਂਟੀ-ਸਮੋਗ ਗਨ ਦੀ ਮੁੜ ਸ਼ੁਰੂਆਤ ਕੀਤੀ ਗਈ ਹੈ। ਮੇਅਰ ਕੁੰਦਨ ਗੋਗੀਆ ਨੇ ਸ਼ਹਿਰ ਦੇ ਵੱਖ ਵੱਖ ਹਿੱਸਿਆਂ ਵਿੱਚ ਐਂਟੀ-ਸਮੋਗ ਗਨ ਦੀ ਸ਼ੁਰੂਆਤ ਕਰਦੇ ਹੋਏ ਕਿਹਾ ਕਿ ਨਗਰ ਨਿਗਮ ਵੱਲੋਂ ਸ਼ਹਿਰ ਨੂੰ ਹੋਰ ਸਾਫ਼-ਸੁਥਰਾ ਤੇ ਸਿਹਤਮੰਦ ਬਣਾਉਣ ਲਈ ਢਿੱਲ ਨਹੀਂ ਛੱਡੀ ਜਾਵੇਗੀ।

ਇਸ ਮੌਕੇ ਸੈਂਟਰੀ ਇੰਸਪੈਕਟਰ ਮੋਹਿਤ ਜਿੰਦਲ ਅਤੇ ਨਿਗਮ ਟੀਮ ਤੋਂ ਇਲਾਵਾ ਵੀ ਉਨ੍ਹਾਂ ਨਾਲ ਮੌਜੂਦ ਰਹੇ। ਮੇਅਰ ਨੇ ਦੱਸਿਆ ਕਿ ਇਹ ਮਸ਼ੀਨ ਪ੍ਰਦੂਸ਼ਣ ਕੰਟਰੋਲ ਕਰਨ, ਵਾਤਾਵਰਨ ਨੂੰ ਸਾਫ ਰੱਖਣ, ਸੜਕਾਂ ਨੂੰ ਠੰਡਾ ਰੱਖਣ ਲਈ ਅਤੇ ਲੋਕਾਂ ਨੂੰ ਚੰਗਾ ਇਨਵਾਇਰਮੈਂਟ ਦੇਣ ਲਈ ਅਹਿਮ ਰੋਲ ਅਦਾ ਕਰੇਗੀ। ਇਸ ਦੇ ਨਾਲ ਹੀ ਐਂਟੀ-ਸਮੋਗ ਗਨ ਹਵਾ ਵਿੱਚ ਮੌਜੂਦ ਪੀ ਐਮ 25 ਅਤੇ ਪੀ ਐਮ 10 ਵਰਗੇ ਹਾਨੀਕਾਰਕ ਕਣਾਂ ਨੂੰ ਤੁਰੰਤ ਘਟਾਉਣ ਵਿੱਚ ਕਾਰਗਰ ਸਾਬਤ ਹੋਵੇਗੀ। ਇਹ ਮਸ਼ੀਨ ਪਾਣੀ ਦੀ ਬਰੀਕ ਧੁੰਦ ਛਿੜਕ ਕੇ ਹਵਾ ਵਿੱਚ ਮੌਜੂਦ ਧੂੜ ਅਤੇ ਹੋਰ ਕਣਾਂ ਨੂੰ ਫੜਦੀ ਹੈ ਅਤੇ ਉਨ੍ਹਾਂ ਨੂੰ ਜ਼ਮੀਨ 'ਤੇ ਬਿਠਾ ਦਿੰਦੀ ਹੈ। ਇਸ ਨਾਲ ਲੋਕਾਂ ਨੂੰ ਸੁੱਥਰੀ ਹਵਾ ਮਿਲੇਗੀ ਅਤੇ ਸਾਹ ਸੰਬੰਧੀ ਬਿਮਾਰੀਆਂ ਦੇ ਖ਼ਤਰੇ ਵੀ ਘਟਣਗੇ।

ਉਨ੍ਹਾਂ ਨੇ ਕਿਹਾ ਕਿ ਉਦਯੋਗਿਕ ਖੇਤਰਾਂ, ਉਸਾਰੀ ਸਥਾਨਾਂ ਅਤੇ ਹੋਰ ਧੂੜ ਵਾਲੇ ਇਲਾਕਿਆਂ ਵਿੱਚ ਇਹ ਤਕਨਾਲੋਜੀ ਕਾਫ਼ੀ ਫਾਇਦਾਮੰਦ ਰਹੇਗੀ। ਨਗਰ ਨਿਗਮ ਦੀ ਇਹ ਕੋਸ਼ਿਸ਼ ਪ੍ਰਦੂਸ਼ਣ ਨਿਯੰਤਰਣ ਦੇ ਨਾਲ ਨਾਲ ਵਾਤਾਵਰਣ ਦੀ ਰੱਖਿਆ ਵਿੱਚ ਵੀ ਅਹਿਮ ਭੂਮਿਕਾ ਨਿਭਾਏਗੀ।

ਮੇਅਰ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਵਾਤਾਵਰਣ ਸਾਫ਼ ਰੱਖਣ ਵਿੱਚ ਨਗਰ ਨਿਗਮ ਦਾ ਸਾਥ ਦੇਣ। ਉਨ੍ਹਾਂ ਨੇ ਦੱਸਿਆ ਕਿ ਨਗਰ ਨਿਗਮ ਵੱਲੋਂ ਹੋਰ ਵੀ ਤਕਨੀਕੀ ਤਰੀਕੇ ਲਾਗੂ ਕਰਨ 'ਤੇ ਵਿਚਾਰ ਕੀਤਾ ਜਾ ਰਿਹਾ ਹੈ, ਤਾਂ ਜੋ ਪਟਿਆਲਾ ਸ਼ਹਿਰ ਪ੍ਰਦੂਸ਼ਣ-ਮੁਕਤ ਬਣ ਸਕੇ।

ਸੈਂਟਰੀ ਇੰਸਪੈਕਟਰ ਨੇ ਵੀ ਕਿਹਾ ਕਿ ਇਹ ਮਸ਼ੀਨ ਨਾ ਸਿਰਫ਼ ਸ਼ਹਿਰ ਦੇ ਬਾਜ਼ਾਰਾਂ ਅਤੇ ਭੀੜ ਵਾਲੀਆਂ ਸੜਕਾਂ 'ਤੇ ਵਰਤੀ ਜਾਵੇਗੀ, ਬਲਕਿ ਉਹਨਾਂ ਇਲਾਕਿਆਂ ਵਿੱਚ ਵੀ ਚਲਾਈ ਜਾਵੇਗੀ ਜਿੱਥੇ ਧੂੜ ਅਤੇ ਧੂੰਏਂ ਦੀ ਮਾਤਰਾ ਜ਼ਿਆਦਾ ਰਹਿੰਦੀ ਹੈ।

# ਪੰਜਾਬ ਸਰਕਾਰ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350 ਸਾਲਾਂ ਸ਼ਹੀਦੀ ਦਿਹਾੜਾ ਵੱਡੇ ਪੱਧਰ ਤੇ ਮਨਾਏਗੀ:ਰਣਜੋਧ ਹਡਾਣਾ



ਸਨੌਰ,27 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਲਕਾ ਸਨੌਰ ਦੇ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਇਲਾਕਾ ਨਿਵਾਸੀਆਂ ਨਾਲ ਮੀਟਿੰਗ ਦੌਰਾਨ ਕਿਹਾ ਕਿ ਗੁਰੂ ਤੇਗ ਬਹਾਦਰ ਜੀ ਦੀ ਦਿੱਤੀ ਸ਼ਹਾਦਤ ਨੂੰ ਸਮਰਪਿਤ 350ਵਾਂ ਸ਼ਹੀਦੀ ਦਿਹਾੜਾ ਪੂਰੀ ਸ਼ਰਧਾ ਅਤੇ ਵੱਡੇ ਪੱਧਰ ਉੱਤੇ ਮਨਾਇਆ ਜਾਵੇਗਾ। ਜਿਸ ਲਈ ਹੁਣ ਤੋਂ ਹੀ ਪੰਜਾਬ ਸਰਕਾਰ ਵੱਲੋਂ ਤਿਆਰੀਆਂ ਆਰੰਭ ਕਰ ਦਿੱਤੀਆਂ ਗਈਆਂ ਹਨ। ਇਸ ਸਮੇਂ ਉਹਨਾਂ ਕਿਹਾ ਕਿ ਗੁਰੂ ਸਾਹਿਬ ਦਾ ਸ਼ਹੀਦੀ ਦਿਹਾੜਾ ਮਨਾਉਣ ਸਬੰਧੀ ਵੱਖ-ਵੱਖ ਗੁਰਦੁਆਰਾ ਸਾਹਿਬ ਨੂੰ ਜੋ 50 ਲੱਖ ਜਾਰੀ ਕੀਤੇ ਹਨ ਉਹਨਾਂ ਵਿੱਚ ਗੁਰਦੁਆਰਾ ਮਗਰ ਸਾਹਿਬ ਦਾ ਨਾਮ ਵੀ ਸ਼ਾਮਿਲ ਹੈ ਇਸ ਮੌਕੇ ਮੀਟਿੰਗ ਵਿੱਚ ਇਹਨਾਂ ਮਿਲਣ ਵਾਲੇ ਪੈਸਿਆਂ ਨੂੰ ਵਿਕਾਸ ਕਾਰਜਾਂ ਤੇ ਲਗਾਉਣ ਸਬੰਧੀ ਵੀ ਚਰਚਾ ਕੀਤੀ ਗਈ ਇਸ ਮੌਕੇ ਦੂਧਨ ਸਾਧ ਦੇ ਤਹਿਤ ਸਰਦਾਰ ਜਗਤਾਰ ਸਿੰਘ ਬੀ ਡੀ ਪੀ ਓ , ਸੰਦੀਪ ਸਿੰਘ, ਰਾਜਾ ਧੰਜੂ , ਗੁਰਿੰਦਰ ਪਾਲ ਸਿੰਘ, ਲਾਲੀ ਰਿਹਲ ਪੀ ਏ, ਦਵਿੰਦਰ ਸਿੰਘ ਮਾੜੂ, ਮੌਜੂਦ ਰਹੇ।

# ਸਕੂਲਾਂ ਦੇ ਮੁਖੀਆਂ ਨੂੰ ਕਿਸ਼ੋਰ ਸਿੱਖਿਆ ਪ੍ਰੋਗਰਾਮ ਤਹਿਤ ਸਿਖਲਾਈ ਵਰਕਸ਼ਾਪ ਦਾ ਆਯੋਜਨ



ਪਟਿਆਲਾ, 27 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਰਹਿਨੁਮਾਈ ਹੇਠ ਡਾਇਰੈਕਟਰ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ ਕਿਰਨ ਸ਼ਰਮਾ ਪੀ.ਸੀ.ਐੱਸ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਜ਼ਿਲ੍ਹਾ ਪਟਿਆਲਾ ਦੇ ਸਮੂਹ ਬਲਾਕਾਂ ਦੇ ਸਰਕਾਰੀ ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਦੇ ਪ੍ਰਿੰਸੀਪਲਾਂ, ਹੈੱਡ ਮਾਸਟਰਾਂ, ਹੈੱਡ ਮਿਸਟ੍ਰੈਸਾਂ ਅਤੇ ਮਿਡਲ ਸਕੂਲ ਇੰਚਾਰਜਾਂ ਲਈ ਕਿਸ਼ੋਰ ਸਿੱਖਿਆ ਪ੍ਰੋਗਰਾਮ ਅਤੇ ਰਾਸ਼ਟਰੀ ਜਨਸੰਖਿਆ ਸਿੱਖਿਆ ਪ੍ਰੋਗਰਾਮ ਤਹਿਤ ਇੱਕ ਰੋਜਾ ਸਿਖਲਾਈ ਵਰਕਸ਼ਾਪ ਦੇ ਦੂਜੇ ਫ਼ੇਜ਼ ਦਾ ਆਯੋਜਨ 23 ਤੋਂ 26 ਸਤੰਬਰ ਤੱਕ ਪੀ.ਐਮ. ਸ੍ਰੀ ਸਸਸਸ ਮਲਟੀਪਰਪਜ਼ ਸਕੂਲ, ਪਾਸੀ ਰੋਡ ਵਿਖੇ ਕੀਤਾ ਜਾ ਰਿਹਾ ਹੈ। ਇਸ ਵਰਕਸ਼ਾਪ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਪਟਿਆਲਾ ਸੰਜੀਵ ਸ਼ਰਮਾ ਨੇ ਅੱਜ ਮੌਜੂਦ ਸਮੂਹ ਸਕੂਲ ਮੁਖੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਦੁਆਰਾ ਵਿਦਿਆਰਥੀਆਂ ਦੀ ਸਰੀਰਕ ਅਤੇ ਮਾਨਸਿਕ ਸਿਹਤ ਸੰਭਾਲ ਲਈ ਬਹੁਤ ਸਾਰੀਆਂ ਯੋਜਨਾਵਾਂ ਲਾਗੂ ਕੀਤੀਆਂ ਜਾ ਰਹੀਆਂ ਹਨ। ਇਹਨਾਂ ਦਾ ਲਾਭ ਹਰੇਕ ਵਿਦਿਆਰਥੀ ਤੱਕ ਸਹੀ ਢੰਗ ਨਾਲ ਪਹੁੰਚੇ ਇਸ ਲਈ ਸਕੂਲ ਮੁੱਖੀ ਆਪਣੇ ਅਧਿਆਪਕਾਂ ਨਾਲ ਮਿਲ ਕੇ ਵਿਸ਼ੇਸ਼ ਉਪਰਾਲੇ ਕਰਨ।

ਵਰਕਸ਼ਾਪ ਦੀ ਦੌਰਾਨ ਡਾ: ਰਵਿੰਦਰਪਾਲ ਸ਼ਰਮਾ ਡਿਪਟੀ ਡੀਈਓ, ਪਟਿਆਲਾ ਨੇ ਸਕੂਲ ਮੁਖੀਆਂ ਅਤੇ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਕਿਸ਼ੋਰਾਂ ਨੂੰ ਪੜ੍ਹਾਉਣ ਸਮੇਂ ਉਹਨਾਂ ਦੀ ਮਾਨਸਿਕ ਅਤੇ ਭਾਵਨਾਤਮਕ ਸਥਿਤੀ ਨੂੰ ਧਿਆਨ ਵਿੱਚ ਰੱਖਣਾ ਹੁੰਦਾ ਹੈ। ਇਸ ਲਈ ਸਮੇਂ ਸਮੇਂ ਤੇ ਵਿਭਾਗ ਵੱਲੋਂ ਸਿਹਤ ਵਿਭਾਗ ਦੇ ਮਾਹਿਰਾਂ ਨਾਲ ਮਿਲ ਕੇ ਇਹ ਸਿਖਲਾਈ ਵਰਕਸ਼ਾਪਾਂ ਦਾ ਆਯੋਜਨ ਕੀਤਾ ਜਾਂਦਾ ਹੈ।

ਸੈਮੀਨਾਰ ਦੌਰਾਨ ਜਗਮੀਤ ਸਿੰਘ ਹੈੱਡ ਮਾਸਟਰ (ਨੋਡਲ), ਰਾਜੀਵ ਕੁਮਾਰ ਡੀ.ਐੱਸ.ਐੱਮ, ਹਰਪ੍ਰੀਤ ਸਿੰਘ ਬਲਾਕ ਨੋਡਲ ਅਫ਼ਸਰ ਅਤੇ ਹੋਰ ਰਿਸੋਰਸ ਪਰਸਨਾਂ ਨੇ ਰਾਸ਼ਟਰੀ ਜਨਸੰਖਿਆ ਸਿੱਖਿਆ ਪ੍ਰੋਗਰਾਮ, ਕਿਸ਼ੋਰ ਸਿੱਖਿਆ ਪ੍ਰੋਗਰਾਮ, ਏਡਜ਼ ਅਤੇ ਐਚ ਆਈ ਵੀ ਸੰਬੰਧੀ ਜਾਗਰੂਕਤਾ ਅਭਿਆਨ, ਅਨੀਮੀਆ ਅਤੇ ਟੀਬੀ ਤੋਂ ਬਚਾਅ ਅਤੇ ਉਪਾਅ ਦੇ ਨਾਲ-ਨਾਲ ਹੋਰ ਵਿਸ਼ਿਆਂ 'ਤੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਪ੍ਰਿੰਸੀਪਲ ਕਰਮਜੀਤ ਕੌਰ, ਰਾਜਿੰਦਰ ਸਿੰਘ ਚਾਨੀ ਜ਼ਿਲ੍ਹਾ ਮੀਡੀਆ ਕੋਆਰਡੀਨੇਟਰ ਅਤੇ ਹੋਰ ਮੈਂਬਰ ਵੀ ਹਾਜ਼ਰ ਸਨ।

# ਪੰਜਾਬ ਸਰਕਾਰ ਦਰਿਆ ਵਿੱਚ ਫਿਰ ਮਾਈਨਿੰਗ ਸ਼ੁਰੂ ਕਰਨ ਲਈ ਕਾਹਲੀ; ਮਾਈਨਿੰਗ ਵਿਭਾਗ ਵੱਲੋਂ ਦਰਿਆ ਦਾ ਦੌਰਾ

ਚਮਕੌਰ ਸਾਹਿਬ, 27 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਚਮਕੌਰ ਸਾਹਿਬ ਮੋਰਚੇ ਦੇ ਆਗੂਆਂ ਅਤੇ ਹੋਰ ਵਾਤਾਵਰਣ ਪ੍ਰੇਮੀਆਂ ਨੇ ਪੰਜਾਬ ਸਰਕਾਰ ਵੱਲੋਂ ਪਿੰਡ ਦਾਊਦਪੁਰ ਤੇ ਫੱਸਿਆਂ ਵਿਖੇ ਫਿਰ ਮਾਈਨਿੰਗ ਸ਼ੁਰੂ ਕਰਨ ਲਈ ਇਤਰਾਜ਼ ਤੇ ਸੁਝਾਅ ਮੰਗਣ ਸਬੰਧੀ ਜਾਰੀ ਪਬਲਿਕ ਨੋਟਿਸ ਦਾ ਸਖ਼ਤ ਨੋਟਿਸ ਲਿਆ ਹੈ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਮੁੜ ਸੰਘਰਸ਼ ਲਈ ਲਾਮਬੰਦ ਹੋਣ ਦਾ ਸੱਦਾ ਦਿੰਦਿਆਂ ਚਿਤਾਵਨੀ ਦਿੱਤੀ ਹੈ ਕਿ ਸਰਕਾਰ ਵੱਲੋਂ ਪ੍ਰਸਤਾਵਿਤ ਥਾਵਾਂ 'ਤੇ ਮਾਈਨਿੰਗ ਕਰਨ ਦੀ ਆਗਿਆ ਨਹੀਂ ਦਿੱਤੀ ਜਾਵੇਗੀ।

ਇਸ ਸਬੰਧੀ ਮੋਰਚੇ ਦੇ ਆਗੂਆਂ ਖੁਸ਼ਵਿੰਦਰ ਸਿੰਘ, ਲਖਬੀਰ ਸਿੰਘ ਹਾਫਿਜ਼ਾਬਾਦ ਜੁਝਾਰ ਸਿੰਘ ਅਤੇ ਜਸਪ੍ਰੀਤ ਸਿੰਘ ਜੱਸਾ ਨੇ ਦੱਸਿਆ ਕਿ ਮਾਈਨਿੰਗ ਵਿਭਾਗ ਦੇ ਰੂਪਨਗਰ ਦਫ਼ਤਰ ਵੱਲੋਂ ਅਖ਼ਬਾਰਾਂ ਵਿਚ ਇਸ਼ਤਿਹਾਰ ਦੇ ਕੇ ਪਿੰਡ ਦਾਊਦਪੁਰ ਤੇ ਫੱਸਿਆਂ ਨੇੜੇ ਸਤਲੁਜ ਦਰਿਆ ਵਿਚ ਰੇਤੇ ਦਾ ਸਰਕਾਰੀ ਟੱਕ ਚਲਾਉਣ ਲਈ ਸੁਝਾਅ ਅਤੇ ਇਤਰਾਜ਼ ਮੰਗੇ ਗਏ ਹਨ।

ਉਨ੍ਹਾਂ ਦੱਸਿਆ ਕਿ ਇਸ ਸਬੰਧੀ ਡਿਪਟੀ ਕਮਿਸ਼ਨਰ ਰੂਪਨਗਰ ਦੀ ਅਗਵਾਈ ਹੇਠ ਸਬ-ਡਵੀਜ਼ਨ ਪੱਧਰ ਤੇ ਬਣੀ ਕਮੇਟੀ ਵੱਲੋਂ 15 ਮਈ 2025 ਨੂੰ ਉਕਤ ਥਾਂ ਦਾ ਦੌਰਾ ਕਰਕੇ ਸਰਕਾਰੀ ਤੌਰ ਤੇ ਰੇਤੇ ਦੀ ਖੱਡ ਚਲਾਉਣ ਲਈ ਸਿਫ਼ਾਰਸ਼ ਕੀਤੀ ਗਈ ਸੀ। ਜਿਸ ਦੇ ਆਧਾਰ ਤੇ ਪੰਜਾਬ ਸਰਕਾਰ ਦੇ ਮਾਈਨਜ਼ ਅਤੇ ਜਿਓਲੋਜੀ ਵਿਭਾਗ ਜ਼ਿਲ੍ਹਾ ਰੂਪਨਗਰ ਵਿੱਚ ਸਾਈਟਾਂ ਦੀ ਕਮੇਟੀ ਵੱਲੋਂ ਮਾਈਨਿੰਗ ਵਿਭਾਗ ਨੇ ਰੇਤੇ ਦਾ ਸਰਕਾਰੀ ਟੱਕ ਚਲਾਉਣ ਲਈ ਮੰਗੇ ਸੁਝਾਅ ਤੇ ਇਤਰਾਜ਼ ਮੰਗੇ ਹਨ।

ਉਨ੍ਹਾਂ ਦੱਸਿਆ ਕਿ ਮਾਈਨਿੰਗ ਵਿਭਾਗ ਦੀਆਂ ਵਿਜ਼ਿਟ ਰਿਪੋਰਟਾਂ ਦੇ ਆਧਾਰ ਤੇ ਇਤਰਾਜ ਅਤੇ ਸੁਝਾਅ ਲੈਣ ਲਈ ਜਾਰੀ ਇਸ਼ਤਿਹਾਰ ਵਿੱਚ ਪਿੰਡ ਦਾਊਦਪੁਰ (ਬੇਚਰਾਗ ਮੌਜਾ ਮੁਲਾਣਾ ) ਆਦਿ ਰਕਬੇ ਦੀ ਸਾਈਟ ਸਰਕਾਰ ਵੱਲੋਂ ਮਨਜ਼ੂਰ ਕੀਤੀ ਗਈ ਹੈ। ਇਸ ਸਬੰਧੀ ਇਲਾਕੇ ਦੇ ਲੋਕਾਂ ਤੋਂ ਇੱਕ ਮਹੀਨੇ ਦੇ ਅੰਦਰ ਅੰਦਰ ਇੱਥੋਂ ਰੇਤਾ ਚੁੱਕਣ ਲਈ ਸੁਝਾਅ ਅਤੇ ਇਤਰਾਜ ਮੰਗੇ ਗਏ ਹਨ।

ਮੋਰਚੇ ਦੇ ਆਗੂਆਂ ਨੇ ਇਸ ਸਬੰਧੀ ਸਪੱਸ਼ਟ ਸਟੈਂਡ ਲੈਂਦਿਆ ਕਿਹਾ ਕਿ ਥੋੜਾ ਸਮਾਂ ਪਹਿਲਾਂ ਪਿੰਡ ਦਾਊਦਪੁਰ ਅਤੇ ਫੱਸਿਆਂ ਵਿਖੇ ਸਤਲੁਜ ਦਰਿਆ ਦੇ ਬੰਨ੍ਹ ਵਿੱਚ ਖ਼ਾਰ ਪੈਣ ਕਾਰਨ ਬੰਨ੍ਹ ਟੁੱਟਣ ਦੇ ਕਿਨਾਰੇ ਪਹੁੰਚ ਗਿਆ ਸੀ, ਜਿਸ ਨੂੰ ਬਚਾਉਣ ਲਈ ਇਲਾਕੇ ਦੇ ਨੌਜਵਾਨਾਂ ਅਤੇ ਫ਼ੌਜ ਨੇ ਦਿਨ ਰਾਤ ਮਿੱਟੀ ਅਤੇ ਮਿੱਟੀ ਦੇ ਥੈਲੇ ਭਰ ਕੇ ਲਗਾਕੇ ਟੁੱਟਣ ਤੋਂ ਬਚਾਇਆ

ਉਨ੍ਹਾਂ ਦੱਸਿਆ ਕਿ ਇਸ ਬੰਨ੍ਹ ਦੇ ਦੂਜੇ ਪਾਸੇ ਜੰਗਲਾਤ ਵਿਭਾਗ ਦੀ ਜ਼ਮੀਨ ਵਿੱਚ ਲੋਕਾਂ ਨੇ ਦਰਿਆ ਦਾ ਪਾਣੀ ਸਿੱਧਾ ਕਰਨ ਅਤੇ ਦਰਿਆ ਵਿੱਚੋ ਬਰੇਤੀ ਨੂੰ ਹਟਾ ਕੇ ਡਰੇਨ ਬਣਾਉਣ ਦੀ ਮੰਗ ਨੂੰ ਲੈ ਕੇ ਰੂਪਨਗਰ ਵਿੱਚ ਧਰਨਾ ਵੀ ਦਿੱਤਾ ਗਿਆ ਸੀ, ਪ੍ਰੰਤੂ ਡਰੇਨ ਪੁੱਟਣ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਤੇ ਮਾਈਨਿੰਗ ਵਿਭਾਗ ਹੁਣ ਤੱਕ ਵੀ ਆਨਾਕਾਨੀ ਕਰਦਾ ਆ ਰਿਹਾ ਹੈ। ਦੂਜੇ ਪਾਸੇ ਹੁਣ ਉਸੇ ਥਾਂ ਤੇ ਹੀ ਮਾਈਨਿੰਗ ਸ਼ੁਰੂ ਕਰਨ ਲਈ ਕਾਹਲਾ ਹੈ। ਆਗੂਆ ਨੇ ਦੋਸ਼ ਲਗਾਇਆ ਕਿ ਪਿੰਡ ਦਾਊਦਪੁਰ ਅਤੇ ਫੱਸਿਆਂ ਦੇ ਬੰਨ੍ਹ ਦੇ ਜੋ ਟੁੱਟਣ ਵਾਲੇ ਹਾਲਾਤ ਬਣੇ ਹੋਏ ਸਨ, ਉਹ ਇੱਥੇ ਬੀਤੇ ਕਈ ਸਾਲਾਂ ਤੋਂ ਚੱਲਦੀ ਗੈਰ ਕਾਨੂੰਨੀ ਮਾਈਨਿੰਗ ਕਾਰਨ ਹੀ ਬਣੇ ਸਨ।

ਜਦੋ ਇਸ ਸਬੰਧੀ ਐੱਸਡੀਐੱਮ ਅਮਰੀਕ ਸਿੰਘ ਸਿੱਧੂ ਨਾਲ ਗੱਲ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਸਬੰਧਤ ਵਿਭਾਗ ਵੱਲੋਂ ਸਰਕਾਰ ਦੇ ਹੁਕਮਾਂ ਅਨੁਸਾਰ ਦਰਿਆ ਵਿੱਚ ਉਕਤ ਥਾਵਾਂ ਤੇ ਵਿਜ਼ਟ ਕੀਤੀ ਗਈ ਹੈ ਅਤੇ ਨੇੜਲੇ ਪਿੰਡਾਂ ਦੇ ਲੋਕ ਜੋ ਵੀ ਸੁਝਾਅ ਦੇਣਗੇ, ਉਨ੍ਹਾਂ ਸੁਝਾਵਾਂ ਨੂੰ ਕਲਮਬੱਧ ਕਰਕੇ ਸਾਰੀ ਰਿਪੋਰਟ ਜਲਦੀ ਹੀ ਸਰਕਾਰ ਨੂੰ ਭੇਜ ਦਿੱਤੀ ਜਾਵੇਗੀ।

# ਵਿਗੜਦੇ ਲਾਈਫ ਸਟਾਈਲ ਕਾਰਨ ਫੇਫੜਿਆਂ ਦੀਆਂ ਬੀਮਾਰੀਆਂ ਵਧੀਆਂ, ਬੱਚੇ ਤੇ ਬਜ਼ੁਰਗ ਸਭ ਤੋਂ ਵੱਧ ਪ੍ਰਭਾਵਿਤ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 27 ਸਤੰਬਰ। ਵੱਧ ਰਿਹਾ ਪ੍ਰਦੂਸ਼ਣ, ਸਿਗਰਟਨੋਸ਼ੀ ਅਤੇ ਵਿਗੜਦਾ ਲਾਈਫ ਸਟਾਈਲ ਆਧੁਨਿਕ ਸਮੇਂ 'ਚ ਫੇਫੜਿਆਂ ਦੀਆਂ ਸਮੱਸਿਆਵਾਂ 'ਚ ਵਾਧਾ ਕਰ ਰਿਹਾ ਹੈ। ਭਾਰਤ ਵਿਸ਼ਵ ਪੱਧਰ 'ਤੇ ਇਨ੍ਹਾਂ ਬੀਮਾਰੀਆਂ ਕਾਰਨ ਹੋਣ ਵਾਲੀਆਂ ਮੌਤਾਂ 'ਚ 15.69 ਫੀਸਦੀ ਦਾ ਯੋਗਦਾਨ ਪਾਉਂਦਾ ਹੈ। ਭਾਰਤ 'ਚ ਸੀ. ਓ. ਪੀ. ਡੀ. ਦੇ ਸਭ ਤੋਂ ਵੱਧ ਮਾਮਲੇ ਹਨ, ਜਿਸ 'ਚ 55.23 ਮਿਲੀਅਨ ਲੋਕ ਪ੍ਰਭਾਵਿਤ ਹਨ ਅਤੇ ਸੀ. ਓ. ਪੀ. ਡੀ. ਨਾਲ ਸਬੰਧਤ ਮੌਤਾਂ 'ਚ ਭਾਰਤ ਦੂਜੇ ਸਥਾਨ 'ਤੇ ਹੈ। ਵਿਸ਼ਵ ਫੇਫੜੇ ਦਿਵਸ, ਜੋ ਹਰ ਸਾਲ 25 ਸਤੰਬਰ ਨੂੰ ਮਨਾਇਆ ਜਾਂਦਾ ਹੈ, 2019 'ਚ ਇੰਟਰਨੈਸ਼ਨਲ ਫੋਰਮ ਆਫ ਰੈਸਪੀਰੇਟਰੀ ਸੋਸਾਇਟੀਜ਼ (ਐੱਫ. ਆਈ. ਆਰ. ਐੱਸ.) ਅਤੇ ਇਸ ਦੇ ਭਾਈਵਾਲਾਂ ਵੱਲੋਂ ਸਾਹ ਦੀਆਂ ਬੀਮਾਰੀਆਂ ਦੇ ਵੱਧ ਰਹੇ ਵਿਸ਼ਵਵਿਆਪੀ ਬੋਝ ਨੂੰ ਉਜਾਗਰ ਕਰਨ ਲਈ ਸ਼ੁਰੂ ਕੀਤਾ ਗਿਆ ਸੀ। ਸਿਹਤ ਵਿਭਾਗ ਦੇ ਸਾਬਕਾ ਜ਼ਿਲਾ ਟੀ. ਬੀ. ਵਿਭਾਗ ਡਾ. ਨਰੇਸ਼ ਚਾਵਲਾ, ਜੋ ਕਿ ਫੇਫੜਿਆਂ ਦੇ ਕੈਂਸਰ ਦੇ ਅਥਾਰਟੀ ਅਤੇ ਪ੍ਰਸਿੱਧ ਛਾਤੀ ਦੇ ਮਾਹਿਰ ਹਨ, ਨੇ ਦੱਸਿਆ ਕਿ ਦਮਾ, ਕ੍ਰੋਨਿਕ ਆਬਸਟ?ਰਕਟਿਵ ਪਲਮਨਰੀ ਡਿਸੀਜ਼ (ਸੀ. ਓ. ਪੀ. ਡੀ.), ਫੇਫੜਿਆਂ ਦਾ ਕੈਂਸਰ, ਟੀ. ਬੀ. ਅਤੇ ਨਮੂਨੀਆ ਵਰਗੀਆਂ ਬੀਮਾਰੀਆਂ ਦੁਨੀਆ ਭਰ ਦੇ ਲੱਖਾਂ ਲੋਕਾਂ ਨੂੰ ਪ੍ਰਭਾਵਿਤ ਕਰਦੀਆਂ ਹਨ, ਜਿਸ ਨਾਲ ਪਰਿਵਾਰਾਂ, ਸਿਹਤ ਸੰਭਾਲ ਪ੍ਰਣਾਲੀਆਂ ਅਤੇ ਸਮਾਜ 'ਤੇ ਦਬਾਅ ਪੈਂਦਾ ਹੈ। ਡਾ. ਚਾਵਲਾ ਨੇ ਦੱਸਿਆ ਕਿ ਵਿਸ਼ਵ ਫੇਫੜੇ ਦਿਵਸ 2025 ਦਾ ਥੀਮ 'ਸਿਹਤਮੰਦ ਫੇਫੜੇ, ਸਿਹਤਮੰਦ ਜੀਵਨ' ਹੈ। ਇਹ ਫੇਫੜਿਆਂ ਦੀ ਸਿਹਤ ਅਤੇ ਸਮੁੱਚੀ ਤੰਦਰੁਸਤੀ ਵਿਚਕਾਰ ਨਜ਼ਦੀਕੀ ਸਬੰਧ ਨੂੰ ਉਜਾਗਰ ਕਰਦਾ ਹੈ। ਹੇਠਾਂ ਕੁਝ ਸਭ ਤੋਂ ਆਮ ਸਥਿਤੀਆਂ ਹਨ, ਜੋ ਫੇਫੜਿਆਂ ਦੀ



ਸਿਹਤ ਨੂੰ ਪ੍ਰਭਾਵਤ ਕਰਦੀਆਂ ਹਨ। ਦਮਾ : ਡਾ. ਨਰੇਸ਼ ਚਾਵਲਾ ਨੇ ਦੱਸਿਆ ਕਿ ਦਮਾ ਇਕ ਅਜਿਹੀ ਸਥਿਤੀ ਹੈ, ਜਿਸ 'ਚ ਸਾਹ ਨਾਲੀਆਂ ਸੋਜ ਅਤੇ ਤੰਗ ਹੋ ਜਾਂਦੀਆਂ ਹਨ, ਜਿਸ ਨਾਲ ਸਾਹ ਲੈਣਾ ਮੁਸ਼ਕਲ ਹੋ ਜਾਂਦਾ ਹੈ। ਟਰਿੱਗਰਾਂ 'ਚ ਐਲਰਜੀ, ਠੰਢੀ ਹਵਾ, ਕਸਰਤ ਜਾਂ ਤਣਾਅ ਸ਼ਾਮਲ ਹੋ ਸਕਦੇ ਹਨ। ਲੱਛਣ ਅਕਸਰ ਆਉਂਦੇ ਅਤੇ ਜਾਂਦੇ ਹਨ ਅਤੇ ਘਰਘਰਾਹਟ, ਛਾਤੀ ਦੀ ਜਕੜ, ਖੰਘ ਅਤੇ ਸਾਹ ਚੜ੍ਹਨਾ ਸ਼ਾਮਲ ਹੋ ਸਕਦੇ ਹਨ। ਸਹੀ ਪ੍ਰਬੰਧਨ ਅਤੇ ਜਾਣੇ-ਪਛਾਣੇ ਟਰਿੱਗਰਾਂ ਤੋਂ ਬਚਣ ਨਾਲ, ਦਮੇ ਵਾਲੇ ਬਹੁਤ ਸਾਰੇ ਲੋਕ ਸਰਗਰਮ ਅਤੇ ਸੰਪੂਰਨ ਜੀਵਨ ਜਿਊਣ ਦੇ ਯੋਗ ਹੁੰਦੇ ਹਨ। ਕ੍ਰੋਨਿਕ ਆਬਸਟ?ਰਕਟਿਵ ਪਲਮਨਰੀ ਡਿਸੀਜ਼ (ਸੀ. ਓ. ਪੀ. ਡੀ) : ਡਾ. ਚਾਵਲਾ ਅਨੁਸਾਰ ਸੀ. ਓ. ਪੀ. ਡੀ. ਇਕ ਆਮ ਸ਼ਬਦ ਹੈ, ਜਿਸ 'ਚ ਕ੍ਰੋਨਿਕ ਬ੍ਰਾਨਕਾਈਟਿਸ ਅਤੇ ਐਮਫੀਸੀਮਾ ਸ਼ਾਮਲ ਹਨ। ਇਹ ਆਮ ਤੌਰ 'ਤੇ ਸਾਲਾਂ ਤਕ ਫੇਫੜਿਆਂ ਦੀ ਸੋਜਸ਼ ਤੋਂ ਬਾਅਦ ਵਿਕਸਤ ਹੁੰਦੇ ਹਨ, ਜੋ ਅਕਸਰ ਸਿਗਰਟਨੋਸ਼ੀ ਜਾਂ ਪ੍ਰਦੂਸ਼ਣ ਦੇ ਲੰਬੇ ਸਮੇਂ ਤਕ ਸੰਪਰਕ ਕਾਰਨ ਹੁੰਦਾ ਹੈ। ਇਹ ਸਮੇਂ ਦੇ ਨਾਲ ਹੌਲੀ-ਹੌਲੀ ਵਿਗੜਦਾ ਜਾਂਦਾ ਹੈ, ਇਸ ਲਈ ਜਲਦ ਹੱਲ ਅਤੇ ਜੀਵਨ ਸ਼ੈਲੀ 'ਚ ਤਬਦੀਲੀਆਂ ਇਸ ਦੀ ਪ੍ਰਗਤੀ ਨੂੰ ਹੌਲੀ ਕਰਨ 'ਚ ਮਦਦ ਕਰ ਸਕਦੀਆਂ ਹਨ। ਨਮੂਨੀਆ : ਨਮੂਨੀਆ ਇਕ ਇਨਫੈਕਸ਼ਨ ਹੈ, ਜੋ ਫੇਫੜਿਆਂ 'ਚ ਹਵਾ ਦੀਆਂ ਥੈਲੀਆਂ ਦੀ ਸੋਜਸ਼ ਦਾ ਕਾਰਨ ਬਣਦੀ ਹੈ। ਇਹ ਥੈਲੀਆਂ ਤਰਲ ਜਾਂ ਪੂਸ ਨਾਲ ਭਰ ਸਕਦੀਆਂ ਹਨ, ਜਿਸ ਨਾਲ ਖੰਘ, ਬੁਖਾਰ, ਠੰਢ ਅਤੇ ਸਾਹ ਚੜ੍ਹਨ ਦੀ ਸਮੱਸਿਆ ਬਣ ਸਕਦੀ ਹੈ। ਇਹ ਬੈਕਟੀਰੀਆ, ਵਾਇਰਸ ਜਾਂ ਫੰਜਾਈ ਕਾਰਨ ਹੋ ਸਕਦਾ ਹੈ ਅਤੇ ਹਲਕੇ ਤੋਂ ਲੈ ਕੇ ਜਾਨਲੇਵਾ ਤਕ ਹੋ ਸਕਦਾ ਹੈ। ਰੋਕਥਾਮ ਅਤੇ ਰਿਕਵਰੀ ਲਈ ਟੀਕਾਕਰਨ ਅਤੇ ਸਮੇਂ ਸਿਰ ਡਾਕਟਰੀ ਦੇਖਭਾਲ ਬਹੁਤ ਜ਼ਰੂਰੀ ਹੈ। ਟੀ. ਬੀ. : ਉਨ੍ਹਾਂ ਦੱਸਿਆ ਕਿ ਟੀ. ਬੀ. ਇਕ ਗੰਭੀਰ ਸਥਿਤੀ ਹੈ। ਟੀ. ਬੀ. ਇਕ ਛੂਤ ਵਾਲੇ ਬੈਕਟੀਰੀਆ ਦੀ ਲਾਗ ਹੈ, ਜੋ ਮੁੱਖ ਤੌਰ 'ਤੇ ਫੇਫੜਿਆਂ ਨੂੰ ਪ੍ਰਭਾਵਿਤ ਕਰਦੀ ਹੈ ਪਰ ਸਰੀਰ ਦੇ ਹੋਰ ਹਿੱਸਿਆਂ 'ਚ ਵੀ ਫੈਲ ਸਕਦੀ ਹੈ। ਇਹ ਉਦੋਂ ਪੈਦਾ ਹੋਣ ਵਾਲੀਆਂ ਬੂੰਦਾਂ ਰਾਹੀਂ ਫੈਲਦੀ ਹੈ, ਜਦੋਂ ਇਕ ਇਨਫੈਕਟਿਡ ਵਿਅਕਤੀ ਖੰਘਦਾ ਜਾਂ ਛਿਕਦਾ ਹੈ। ਹਾਲਾਂਕਿ ਟੀ. ਬੀ. ਇਲਾਜਯੋਗ ਹੈ ਪਰ ਦੁਬਾਰਾ ਹੋਣ ਜਾਂ ਵਿਰੋਧ ਨੂੰ ਰੋਕਣ ਲਈ ਇਕ ਪੂਰੀ ਤਰ੍ਹਾਂ ਦਵਾਈ ਦੀ ਵਿਧੀ ਦੀ ਲੋੜ ਹੁੰਦੀ ਹੈ। ਫੇਫੜਿਆਂ ਦਾ ਕੈਂਸਰ : ਫੇਫੜਿਆਂ ਦਾ ਕੈਂਸਰ ਦੁਨੀਆ ਭਰ 'ਚ ਫੇਫੜਿਆਂ ਦੀਆਂ ਸਭ ਤੋਂ ਗੰਭੀਰ ਬੀਮਾਰੀਆਂ 'ਚੋਂ ਇਕ ਹੈ। ਸਿਗਰਟਨੋਸ਼ੀ ਮੁੱਖ ਕਾਰਨ ਹੈ ਪਰ ਦੂਜੇ ਹੱਥ ਦੇ ਧੂੰਏਂ, ਰੇਡੋਨ ਗੈਸ, ਐਸਬੈਸਟਸ, ਜਾਂ ਪਰਿਵਾਰਕ ਇਤਿਹਾਸ ਦੇ ਸੰਪਰਕ 'ਚ ਆਉਣ ਨਾਲ ਵੀ ਜੋਖਿਮ ਵੱਧ ਸਕਦਾ ਹੈ। ਲੰਬੇ ਸਮੇਂ ਤਕ ਖੰਘ, ਛਾਤੀ 'ਚ ਦਰਦ, ਬਿਨਾਂ ਕਿਸੇ ਕਾਰਨ ਦੇ ਵਜ?ਹਾ ਘੱਟ ਹੋਣਾ ਜਾ ਖੰਘ ਨਾਲ ਖੂਨ ਆਉਣ ਵਰਗੇ ਲੱਛਣਾਂ ਨੂੰ ਕਦੇ ਵੀ ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ। ਛਾਤੀ ਦੇ ਮਾਹਿਰ ਡਾ. ਰਜਨੀਸ਼ ਸ਼ਰਮਾ ਨੇ ਦੱਸਿਆ ਕਿ ਹਵਾ ਪ੍ਰਦੂਸ਼ਣ ਦੇ ਸੰਪਰਕ ਨੂੰ ਘਟ ਕਰੋ। ਬਾਹਰੀ ਅਤੇ ਅੰਦਰੂਨੀ ਪ੍ਰਦੂਸ਼ਣ ਦੋਵੇਂ ਫੇਫੜਿਆਂ ਨੂੰ ਨੁਕਸਾਨ ਪਹੁੰਚਾ ਸਕਦੇ ਹਨ। ਉੱਚ ਪ੍ਰਦੂਸ਼ਣ ਦੇ ਪੱਧਰਾਂ ਦੌਰਾਨ ਬਾਹਰ ਸਮਾਂ ਸੀਮਤ ਕਰਨਾ, ਧੂੰਏਂ ਵਾਲੇ ਖੇਤਰਾਂ 'ਚ ਮਾਸਕ ਦੀ ਵਰਤੋਂ ਕਰਨਾ, ਚੰਗੀ ਅੰਦਰੂਨੀ ਹਵਾਦਾਰੀ ਯਕੀਨੀ ਬਣਾਉਣਾ ਅਤੇ ਲੋੜ ਪੈਣ 'ਤੇ ਏਅਰ ਪਿਊਰੀਫਾਈ ਦੀ ਵਰਤੋਂ ਸਾਹ ਪ੍ਰਣਾਲੀ ਦੀ ਰੱਖਿਆ 'ਚ ਮਦਦ ਕਰ ਸਕਦੀ ਹੈ। ਡਾ. ਰਜਨੀਸ਼ ਅਨੁਸਾਰ ਉਹ ਕੰਮ ਵਾਲੀਆਂ ਥਾਵਾਂ, ਜਿੱਥੇ ਲੋਕ ਧੂੜ, ਧੂੰਏਂ ਅਤੇ ਰਸਾਇਣਾਂ ਦੇ ਸੰਪਰਕ 'ਚ ਆਉਂਦੇ ਹਨ, ਫੇਫੜਿਆਂ ਦੀਆਂ ਪੁਰਾਣੀਆਂ ਬੀਮਾਰੀਆਂ ਦੇ ਜੋਖਿਮ ਨੂੰ ਵਧਾਉਂਦੇ ਹਨ।

## ਸ਼ਾਹਕੋਟ 'ਚ ਦੋ ਮੋਟਰਸਾਈਕਲਾਂ ਦੀ ਆਹਮੋ-ਸਾਹਮਣੇ ਟੱਕਰ, ਪਤੀ-ਪਤਨੀ ਸਣੇ 3 ਜ਼ਖ਼ਮੀ

ਜਲੰਧਰ 27 ਸਤੰਬਰ। ਜਲੰਧਰ ਦੇ ਸ਼ਾਹਕੋਟ 'ਚ ਦੋ ਮੋਟਰਸਾਈਕਲਾਂ ਦੀ ਆਹਮੋ-ਸਾਹਮਣੇ ਟੱਕਰ ਵਿੱਚ ਪਤੀ-ਪਤਨੀ ਸਮੇਤ ਤਿੰਨ ਲੋਕ ਜ਼ਖ਼ਮੀ ਹੋ ਗਏ। ਰਿਪੋਰਟਾਂ ਅਨੁਸਾਰ ਸ਼ਾਹਕੋਟ ਦਾ ਰਹਿਣ ਵਾਲਾ ਮਨਪ੍ਰੀਤ ਕਿਸੇ ਕੰਮ ਲਈ ਆਪਣੀ ਬੁਲੇਟ ਮੋਟਰਸਾਈਕਲ 'ਤੇ ਮਲਸੀਆਂ ਜਾ ਰਿਹਾ ਸੀ। ਇਸ ਦੌਰਾਨ ਸ਼ਾਹਕੋਟ ਦਾ ਰਹਿਣ ਵਾਲਾ ਸ਼ਿੰਗਾਰ ਸਿੰਘ ਆਪਣੀ ਪਤਨੀ ਕੁਲਵੰਤ ਕੌਰ ਨਾਲ ਮਲਸੀਆਂ ਤੋਂ ਸ਼ਾਹਕੋਟ ਜਾ ਰਿਹਾ ਸੀ। ਇਸ ਦੌਰਾਨ ਇਕ ਕਾਰ ਸ਼ੋਅਰੂਮ ਨੇੜੇ ਦੋਵੇਂ ਮੋਟਰਸਾਈਕਲਾਂ ਦੀ ਆਹਮੋ-ਸਾਹਮਣੇ ਟੱਕਰ ਹੋ ਗਈ। ਬੁਲੇਟ ਸਵਾਰ ਜੋੜਾ ਗੰਭੀਰ ਜ਼ਖ਼ਮੀ ਹੋ ਗਿਆ। ਮੌਕੇ 'ਤੇ ਮੌਜੂਦ ਹਸਪਤਾਲ ਦੇ ਸਟਾਫ਼ ਨੇ ਉਨ੍ਹਾਂ ਨੂੰ ਇਲਾਜ ਲਈ ਸ਼ਾਹਕੋਟ ਦੇ ਸਰਕਾਰੀ ਹਸਪਤਾਲ ਪਹੁੰਚਾਇਆ। ਹਸਪਤਾਲ ਦੇ ਡਾਕਟਰ ਨੇ ਦੱਸਿਆ ਕਿ ਉਨ੍ਹਾਂ ਨੂੰ ਮੁੱਢਲਾ ਇਲਾਜ ਕਰਵਾਉਣ ਤੋਂ ਬਾਅਦ ਅਗਲੇ ਇਲਾਜ ਲਈ ਰੈਫਰ ਕਰ ਦਿੱਤਾ ਗਿਆ ਹੈ ਅਤੇ ਪੁਲਸ ਨੂੰ ਵੀ ਸੂਚਿਤ ਕਰ ਦਿੱਤਾ ਗਿਆ ਹੈ।

## ਜੇਲ੍ਹ ਅੰਦਰ ਹਵਾਲਾਤੀਆਂ ਕੋਲ ਸੀ ਟੱਚ ਸਕਰੀਨ ਮੋਬਾਈਲ

ਫਿਰੋਜ਼ਪੁਰ, 27 ਸਤੰਬਰ। ਕੇਂਦਰੀ ਜੇਲ੍ਹ ਫਿਰੋਜ਼ਪੁਰ ਦੇ ਸੁਪਰਡੈਂਟ ਸਰਦਾਰ ਮਨਜੀਤ ਸਿੰਘ ਸਿੱਧੂ ਦੇ ਦਿਸ਼ਾ-ਨਿਰਦੇਸ਼ਾਂ ਜੇਲ੍ਹ ਵਿੱਚ ਚਲਾਈ ਗਈ ਤਲਾਸ਼ੀ ਮੁਹਿੰਮ ਦੌਰਾਨ ਹਵਾਲਾਤੀਆਂ ਤੋਂ ਸਿਮ ਕਾਰਡ ਦੇ ਨਾਲ ਦੋ ਟੱਚ ਸਕਰੀਨ ਅਤੇ ਦੋ ਕੀਪੈਡ ਮੋਬਾਈਲ ਫੋਨ ਬਰਾਮਦ ਕੀਤੇ ਗਏ ਹਨ, ਜਿਸਨੂੰ ਲੈ ਕੇ ਜੇਲ੍ਹ ਅਧਿਕਾਰੀਆਂ ਵੱਲੋਂ ਭੇਜੀ ਗਈ ਲਿਖਤੀ ਜਾਣਕਾਰੀ ਦੇ ਆਧਾਰ "ਤੇ ਥਾਣਾ ਸਿਟੀ ਫਿਰੋਜ਼ਪੁਰ ਦੀ ਪੁਲਿਸ ਨੇ ਚਾਰ ਹਵਾਲਾਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਇਸ ਜਾਣਕਾਰੀ ਦਿੰਦੇ ਹੋਏ ਏਐਸਆਈ ਸ਼ਰਮਾ ਸਿੰਘ ਨੇ ਦੱਸਿਆ ਕਿ ਜੇਲ੍ਹ ਦੇ ਸਹਾਇਕ ਸੁਪਰਡੈਂਟ ਵੱਲੋਂ ਥਾਣਾ ਸਿਟੀ ਨੂੰ ਭੇਜੀ ਲਿਖਤੀ ਸੂਚਨਾ ਵਿੱਚ ਦੱਸਿਆ ਕਿ ਹਵਾਲਾਤੀ ਵਿਸ਼ਾਲ ਸਿੰਘ ਉਰਫ ਲਾਲੂ ਤੋਂ ਇੱਕ ਟੱਚ ਸਕਰੀਨ ਮੋਬਾਈਲ ਫੋਨ, ਹਵਾਲਾਤੀ ਹਰਪ੍ਰਤਾਪ ਸਿੰਘ ਤੋਂ ਇੱਕ ਟੱਚ ਸਕਰੀਨ ਮੋਬਾਈਲ ਫੋਨ, ਹਵਾਲਾਤੀ ਕੁਲਜੀਤ ਸਿੰਘ ਤੋਂ ਇੱਕ ਕੀਪੈਡ ਮੋਬਾਈਲ ਫੋਨ ਅਤੇ ਹਵਾਲਾਤੀ ਸੁਨੀਲ ਕੁਮਾਰ ਤੋਂ ਕੀਪੈਡ ਮੋਬਾਈਲ ਫੋਨ ਬਰਾਮਦ ਹੋਇਆ। ਕਿਹਾ ਕਿ ਨਾਮਜ਼ਦ ਵਿਚਾਰ ਅਧੀਨ ਕੈਦੀਆਂ ਵਿਰੁੱਧ ਕੇਸ ਦਰਜ ਕਰ ਲਿਆ ਗਿਆ ਹੈ ਅਤੇ ਅਗਲੇਰੀ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

## ਮੋਟਰਸਾਈਕਲ ਸਵਾਰ ਨੂੰ ਤੇਜ਼ ਰਫ਼ਤਾਰ ਗੱਡੀ ਨੇ ਮਾਰੀ ਟੱਕਰ ! ਇਲਾਜ ਦੌਰਾਨ ਹੋਈ ਮੌਤ

ਮਹਿਲ ਕਲਾਂ 27 ਸਤੰਬਰ। ਵਿਧਾਨ ਸਭਾ ਹਲਕਾ ਮਹਿਲ ਕਲਾਂ ਅਧੀਨ ਪੈਂਦੇ ਪਿੰਡ ਸਹੌਰ-ਹਮੀਦੀ ਲਿੰਕ ਸੜਕ 'ਤੇ ਹੋਏ ਸੜਕ ਹਾਦਸੇ ਵਿਚ ਪਿੰਡ ਹਮੀਦੀ ਦਾ ਇਕ ਨੌਜਵਾਨ ਦੇ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਿਆ ਤੇ ਇਲਾਜ ਦੌਰਾਨ ਜ਼ਿੰਦਗੀ ਦੀ ਜੰਗ ਹਾਰ ਗਿਆ। ਇਸ ਮੌਕੇ ਥਾਣਾ ਠੁੱਲੀਵਾਲ ਦੇ ਏ.ਐੱਸ.ਆਈ. ਮਨਜਿੰਦਰ ਸਿੰਘ ਸ਼ੇਰਪੁਰ ਅਤੇ ਸਿਪਾਹੀ ਦੀਪ ਸਿੰਘ ਨੇ ਦੱਸਿਆ ਕਿ 16 ਸਤੰਬਰ ਨੂੰ ਕਰਮਜੀਤ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਹਮੀਦੀ ਮੋਟਰਸਾਈਕਲ ਨੰਬਰ 2-19 7 7239 'ਤੇ ਮਹਿਲ ਕਲਾਂ ਵੱਲ ਜਾ ਰਿਹਾ ਸੀ। ਜਦੋਂ ਉਹ ਪਿੰਡ ਸਹੌਰ ਦੇ ਨੇੜੇ ਪਹੁੰਚਿਆ ਤਾਂ ਅੱਗਿਓਂ ਆ ਰਹੀ ਤੇਜ਼ ਰਫ਼ਤਾਰ ਗੱਡੀ ਨੇ ਟੱਕਰ ਮਾਰ ਦਿੱਤੀ। ਟੱਕਰ ਨਾਲ ਕਰਮਜੀਤ ਸਿੰਘ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਿਆ। ਘਟਨਾ ਦਾ ਪਤਾ ਲੱਗਣ 'ਤੇ ਪਰਿਵਾਰਕ ਮੈਂਬਰ ਉਸ ਨੂੰ ਤੁਰੰਤ ਕਮਿਊਨਿਟੀ ਹੈਲਥ ਸੈਂਟਰ ਮਹਿਲ ਕਲਾਂ ਲੈ ਗਏ। ਡਾਕਟਰਾਂ ਨੇ ਹਾਲਤ ਨਾਜ਼ੁਕ ਦੇਖਦਿਆਂ ਉਸ ਨੂੰ ਲੁਧਿਆਣਾ ਦੇ ਇਕ ਨਿੱਜੀ ਹਸਪਤਾਲ ਰੈਫਰ ਕਰ ਦਿੱਤਾ। ਇਲਾਜ ਦੌਰਾਨ ਸਿਰ ਅਤੇ ਮੂੰਹ ਤੋਂ ਲਗਾਤਾਰ ਖ਼ੂਨ ਵਗਣ ਕਾਰਨ ਉਸ ਦੀ ਮੌਤ ਹੋ ਗਈ। ਮ੍ਰਿਤਕ ਦੇ ਪਿਤਾ ਸੁਰਜੀਤ ਸਿੰਘ ਪੁੱਤਰ ਨਾਜ਼ਰ ਸਿੰਘ ਵਾਸੀ ਹਮੀਦੀ ਦੇ ਬਿਆਨਾਂ ਅਧਾਰ 'ਤੇ ਪੁਲਸ ਨੇ ਗੱਡੀ ਚਾਲਕ ਯਸਵੀਰ ਸਿੰਘ ਵਾਸੀ ਗਾਗੇਵਾਲ ਖ਼?ਲਾਫ਼ ਥਾਣਾ ਠੁੱਲੀਵਾਲ ਵਿਚ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਸੱਤ ਹਥਿਆਰਬੰਦ ਲੁਟੇਰਿਆਂ ਨੇ ਬੈਂਕ 'ਚ ਮਾਰਿਆ ਡਾਕਾ ! 2.5 ਕਰੋੜ ਦੀ ਨਕਦੀ ਤੇ ਗਹਿਣੇ ਲੈ ਕੇ ਫਰਾਰ

ਨੈਸ਼ਨਲ ਡੈਸਕ 27 ਸਤੰਬਰ। ਝਾਰਖੰਡ ਦੇ ਦੇਵਘਰ ਜ਼ਿਲ੍ਹੇ ਦੇ ਮਧੂਪੁਰ 'ਚ ਸੱਤ ਹਥਿਆਰਬੰਦ ਲੁਟੇਰਿਆਂ ਨੇ ਦਿਨ-ਦਿਹਾੜੇ ਇੱਕ ਐੱਚਡੀਐੱਫਸੀ ਬੈਂਕ 'ਚ ਹਮਲਾ ਬੋਲਿਆ, ਕਰੋੜਾਂ ਰੁਪਏ ਦੀ ਲੁੱਟ ਕੀਤੀ। ਇਸ ਦੌਰਾਨ ਲੁਟੇਰਿਆਂ ਨੇ ਬੈਂਕ ਗਾਰਡਾਂ, ਕਰਮਚਾਰੀਆਂ ਅਤੇ ਗਾਹਕਾਂ ਨੂੰ ਬੰਧਕ ਬਣਾ ਲਿਆ ਤੇ ਵਿਰੋਧ ਕਰਨ ਵਾਲਿਆਂ 'ਤੇ ਹਮਲਾ ਕੀਤਾ। ਪੁਲਸ ਸੂਤਰਾਂ ਅਨੁਸਾਰ ਸ਼ੁਰੂਆਤੀ ਅਨੁਮਾਨਾਂ ਅਨੁਸਾਰ ਲਗਭਗ 2 ਤੋਂ 2.5 ਕਰੋੜ ਰੁਪਏ ਦੀ ਨਕਦੀ ਅਤੇ ਗਹਿਣਿਆਂ ਦੀ ਲੁੱਟ ਦਾ ਸੰਕੇਤ ਹੈ। ਇਹ ਘਟਨਾ ਬੀਤੇ ਦਿਨ ਵਾਪਰੀ। ਜਿਵੇਂ ਹੀ ਸੱਤ ਲੁਟੇਰੇ ਬੈਂਕ 'ਚ ਦਾਖਲ ਹੋਏ, ਉਨ੍ਹਾਂ ਨੇ ਬੰਦੂਕ ਦਿਖਾ ਕੇ ਸਾਰਿਆਂ ਨੂੰ ਆਪਣੇ ਬੰਧਕ ਬਣਾ ਲਿਆ। ਅੰਦਰ



ਗਾਹਕ ਅਤੇ ਕਰਮਚਾਰੀ ਘਬਰਾ ਗਏ। ਲੁਟੇਰਿਆਂ ਨੇ ਅਲਮਾਰੀਆਂ ਤੇ ਲਾਕਰਾਂ ਤੋਂ ਨਕਦੀ ਅਤੇ ਗਹਿਣੇ ਲੈ ਲਏ, ਸਾਰਿਆਂ ਨੂੰ ਅੰਦਰ ਬੰਦ ਕਰ ਦਿੱਤਾ ਤੇ ਮੌਕੇ ਤੋਂ ਭੱਜ ਗਏ। ਜਾਣਕਾਰੀ ਮਿਲਣ 'ਤੇ ਸਥਾਨਕ ਪੁਲਿਸ ਮੌਕੇ 'ਤੇ ਪਹੁੰਚੀ, ਬੈਂਕ ਦਾ ਤਾਲਾ ਖੋਲ੍ਹਿਆ ਅਤੇ ਫਸੇ ਹੋਏ ਗਾਹਕਾਂ ਅਤੇ ਕਰਮਚਾਰੀਆਂ ਨੂੰ ਸੁਰੱਖਿਅਤ ਬਾਹਰ ਕੱਢਿਆ। ਦੇਵਘਰ ਦੇ ਪੁਲਸ ਸੁਪਰਡੈਂਟ ਸੌਰਭ ਖੁਦ ਮੌਕੇ 'ਤੇ ਪਹੁੰਚੇ ਅਤੇ ਬੈਂਕ ਮੈਨੇਜਰ ਅਤੇ ਹੋਰ ਕਰਮਚਾਰੀਆਂ ਤੋਂ ਪੁੱਛਗਿੱਛ ਕੀਤੀ। ਘਟਨਾ ਦੀ ਗੰਭੀਰਤਾ ਨੂੰ ਦੇਖਦੇ ਹੋਏ ਪੁਲਸ ਹੈੱਡਕੁਆਰਟਰ ਤੁਰੰਤ ਸਰਗਰਮ ਹੋ ਗਿਆ ਤੇ ਪੂਰੀ ਘਟਨਾ 'ਤੇ ਨਜ਼ਰ ਰੱਖ ਰਿਹਾ ਹੈ। ਲੁਟੇਰਿਆਂ ਨੂੰ ਫੜਨ ਲਈ ਜ਼ਿਲ੍ਹੇ ਦੀਆਂ ਸਰਹੱਦਾਂ ਨੂੰ ਸੀਲ ਕਰ ਦਿੱਤਾ ਗਿਆ ਹੈ। ਦੇਵਘਰ ਤੋਂ ਇਲਾਵਾ, ਜਾਮਤਾਰਾ, ਗਿਰੀਡੀਹ, ਧਨਬਾਦ ਅਤੇ ਬੋਕਾਰੋ ਸਮੇਤ ਆਲੇ ਦੁਆਲੇ ਦੇ ਖੇਤਰਾਂ ਵਿੱਚ ਸਖ਼ਤ ਨਾਕਾਬੰਦੀ ਕਰ ਕੇ ਵਾਹਨਾਂ ਦੀ ਜਾਂਚ ਕੀਤੀ ਜਾ ਰਹੀ ਹੈ। ਬਿਹਾਰ ਅਤੇ ਪੱਛਮੀ ਬੰਗਾਲ ਦੀਆਂ ਸਰਹੱਦਾਂ 'ਤੇ ਵੀ ਅਲਰਟ ਜਾਰੀ ਕੀਤਾ ਗਿਆ ਹੈ, ਜਿਸ ਨਾਲ ਤਲਾਸ਼ੀ ਮੁਹਿੰਮ ਤੇਜ਼ ਹੋ ਗਈ ਹੈ। ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਬੈਂਕ ਪ੍ਰਬੰਧਨ ਤੋਂ ਲੁੱਟੀ ਗਈ ਸਹੀ ਰਕਮ ਅਤੇ ਗਹਿਣਿਆਂ ਬਾਰੇ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ।

## ਕੇਂਦਰ ਸਰਕਾਰ ਵੱਲੋਂ ਵਿਸ਼ੇਸ਼ ਰੇਲਵੇ ਟਰੇਨਾਂ ਚਲਾਉਣ ਨੂੰ ਮਨਜ਼ੂਰੀ ਦੇਣ ਨਾਲ ਯਾਤਰੀਆਂ ਨੂੰ ਮਿਲੇਗੀ ਵੱਡੀ ਸਹੂਲਤ

**ਕੌਮੀ ਪਤ੍ਰਿਕਾ**

ਪਟਿਆਲਾ 27 ਸਤੰਬਰ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਉਹਨਾਂ ਵੱਲੋਂ ਪੱਤਰ ਲਿਖਕੇ ਵਿਸ਼ੇਸ਼ ਟ?ਰੇਨਾਂ ਚਲਾਉਣ ਦੀ ਮੰਗ ਕੀਤੀ ਗਈ ਸੀ ਉਸ ਮੰਗ ਨੂੰ ਪੂਰਾ ਕਰਕੇ ਰੇਲਵੇ ਵਿਭਾਗ ਵੱਲੋਂ ਨਵੀਆਂ ਟ?ਰੇਨਾਂ ਚਲਾਉਣ ਨੂੰ ਪ੍ਰਵਾਨਗੀ ਦੇ ਕੇ ਕੇਵਲ ਪੰਜਾਬ ਹੀ ਨਹੀਂ ਹੋਰਨਾਂ ਰਾਜਾਂ ਤੋਂ ਆਉਣ ਵਾਲੇ ਲੋਕਾਂ ਨੂੰ ਵੀ ਵਿਸ਼ੇਸ਼ ਸਹੂਲਤਾਂ ਪ੍ਰਦਾਨ ਹੋਣਗੀਆਂ । ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਉਹਨਾਂ ਵੱਲੋਂ 10 ਦਸੰਬਰ 2024 ਨੂੰ ਲਿਖੇ ਗਏ ਪੱਤਰ ਵਿੱਚ ਮੰਗ ਕੀਤੀ ਗਈ ਸੀ ਕਿ ਪੰਜਾਬ ਅਤੇ ਇਸ ਦੇ ਨਾਲ ਲਗਦੇ ਪ੍ਰਾਂਤਾਂ ਵਿਚ ਰੇਲ ਲਿੰਕ ਦੀ ਕਾਫੀ ਘਾਟ ਹੈ, ਜਿਸ ਕਾਰਨ ਯਾਤਰੀਆਂ ਤੇ ਵਪਾਰੀਆਂ ਨੂੰ ਰੋਡ ਟਰਾਂਸਪੋਰਟ (ਬੱਸਾਂ ਰਾਹੀਂ) ਸਫਰ ਕਰਨ ਵਿਚ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਹਨਾਂ ਕਿਹਾ ਕਿ ਵਿਸ਼ੇਸ਼ ਕਰਕੇ ਬਜ਼ੁਰਗਾਂ, ਦਿਵਿਆਂਗਾਂ ਅਤੇ ਗਰਭਵਤੀ ਬੀਬੀਆਂ ਨੂੰ ਜ਼ਿਆਦਾ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਇਸ ਲਈ ਰਾਜਪੁਰਾ ਤੋਂ ਚੰਡੀਗੜ੍ਹ, ਰਾਜਸਥਾਨ ਅਤੇ ਬਠਿੰਡਾ ਨੂੰ ਆਪਸ ਵਿਚ ਜੋੜਨ ਲਈ ਵਿਸ਼ੇਸ਼ ਤੌਰ ਤੇ ਰਾਜਪੁਰਾ ਤੋਂ ਚੰਡੀਗੜ੍ਹ, ਪਟਿਆਲਾ ਤੋਂ ਸਮਾਣਾ-ਪਾਤੜਾਂ, ਟੋਹਾਣਾ ਅਤੇ ਜਾਖਲ ਅਗੋਂ ਰਾਜਸਥਾਨ ਤੇ ਇਸੇ ਤਰ੍ਹਾਂ ਚੰਡੀਗੜ੍ਹ, ਪੰਜਾਬ ਅਤੇ ਰਾਜਸਥਾਨ ਦਾ ਰੇਲ ਲਿੰਕ ਬਣ ਜਾਵੇਗਾ ਅਤੇ ਲੋਕਾਂ ਨੂੰ ਸਹੂਲਤ ਦੇ ਨਾਲ ਨਾਲ ਵਪਾਰ ਵਿਚ



ਵੀ ਵਾਧਾ ਹੋਵੇਗਾ ਤੇ ਰਾਜਸਥਾਨ ਅਨੂਪਗੜ੍ਹ ਸਰੂਪਸਰ (ਗੁ. ਬੁੱਢਾ ਜੋਹੜ), ਸੂਰਤਗੜ੍ਹ, ਹਨੂਮਾਨਗੜ੍ਹ, ਮੰਡੀ ਡੱਬਵਾਲੀ, ਤੇ ਬਠਿੰਡਾ ਰਾਮਾ ਮੰਡੀ (ਗੁ. ਦਮਦਮਾ ਸਾਹਿਬ), ਸਿਰਸਾ, ਸਿਹਾਰ, ਜਾਖਲ, ਗੁ. ਧਮਧਾਨ ਸਾਹਿਬ) ਖਨੌਰੀ, ਸਮਾਣਾ, ਪਟਿਆਲਾ (ਗੁ. ਦੂਖਨਿਵਾਰਨ ਸਾਹਿਬ, ਕਾਲੀ ਮਾਤਾ ਮੰਦਰ), ਰਾਜਪੁਰਾ, ਸਰਹਿੰਦ (ਗ. ਫਤਹਿਗੜ੍ਹ ਸਾਹਿਬ), ਅਨੰਦਪੁਰ ਸਾਹਿਬ, ਕੀਰਤਪੁਰ ਸਾਹਿਬ, ਨੈਣਾ ਦੇਵੀ ਅਤੇ ਚੰਡੀਗੜ੍ਹ ਲਈ ਚਲਾਉਣ ਨਾਲ ਯਾਤਰੂਆਂ ਨੂੰ ਵੱਡੀ ਸਹੂਲਤ ਮਿਲ ਸਕੇਗੀ। ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ 1977 ਤੋਂ 1980 ਦਰਮਿਆਨ ਉਨ੍ਹਾਂ ਨੂੰ ਰੇਲਵੇ ਯੂਜਰਜ਼ ਬੋਰਡ ਵਿਚ ਬਤੌਰ ਮੈਂਬਰ ਸੇਵਾ ਕਰਨ ਦਾ ਮੌਕਾ ਮਿਲਿਆ ਸੀ, ਉਦੋਂ ਉਨ੍ਹਾਂ ਵਲੋਂ ਤੱਤਕਾਲੀ ਕੇਂਦਰੀ ਸਰਕਾਰ ਪਾਸ ਇਕ ਰੇਲ ਲਿੰਕ ਕਾਇਮ ਕਰਨ ਲਈ ਪ੍ਰਾਜੈਕਟ ਤਿਆਰ ਕਰਵਾਕੇ ਘੱਲਿਆ ਸੀ। ਇਸ ਪ੍ਰਾਜੈਕਟ ਵਿਚ ਸਮੇਂ ਦੇ ਪਟਿਆਲਾ ਦੇ ਮਹਾਰਾਜਾ ਭੁਪਿੰਦਰ ਸਿੰਘ ਜੀ ਵੱਲੋਂ ਇਸੇ ਮੱਕਸਦ ਲਈ 1932 ਈ. ਵਿਚ ਕਰਵਾਇਆ ਗਿਆ ਸਰਵੇ, ਪਰੰਤੂ ਸਮੇਂ ਦੀ ਅੰਗਰੇਜ਼ੀ ਸਰਕਾਰ ਨੇ ਉਨ੍ਹਾਂ ਦੀ ਉਹ ਤਜ਼ਵੀਜ ਨਾਮਨਜ਼ੂਰ ਕਰ ਦਿੱਤੀ ਸੀ । ਉਹ ਜ਼ਰੂਰੀ ਕਾਗਜਾਤ ਵੀ ਪ੍ਰਾਜੈਕਟ ਵਿਚ ਸ਼ਾਮਲ ਕਰਕੇ ਭੇਜੇ ਸਨ। ਪਰੰਤੂ ਕੇਂਦਰੀ ਸਰਕਾਰ ਦੇ ਡਿੱਗ ਜਾਣ ਕਾਰਨ ਉਸ ਨੂੰ ਬੂਰ ਨਹੀਂ ਪੈ ਸਕਿਆ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਵੱਲੋਂ ਦੇਸ ਦੇ ਵੱਖ ਵੱਖ ਪਛੜੇ ਹੋਏ ਇਲਾਕਿਆਂ ਨੂੰ ਰੇਲ ਲਿੰਕ ਦੇ ਨਾਲ ਜੋੜਿਆ ਜਾ ਰਿਹਾ ਹੈ ਤੇ ਪੰਜਾਬ ਭਾਰਤ ਦਾ ਅਹਿਮ ਸੂਬਾ ਹੈ, ਜਿਸ ਨੂੰ ਇਸ ਨੂੰ ਅਹਿਮ ਰੇਲ ਲਿੰਕ ਮੁਹੱਈਆ ਕਰਾਉਣ ਦੀ ਬਹੁਤ ਲੋੜ ਸੀ ਤੇ ਇਸ ਨਾਲ ਪੰਜਾਬੀਆਂ ਅਤੇ ਰਾਜਸਥਾਨੀਆਂ ਨੂੰ ਵੀ ਆਵਾਜਾਈ ਪੱਖੋਂ ਵੱਡੀ ਰਾਹਤ ਮਿਲੇਗੀ।

## ਕਹਿਰ ਓ ਰੱਬਾ ! 22 ਦਿਨ ਪਹਿਲਾਂ ਵਿਆਹੇ ਇੱਕਲੌਤੇ ਮੁੰਡੇ ਦੀ ਸੜਕ ਹਾਦਸੇ 'ਚ ਮੌਤ

ਤਪਾ ਮੰਡੀ, 27 ਸਤੰਬਰ। ਅੱਜ ਸਵੇਰੇ 11.30 ਵਜੇ ਦੇ ਕਰੀਬ ਬਰਨਾਲਾ-ਬਠਿੰਡਾ ਮੁੱਖ ਮਾਰਗ 'ਤੇ ਸਥਿਤ ਧਾਗਾ ਮਿੱਲ ਕੋਲ ਇੱਕ ਜਬਰਦਸਤ ਸੜਕ ਹਾਦਸੇ 'ਚ ਮਾਂ-ਪਿਉ ਦੇ ਇੱਕਲੌਤੇ ਅਤੇ ਲਗਭਗ 22 ਦਿਨ ਪਹਿਲਾਂ ਵਿਆਹੇ ਨੌਜਵਾਨ ਦੀ ਦਰਦਨਾਕ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸਾਹਿਲ ਗੋਇਲ ਪੁੱਤਰ ਰਾਹੁਲ ਗੋਇਲ ਵਾਸੀ ਰਾਮਪੁਰਾ ਫੂਲ ਜੋ ਕਾਰ 'ਤੇ ਸਵਾਰ ਹੋ ਕੇ ਤਪਾ ਵੱਲ ਨੂੰ ਉਗਰਾਹੀ ਕਰਨ ਲਈ ਆ ਰਿਹਾ ਸੀ ਜਦ ਉਹ ਧਾਗਾ ਮਿੱਲ ਕੋਲ ਪੁੱਜਾ ਤਾਂ ਅੱਗੇ ਜਾ ਰਹੇ ਸਿਲੰਡਰਾਂ ਨਾਲ ਭਰੇ ਕੈਂਟਰ ਨੇ ਇੱਕਦਮ ਬਰੇਕਾਂ ਮਾਰ ਦਿੱਤੀਆਂ। ਜਿਸ ਕਾਰਨ ਸਾਹਿਲ ਦੀ ਕਾਰ ਕੈਂਟਰ ਦੇ ਹੇਠਾਂ ਵੜ ਗਈ। ਕਾਰ ਸਵਾਰ ਸਾਹਿਲ ਗੰਭੀਰ ਰੂਪ 'ਚ ਜਖਮੀ ਹੋ ਗਿਆ। ਜਿਸ ਨੂੰ ਇੱਕ ਵਾਹਨ ਦੀ ਮਦਦ ਨਾਲ ਸਿਵਲ ਹਸਪਤਾਲ ਰਾਮਪੁਰਾ ਫੂਲ ਲੈ ਜਾਇਆ ਗਿਆ। ਜਿਥੇ ਡਾਕਟਰਾਂ ਨੇ ਵਹਿਲ ਨੂੰ ਮ੍ਰਿਤ ਐਲਾਨ ਦਿੱਤਾ। ਲਾਸ਼ ਨੂੰ ਮੋਰਚਰੀ ਰੂਮ 'ਚ ਰੱਖ ਦਿੱਤਾ ਗਿਆ ਹੈ। ਜਦ ਘਟਨਾ ਬਾਰੇ ਪਰਿਵਾਰਿਕ ਮੈਂਬਰਾਂ ਨੂੰ ਪਤਾ ਲੱਗਾ ਤਾਂ ਤੁਰੰਤ ਘਟਨਾ ਵਾਲੀ ਥਾਂ 'ਤੇ ਪਹੁੰਚੇ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਸਾਹਿਲ ਗੋਇਲ ਦਾ ਲਗਭਗ 22 ਦਿਨ ਪਹਿਲਾਂ ਹੀ ਪਿੰਡ ਪੰਧੇਰ 'ਚ ਵਿਆਹ ਹੋਇਆ ਸੀ ਅਤੇ ਮਾਂ-ਪਿਉ ਦਾ ਇੱਕਲੋਤਾ ਬੇਟਾ ਸੀ।

## ਸਿੱਖ ਸੇਵਕ ਸੁਸਾਇਟੀ ਨੇ ਹੜ੍ਹ ਪੀੜਤ ਪਿੰਡ ਮੰਡਾਲਾ ਛੰਨਾ 'ਚ ਮੈਡੀਕਲ ਕੈਂਪ ਲਗਾਇਆ: ਖਾਲਸਾ

**ਕੌਮੀ ਪਤ੍ਰਿਕਾ**

ਜਲੰਧਰ 27 ਸਤੰਬਰ। ਬੀਤੇ ਸ਼ਨੀਵਾਰ ਗੁਰਦੁਆਰਾ ਸਿੰਘ ਸਭਾ ਮੰਡਿਆਲਾ ਛੰਨਾ ਵਿਖੇ ਸਿੱਖ ਸੇਵਕ ਸੁਸਾਇਟੀ ਇੰਟਰਨੈਸ਼ਨਲ ਵਲੋਂ ਆਲੇ ਦੁਆਲੇ ਹੜ੍ਹ ਪੀੜਤਾਂ ਪਿੰਡਾਂ ਲਈ 7 ਘੰਟੇ ਲਈ ਵਿਸ਼ਾਲ ਮੈਡੀਕਲ ਕੈਂਪ ਲਗਾਇਆ ਗਿਆ ਹੈ ਤੇ ਗੁਰਦੁਆਰੇ ਵਿਚ ਸੰਗਤ ਲਈ ਤੇ ਧੁੱਸੀ ਬੰਨ੍ਹ ਉਪਰ ਸੇਵਾ ਕਰ ਰਹੀ ਸੰਗਤ ਲਈ ਲੰਗਰ ਦਾ ਇੰਤਜ਼ਾਮ ਕੀਤਾ ਗਿਆ। ਹੜ੍ਹ ਪੀੜਤਾਂ ਨੂੰ ਰਾਹਤ ਸਮਗਰੀ, ਕੱਪੜੇ ਵੰਡੇ ਗਏ। ਮੈਡੀਕਲ ਕੈਂਪ ਵਿਚ ਡਾਕਟਰ ਦਿਲਮੋਹਨ ਸਿੰਘ ,ਡਾਕਟਰ ਪੁਨੀਤ ਗੌਤਮ ਨੇ ਰੋਗੀਆਂ ਦਾ ਇਲਾਜ ਕੀਤਾ। ਜੋ ਗੰਭੀਰ ਰੋਗੀ ਹਨ ਉਸ ਬਾਰੇ ਸਿੱਖ ਸੇਵਕ ਸੁਸਾਇਟੀ ਇੰਟਰਨੈਸ਼ਨਲ ਦੇ ਮੁਖ ਜਥੇਦਾਰ ਪਰਮਿੰਦਰਪਾਲ ਸਿੰਘ ਖਾਲਸਾ ਨੇ ਐਲਾਨ ਕੀਤਾ ਕਿ ਉਨ੍ਹਾਂ ਨੂੰ ਹਸਪਤਾਲ ਵਿਚ ਦਾਖਲ ਕਰਾ ਕੇ ਪੂਰਾ ਇਲਾਜ ਕਰਵਾਇਆ ਜਾਵੇਗਾ। ਡਾਕਟਰ ਦਿਲਮੋਹਨ ਸਿੰਘ ਨੇ ਦੱਸਿਆ ਕਿ ਦੋ ਕੁ ਮਰੀਜ਼ ਟੀਬੀ ਦੇ ਸਨ, ਜ਼ਿਆਦਾਤਰ ਅੱਖਾਂ ,ਖਾਂਸੀ ,ਬੁਖਾਰ , ਚਮੜੀ ਦੇ ਰੋਗਾਂ ਦੇ ਸ਼ਿਕਾਰ ਸਨ। ਗੰਦੇ ਪਾਣੀ ਤੇ ਹੜ੍ਹਾਂ ਦੇ ਪਾਣੀ ਕਾਰਨ ਚਮੜੀ ਦੇ ਰੋਗ ਲਗੇ ਹੋਏ ਹਨ। ਇਸ ਦੌਰਾਨ 600 ਮਰੀਜ਼ ਚੈਕ ਕੀਤੇ ਗਏ। ਜਥੇਦਾਰ ਖਾਲਸਾ ਨੇ ਗੁਰਦੁਆਰੇ ਤੇ ਕੁਝ ਘਰਾਂ ਦਾ ਪਾਣੀ ਚੈਕ ਕੀਤਾ ਜੋ ਠੀਕ ਸੀ। ਉਨ੍ਹਾਂ ਕਿਹਾ ਕਿ ਲੋਕ ਗੁਰਦੁਆਰੇ ਦਾ ਪਾਣੀ ਵਰਤਣ। ਇਸ ਦਾ ਟਰੀਟਮੈਂਟ ਸਿਖ ਸੇਵਕ ਸੁਸਾਇਟੀ ਵਲੋਂ ਕੀਤਾ ਜਾਂਦਾ ਹੈ। ਇਸ ਦੌਰਾਨ ਸਿੱਖ ਸੇਵਕ ਸੁਸਾਇਟੀ ਦੇ ਮੈਂਬਰਾਂ ਵੱਲੋਂ ਗੁਰਦੁਆਰੇ ਤੋਂ ਲੈ ਕੇ ਧੁੱਸੀ ਬੰਨ੍ਹ ਤੱਕ ਫੋਗਿੰਗ ਕੀਤੀ ਗਈ। ਯਾਦ ਰਹੇ ਕਿ ਦੋ ਸਾਲ




ਪਹਿਲਾਂ ਹੜ੍ਹਾਂ ਦੌਰਾਨ ਇਹ ਪਿੰਡ ਮੰਡਾਲਾ ਛੰਨਾ ਸਿਖ ਸੇਵਕ ਸੁਸਾਇਟੀ ਨੇ ਗੋਦ ਲਿਆ ਸੀ। ਨੁਕਸਾਨੇ ਗੁਰਦੁਆਰੇ ਦੀ ਸੇਵਾ ਕਰਾ ਕੇ ਉੱਚਾ ਕਰਾਇਆ ਤੇ ਸੁੰਦਰ ਬਣਾਇਆ। ਇਸ ਸੇਵਾ ਤੋਂ ਖੁਸ਼ ਹੋ ਕੇ 12 ਪਰਿਵਾਰ ਜੋ ਸਿੱਖ ਧਰਮ ਤਿਆਗ ਕੇ ਈਸਾਈ ਬਣੇ ਸਨ ਉਹ ਗੁਰਦੁਆਰੇ ਵਿਚ ਪੰਥ ਵਿਚ ਸ਼ਾਮਲ ਹੋਏ ਸਨ। ਇਸ ਦੌਰਾਨ ਬਹੁਤ ਸਾਰੇ ਦਲਿਤ ਪਰਿਵਾਰ ਗੁਰਦੁਆਰੇ ਸਮਾਗਮ ਦੌਰਾਨ ਸਿੱਖ ਪੰਥ ਵਿਚ ਸ਼ਾਮਲ ਹੋਏ ਸਨ। ਜਥੇਦਾਰ ਖਾਲਸਾ ਨੇ ਦੱਸਿਆ ਕਿ ਹੁਣ ਗੁਰਦੁਆਰੇ ਵਿਚ ਗ੍ਰੰਥੀ ਸਮੇਤ ਗਿਆਰਾਂ ਮੈਬਰੀ ਕਮੇਟੀ ਬਣਾਈ ਗਈ ਹੈ ਜੋ ਪਿੰਡ ਵਿਚ ਸੁਧਾਰ ਤੇ ਪ੍ਰਚਾਰ ਕਰੇਗੀ। ਬੀਬੀਆਂ ਦਾ ਵੱਖ ਜਥਾ ਬਣਾਇਆ ਗਿਆ। ਪੰਜ ਬੀਬੀਆਂ ਪਰਮਜੀਤ , ਕੁਸ਼ਲਿਆ, ਸੋਮਾ , ਜਸਵਿੰਦਰ , ਕਸ਼ਮੀਰੋ ਜੋ ਦਲਿਤ ਪਰਿਵਾਰਾਂ ਵਿਚੋਂ ਹਨ, ਨੇ ਅੰਮ੍ਰਿਤ ਛੱਕ ਕੇ ਸਿੱਖ ਪੰਥ ਦੇ ਪ੍ਰਚਾਰ, ਗੁਰਦੁਆਰਾ ਪ੍ਰਬੰਧ ਮੰਡਾਲਾ ਦੀ ਜ਼ਿਮੇਵਾਰੀ ਸੰਭਾਲਣਗੀਆਂ। ਅਕਾਲ ਤਖਤ ਸਾਹਿਬ ਦੀ ਯਾਤਰਾ ਤੇ ਅੰਮ੍ਰਿਤ ਛਕਾਉਣ ਦਾ ਪ੍ਰਬੰਧ ਸਿੱਖ ਸੇਵਕ ਸੁਸਾਇਟੀ ਵਲੋਂ ਕੀਤਾ ਜਾਵੇਗਾ। ਮੈਡੀਕਲ ਕੈਂਪ ਖਤਮ ਹੋਣ ਉਪਰੰਤ ਸਿੱਖ ਸੇਵਕ ਸੁਸਾਇਟੀ ਇੰਟਰਨੈਸ਼ਨਲ ਦੀ ਟੀਮ ਧੁੱਸੀ ਬੰਨ੍ਹ 'ਤੇ ਪਹੁੰਚੀ ਜਿਥੇ ਧੁੱਸੀ ਬੰਨ੍ਹ ਦੇ ਨੁਕਸਾਨੇ ਜਾਣ ਕਾਰਣ ਚੀਵਨ ਸਿੰਘ,ਪ੍ਰਕਾਸ਼ ਕੌਰ,ਕੁਲਵੀਰ ਕੌਰ ,ਜਗਦੀਸ਼ ਸਿੰਘ ਸੋਨਾ ਸਿੰਘ ਦੇ ਘਰ ਤਬਾਹ ਹੋ ਗਏ। ਜਥੇਦਾਰ ਖਾਲਸਾ ਨੇ ਕਿਹਾ ਕਿ ਇਹਨਾਂ ਲਈ ਰਹਿਣ ਦਾ ਇੰਤਜ਼ਾਮ ਕੀਤਾ ਜਾਵੇਗਾ। ਇਨ੍ਹਾਂ ਪਰਿਵਾਰਾਂ ਲਈ ਤਿਰਪਾਲਾਂ , ਮਛਰਦਾਨੀਆਂ ,ਕਪੜੇ, ਲੰਗਰ ਪਾਣੀ ਦਾ ਇੰਤਜ਼ਾਮ ਕੀਤਾ ਗਿਆ। ਬਹੁਤ ਸਾਰੇ ਕਿਸਾਨਾਂ ਦੀ ਜ਼ਮੀਨ ਪਾਣੀ ਵਿਚ ਜਜਬ ਹੋ ਗਈ। ਇਥੋਂ ਦੇ ਕਿਸਾਨਾਂ ਮੁਤਾਬਕ ਹੜ੍ਹਾਂ ਦੌਰਾਨ ਨਾ ਸਿਰਫ਼ ਝੋਨੇ ਦੀ ਫ਼ਸਲ ਤਬਾਹ ਹੋਈ ਹੈ, ਸਗੋਂ ਕਣਕ ਦੀ ਫ਼ਸਲ ਦੀ ਬਿਜਾਈ ਬਾਰੇ ਵੀ ਉਹ ਸੋਚ ਨਹੀਂ ਸਕਦੇ ਕਿਉਂਕਿ ਖੇਤਾਂ ਵਿੱਚ ਅਜੇ ਵੀ ਪਾਣੀ ਖੜ੍ਹਾ ਹੈ। ਖੇਤਾਂ ਵਿੱਚ ਮਿੱਟੀ ਜਮ?ਹਾਂ ਹੋ ਗਈ ਹੈ। ਚੌਲਾਂ ਨੂੰ ਲੈ ਕੇ ਪੰਜਾਬ ਦੇ ਕੇਂਦਰੀ ਅਨਾਜ ਭੰਡਾਰਨ ਵਿੱਚ 23.7 ਫ਼ੀਸਦੀ ਸੀ। ਹੜ੍ਹਾਂ ਕਾਰਨ ਝੋਨੇ ਦੀ ਹੋਈ ਬਰਬਾਦੀ ਕੌਮੀ ਭੋਜਨ ਸੁਰੱਖਿਆ ਲਈ ਵੀ ਚੁਣੌਤੀ ਹੈ। ਇਸ ਨਾਲ ਪੰਜਾਬ ਦੀ ਹਿੱਸੇਦਾਰੀ ਸੱਤ ਤੋਂ ਅੱਠ ਫ਼ੀਸਦੀ ਘੱਟ ਹੋ ਸਕਦੀ ਹੈ। ਸਿੱਖ ਸੇਵਕ ਸੁਸਾਇਟੀ ਦੇ ਸਕਤਰ ਜਨਰਲ ਪ੍ਰੋ. ਬਲਵਿੰਦਰ ਪਾਲ ਸਿੰਘ ਨੇ ਦੱਸਿਆ ਕਿ ਇਥੇ ਫੌਜ ,ਸਿਖ ਜਥੇਬੰਦੀਆਂ ਬੰਨ੍ਹ ਬੰਨਣ ਦੀ ਸੇਵਾ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਥੇ ਸਥਿਤੀ ਇਹ ਹੈ ਕਿ ਪਾਣੀ ਅਜੇ ਵੀ ਕਿਸਾਨਾਂ ਦੀ ਜ਼ਮੀਨ ਵਿੱਚ ਖੜ੍ਹਾ ਹੈ, ਜਿਸ ਕਰ ਕੇ ਉਨ੍ਹਾਂ ਨੂੰ ਚਿੰਤਾ ਅਗਲੀ ਫ਼ਸਲ ਦੀ ਪੈਦਾ ਹੋ ਗਈ ਹੈ। ਬੇਸ਼ੱਕ ਹੜ੍ਹ ਦਾ ਪਾਣੀ ਹੌਲੀ-ਹੌਲੀ ਉਤਰ ਜਾਵੇਗਾ ਪਰ ਕਰਜ਼ੇ ਦੀ ਪੰਡ ਹੋਰ ਭਾਰੀ ਕਰ ਗਿਆ ਹੈ। ਸਰਕਾਰ ਪੰਥਕ ਜਥੇਬੰਦੀਆਂ ਤੇ ਪ੍ਰਵਾਸੀ ਖਾਲਸਾ ਜੀ ਨੂੰ ਇਨ੍ਹਾਂ ਕਿਸਾਨਾਂ ਦੀ ਸਹਾਇਤਾ ਦੀ ਲੋੜ ਹੈ। ਇਸ ਮੌਕੇ ਸਾਹਿਬ ਸਿੰਘ ਆਰਟਿਸਟ, ਬਲਜੀਤ ਸਿੰਘ ਸਿੱਖ ਮਿਸ਼ਨਰੀ ਕਾਲਜ, ਹਰਦੇਵ ਸਿੰਘ ਗਰਚਾ ਠੇਕੇਦਾਰ, ਗੁਰਪ੍ਰੀਤ ਸਿੰਘ ਰਾਜੂ, ਸੁਖਵਿੰਦਰ ਸਿੰਘ ਦਿੱਲੀ ਪੇਂਟ, ਮਨਦੀਪ ਸਿੰਘ ਪ੍ਰਿੰਸੀਪਲ ਜੀਰੋ ਫੀਸ ਸਕੂਲ ਅਰਿੰਦਰਜੀਤ ਸਿੰਘ ਚਡਾ, ਤੇਜਿੰਦਰ ਸਿੰਘ ਸੰਦੀਪ ਸਿੰਘ ਚਾਵਲਾ ਕਮਲਜੀਤ ਸਿੰਘ ਜਮਸ਼ੇਰ ਆਦਿ ਹਾਜ਼ਰ ਸਨ।

## ਮਹਿੰਦਰ ਕੇਪੀ ਦੇ ਪੁੱਤਰ ਰਿੱਚੀ ਕੇਪੀ ਦੀ ਮੌਤ ਦੇ ਮਾਮਲੇ 'ਚ ਪੁਲਸ ਦੀ ਵੱਡੀ ਕਾਰਵਾਈ

**ਏਜੰਸੀਆਂ**

ਜਲੰਧਰ 27 ਸਤੰਬਰ। ਜਲੰਧਰ ਵਿਚ ਸਾਬਕਾ ਸੰਸਦ ਮੈਂਬਰ ਮਹਿੰਦਰ



ਸਿੰਘ ਕੇਪੀ ਦੇ ਪੁੱਤਰ ਰਿੱਚੀ ਕੇਪੀ ਦੀ ਹੋਈ ਦੁਖ਼ਦਾਈ ਮੌਤ ਨੇ ਸਿਆਸੀ ਜਗਤ ਵਿੱਚ ਵੀ ਹਲਚਲ ਮਚਾ ਦਿੱਤੀ ਹੈ। ਹੁਣ ਜਲੰਧਰ ਕਮਿਸ਼ਨਰੇਟ ਪੁਲਸ ਨੇ ਸ਼ਨੀਵਾਰ ਨੂੰ ਵੱਡੀ ਕਾਰਵਾਈ ਕਰਦੇ ਹੋਏ ਰਿੱਚੀ ਦੀ ਮੌਤ ਦੇ ਸਬੰਧ ਵਿੱਚ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਸ ਅਨੁਸਾਰ ਜੀ. ਟੀ. ਬੀ. ਨਗਰ ਦੇ ਵਸਨੀਕ ਸ਼ਾਨ ਐਂਟਰਪ੍ਰਾਈਜ਼ਿਜ਼ ਦੇ ਮਾਲਕ ਗੁਰਸ਼ਰਨ ਸਿੰਘ ਪ੍ਰਿੰਸ ਦੇ ਦੋ ਰਿਸ਼ਤੇਦਾਰਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਗੁਰਪ੍ਰੀਤ ਸਿੰਘ ਅਤੇ ਤਰਨਜੀਤ ਸਿੰਘ ਵਜੋਂ ਹੋਈ ਹੈ। ਪੁਲਸ ਦਾ ਕਹਿਣਾ ਹੈ ਕਿ ਇਹ ਦੋਵੇਂ ਮੁਲਜ਼ਮ ਕ੍ਰੇਟਾ ਗੱਡੀ ਦੇ ਮਾਲਕ ਪ੍ਰਿੰਸ ਦੀ ਮਦਦ ਕਰ ਰਹੇ ਸਨ ਅਤੇ ਰਿੱਚੀ ਕੇਪੀ ਦੀ ਮੌਤ ਦੇ ਆਲੇ-ਦੁਆਲੇ ਦੀ ਸਾਜ਼ਿਸ਼ ਵਿੱਚ ਫਸੇ ਹੋਏ ਹਨ। ਰਿਪੋਰਟਾਂ ਅਨੁਸਾਰ ਇਹ ਦੋਵੇਂ ਮੁਲਜ਼ਮ ਪ੍ਰਿੰਸ ਦੇ ਸਾਲੇ ਹਨ। ਇਥੇ ਦੱਸਣਯੋਗ ਹੈ ਕਿ ਗੁਰਸ਼ਰਨ ਸਿੰਘ ਪ੍ਰਿੰਸ ਫਰਾਰ ਅਜੇ ਫਰਾਰ ਚੱਲ ਰਿਹਾ ਹੈ ਅਤੇ ਉਸ ਨੂੰ ਲੱਭਣ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਪੁਲਸ ਟੀਮਾਂ ਨੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਉਸ ਦੀ ਭਾਲ ਤੇਜ਼ ਕਰ ਦਿੱਤੀ ਹੈ ਅਤੇ ਜਨਤਾ ਨੂੰ ਜਾਣਕਾਰੀ ਲਈ ਅਪੀਲ ਕਰ ਰਹੀਆਂ ਹਨ। ਜ਼ਿਕਰਯੋਗ ਹੈ ਕਿ 13 ਸਤੰਬਰ ਦੀ ਰਾਤ ਨੂੰ ਮਾਡਲ ਟਾਊਨ ਵਿਚ ਮਾਤਾ ਰਾਣੀ ਚੌਂਕ ਨੇੜੇ ਵਾਪਰੇ ਭਿਆਨਕ ਸੜਕ ਹਾਦਸੇ ਰਿੱਚੀ ਕੇਪੀ ਦੀ ਮੌਤ ਹੋ ਗਈ ਸੀ। ਰਿੱਚੀ ਕੇਪੀ ਆਪਣੀ ਫਾਰਚੂਨਰ ਕਾਰ ਵਿੱਚ ਘਰ ਜਾ ਰਿਹਾ ਸੀ ਅਤੇ ਇਸੇ ਦੌਰਾਨ ਪ੍ਰਿੰਸ ਦੀ ਕ੍ਰੇਟਾ ਕਾਰ ਉਸ ਦੀ ਕਾਰ ਨਾਲ ਟਕਰਾ ਗਈ। ਰਿੱਚੀ ਕੇਪੀ ਦੀ ਮੌਕੇ 'ਤੇ ਹੀ ਮੌਤ ਹੋ ਗਈ। ਘਟਨਾ ਤੋਂ ਤੁਰੰਤ ਬਾਅਦ ਪੁਲਸ ਨੇ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ। ਜਾਂਚ ਦੌਰਾਨ ਇਹ ਸਾਹਮਣੇ ਆਇਆ ਕਿ ਇਹ ਹਾਦਸਾ ਸਿਰਫ਼ ਇਕ ਹਾਦਸਾ ਨਹੀਂ ਸੀ, ਸਗੋਂ ਇਕ ਸੰਭਾਵੀ ਸਾਜ਼ਿਸ਼ ਵੀ ਸੀ। ਇਸ ਲਈ ਪੁਲਸ ਨੇ ਦੋਸ਼ੀ ਪ੍ਰਿੰਸ ਦੇ ਪਰਿਵਾਰਕ ਮੈਂਬਰਾਂ 'ਤੇ ਵੀ ਨਜ਼ਰ ਰੱਖੀ ਅਤੇ ਉਨ੍ਹਾਂ ਵਿਰੁੱਧ ਕਾਰਵਾਈ ਕੀਤੀ। ਅਧਿਕਾਰੀਆਂ ਦਾ ਕਹਿਣਾ ਹੈ ਕਿ ਉਹ ਪ੍ਰਿੰਸ ਨੂੰ ਜਲਦੀ ਤੋਂ ਜਲਦੀ ਫੜਨ ਲਈ ਹਰ ਸੰਭਵ ਤਰੀਕੇ ਦੀ ਭਾਲ ਕਰ ਰਹੇ ਹਨ। ਇਸ ਤੋਂ ਇਲਾਵਾ ਪੂਰੇ ਮਾਮਲੇ ਦਾ ਪਰਦਾਫਾਸ਼ ਕਰਨ ਲਈ ਗ੍ਰਿਫ਼ਤਾਰ ਕੀਤੇ ਗਏ ਦੋਸ਼ੀਆਂ ਤੋਂ ਸਖ਼ਤੀ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

## 'ਕਾਂਗਰਸ ਹੜ੍ਹ ਪੀੜਤਾਂ ਦੀ ਮਦਦ ਨਹੀਂ ਕਰਨਾ ਚਾਹੁੰਦੀ', ਵਿਧਾਨ ਸਭਾ 'ਚ ਹਰਪਾਲ ਚੀਮਾ ਦਾ ਵੱਡਾ ਬਿਆਨ

**ਕੌਮੀ ਪਤ੍ਰਿਕਾ**

ਚੰਡੀਗੜ੍ਹ 27 ਸਤੰਬਰ। ਪੰਜਾਬ ਦੇ ਵਿੱਤ ਮੰਤਰੀ ਹਰਪਾਲ ਚੀਮਾ ਨੇ ਪੰਜਾਬ ਵਿਧਾਨ ਸਭਾ 'ਚ ਹੜ੍ਹਾਂ ਬਾਰੇ ਬੋਲਦਿਆਂ ਕਿਹਾ ਕਿ ਹੜ੍ਹਾਂ ਨੇ ਪੰਜਾਬ ਨੂੰ ਬਹੁਤ ਵੱਡੀ ਮਾਰ ਮਾਰੀ ਹੈ। ਉਨ੍ਹਾਂ ਨੇ ਪ੍ਰਧਾਨ ਮੰਤਰੀ ਮੋਦੀ 'ਤੇ ਨਿਸ਼ਾਨਾ ਵਿੰਨ੍ਹਦਿਆਂ ਕਿਹਾ ਕਿ ਇੰਨੀ ਵੱਡੀ ਤਬਾਹੀ ਲਈ ਸਿਰਫ 1600 ਕਰੋੜ ਰੁਪਏ ਦਾ ਪੈਕਜ ਬਹੁਤ ਵੱਡਾ ਮਜ਼ਾਕ ਹੈ। ਪੰਜਾਬ ਉਹ ਸੂਬਾ ਹੈ, ਜਿਸ ਨੇ ਹਰ ਦੁੱਖ 'ਚ ਦੇਸ਼ ਵਾਸੀਆਂ ਦਾ ਸਾਥ ਦਿੱਤਾ ਪਰ ਅੱਜ ਜਦੋਂ ਪੰਜਾਬ ਨੂੰ ਲੋੜ ਸੀ ਤਾਂ ਭਾਰਤੀ ਜਨਤਾ ਪਾਰਟੀ ਨੇ ਪੰਜਾਬ ਨਾਲ ਧੋਖਾ ਕਮਾਇਆ ਹੈ ਅਤੇ ਪਿੱਠ 'ਚ ਛੁਰਾ ਮਾਰਿਆ ਹੈ। ਉਨ੍ਹਾਂ ਕਿਹਾ ਕਿ ਮਈ 'ਚ ਭਾਰਤ-ਪਾਕਿਸਤਾਨ ਜੰਗ ਦੌਰਾਨ ਡਰੋਨ ਪੰਜਾਬ 'ਤੇ ਹੀ ਡਿੱਗੇ। ਉਨ੍ਹਾਂ ਕਿਹਾ ਕਿ ਛਾਤੀ 'ਤੇ ਗੋਲੀਆਂ ਖਾਣ ਲਈ ਪੰਜਾਬ ਹੈ ਪਰ ਜਦੋਂ ਪੰਜਾਬ 'ਤੇ ਆਈ ਤਾਂ ਸਿਰਫ ਸਾਡੇ ਲਈ 1600 ਕਰੋੜ ਰੁਪਏ ਦਾ ਐਲਾਨ ਕਰ ਦਿੱਤਾ। ਉਨ੍ਹਾਂ ਕਿਹਾ ਕਿ ਇਸ 1600 ਕਰੋੜ ਰੁਪਏ 'ਚੋਂ ਇਕ ਵੀ ਰੁਪਿਆ ਪੰਜਾਬ ਦੇ ਖਜ਼ਾਨੇ 'ਚ ਅਜੇ ਤੱਕ ਨਹੀਂ ਆਇਆ। ਉਨ੍ਹਾਂ ਨੇ ਪ੍ਰਤਾਪ ਸਿੰਘ ਬਾਜਵਾ 'ਤੇ ਤੰਜ ਕੱਸਦਿਆਂ ਕਿਹਾ ਕਿ ਬਿਨਾਂ ਪੜ੍ਹੇ ਹੀ ਬਾਜਵਾ ਸਾਹਿਬ ਇਕਾਨਮੀ ਨੂੰ ਲੈ ਕੇ ਬਿਆਨ ਦੇਣ ਲੱਗ ਜਾਂਦੇ ਹਨ, ਇਸ ਲਈ ਉਹ ਥੋੜ੍ਹਾ-ਬਹੁਤ ਪੜ੍ਹ ਲਿਆ ਕਰਨ। ਉਨ੍ਹਾਂ ਕਿਹਾ ਕਿ ਤੁਸੀਂ ਹਮੇਸ਼ਾ ਪੰਜਾਬ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕੀਤੀ ਹੈ। ਉਨ੍ਹਾਂ ਨੇ ਬਾਜਵਾ ਵਲੋਂ 'ਰੰਗਲਾ ਪੰਜਾਬ' ਨੂੰ ਕੰਗਲਾ ਕਹਿਣ ਅਤੇ ਇਸ 'ਚ ਲੋਕਾਂ ਵਲੋਂ ਫੰਡ ਜਮ?ਹਾਂ ਨਾ ਕਰਾਉਣ ਦੀ ਗੱਲ ਦਾ ਜਵਾਬ ਦਿੰਦਿਆਂ ਕਿਹਾ ਕਿ ਇਹ



ਬਨੇਤੀ ਕਾਂਗਰਸ ਪਾਰਟੀ ਵਲੋਂ ਕੀਤੀ ਗਈ ਹੈ। ਕਾਂਗਰਸ ਪਾਰਟੀ ਲਾਸ਼ਾਂ 'ਤੇ ਸਿਆਸਤ ਕਰਨ ਦੀ ਮਾਹਿਰ ਹੈ। ਇਸ 'ਤੇ ਵਿਰੋਧੀ ਧਿਰ ਨੇ ਸਦਨ ਅੰਦਰ ਰੌਲਾ ਪਾਉਣਾ ਸ਼ੁਰੂ ਕਰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਦੇਸ਼ ਭਰ ਦਾ ਮੀਡੀਆ ਦੇਖ ਕਿਹਾ ਹੈ ਕਿ ਕਾਂਗਰਸ ਪਾਰਟੀ ਨੇ ਦੇਸ਼ ਭਰ ਦੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਪੰਜਾਬ ਅੰਦਰ ਇਕ ਵੀ ਪੈਸਾ ਨਾ ਦਿੱਤਾ ਜਾਵੇ ਅਤੇ ਲੋਕਾਂ ਦੀ ਮਦਦ ਨਾ ਕੀਤੀ ਜਾਵੇ। ਇੱਥੋਂ ਪਤਾ ਲੱਗਦਾ ਹੈ ਕਿ ਕਾਂਗਰਸ ਪੰਜਾਬ ਦੇ ਹੜ੍ਹ ਪੀੜਤਾਂ ਦੀ ਮਦਦ ਨਹੀਂ ਕਰਨਾ ਚਾਹੁੰਦੀ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਸਿਰਫ ਫੋਟੋਸ਼ੂਟ ਕਰਾਉਣ ਦੀ ਆਦੀ ਹੈ। ਉਨ੍ਹਾਂ ਨੇ ਕਾਂਗਰਸੀ ਆਗੂਆਂ 'ਤੇ ਵਰ੍ਹਦਿਆਂ ਕਿਹਾ ਕਿ ਕਾਂਗਰਸ ਨੇ ਭਾਜਪਾ ਨੂੰ ਬਚਾਉਣ ਹੈ ਤਾਂ ਇਹ ਜਾਣ ਲੈਣ ਕਿ ਜਿਹੜੇ 481 ਕਰੋੜ ਦੀ ਗੱਲ ਕਰਦੇ ਹਨ, ਉਹ ਇਕ ਫਰਵਰੀ 2025 ਨੂੰ ਜਦੋਂ ਦੇਸ਼ ਦਾ ਬਜਟ ਪੇਸ਼ ਹੁੰਦਾ ਹੈ ਤੇ ਡਿਜਾਜ਼ਸਟਰ ਮੈਨਜਮੈਂਟ ਐਕਟ ਲਈ ਇਹ ਪੈਸੇ ਰੱਖੇ ਜਾਂਦੇ ਹਨ। 481 ਕਰੋੜ ਸਿਰਫ ਪੰਜਾਬ ਨੂੰ ਨਹੀਂ, ਸਗੋਂ ਇਸ ਵਿੱਚੋਂ ਬਾਕੀ ਸੂਬਿਆਂ ਨੂੰ ਵੀ ਪੈਸੇ ਦਿੱਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਵਿਰੋਧੀਆਂ ਦਾ ਕੰਮ ਸਿਰਫ ਪੰਜਾਬ ਸਰਕਾਰ ਨੂੰ ਭੰਡਣ ਦਾ ਹੈ। ਉਨ੍ਹਾਂ ਕਿਹਾ ਕਿ 2017 ਤੋਂ ਲੈ ਕੇ 2022 ਤੱਕ ਕੇਂਦਰ ਵਲੋਂ 2061 ਰੁਪਏ ਡਿਜਾਜ਼ਸਟਰ ਮੈਨਜਮੈਂਟ ਐਕਟ 'ਚ ਆਏ ਹਨ। ਉਨ੍ਹਾਂ ਕਿਹਾ ਕਿ ਅਸੀਂ ਇਕ ਪਲੇਟਫਾਰਮ 'ਤੇ ਖੜ੍ਹਨ ਦੀ ਬਜਾਏ ਇਕ-ਦੂਜੇ 'ਤੇ ਇਲਜ਼ਾਮ ਲਾਉਣ ਲੱਗ ਗਏ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਨ ਨੇ 31 ਅਗਸਤ ਨੂੰ ਪ੍ਰਧਾਨ ਮੰਤਰੀ ਮੋਦੀ ਨੂੰ ਚਿੱਠੀ ਲਿਖੀ ਸੀ ਕਿ ਪੰਜਾਬ ਦਾ 20 ਹਜ਼ਾਰ ਕਰੋੜ ਰੁਪਏ ਦਾ ਨੁਕਸਾਨ ਹੋ ਗਿਆ ਹੈ। ਹਰਪਾਲ ਚੀਮਾ ਨੇ ਕਿਹਾ ਕਿ ਕਾਂਗਰਸ ਪਾਰਟੀ ਦਾ ਲੋਕ ਵਿਰੋਧੀ ਚਿਹਰਾ ਪੰਜਾਬ ਦੇ ਲੋਕਾਂ ਸਾਹਮਣੇ ਨੰਗਾ ਹੋ ਗਿਆ ਹੈ।